7-FEB-PAGE-1.qxd 2/6/2026 10:48 PM Page 1

ਸ਼ਨੀਵਾਰ, 7 ਫਰਵਰੀ, 2026
25 ਮਾਘ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 248

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • SATURDAY, 7 FEBRUARY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ | Regd. No : L-4/Pb-JL-0023/2024-26, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ

ਖੁਰਾਲਗੜ੍ਹ (ਓ ਪੀ ਰਾਣਾ, ਬਲਬੀਰ ਸੈਣੀ)

ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਮਹਾਨ ਵਿਰਾਸਤ ਪ੍ਰਤੀ ਸ਼ਰਧਾ ਤੇ ਸਤਿਕਾਰ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਨੇ ਗੁਰੂ ਸਾਹਿਬ ਦੇ 650 ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਲੜੀਵਾਰ ਸਮਾਗਮਾਂ ਦੀ ਰਸਮੀ ਤੌਰ ਉਤੇ ਸ਼ੁਰੂਆਤ ਕੀਤੀ। ਇਨ੍ਹਾਂ ਲੜੀਵਾਰ ਸਮਾਗਮਾਂ ਤਹਿਤ 20 ਫਰਵਰੀ, 2027 ਤੱਕ ਸੂਬੇ ਭਰ ਵਿੱਚ ਧਾਰਮਿਕ, ਸੱਭਿਆਚਾਰਕ ਅਤੇ ਅਕਾਦਮਿਕ ਪੱਧਰ ਉਤੇ ਵੱਖ-ਵੱਖ ਉਪਰਾਲੇ ਕੀਤੇ ਜਾਣਗੇ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਨ੍ਹਾਂ ਯਾਦਗਾਰੀ ਸਮਾਗਮਾਂ ਦੀ ਸ਼ੁਰੂਆਤ ਕਰਦਿਆਂ ਕਿਹਾ ਕਿ ਸਾਲ ਭਰ ਸੰਤ ਸੰਮੇਲਨ, ਕਾਨਫਰੰਸਾਂ, ਕਥਾ-ਕੀਰਤਨ ਅਤੇ ਯੂਨੀਵਰਸਿਟੀਆਂ ਵਿੱਚ ਸੈਮੀਨਾਰ ਕਰਵਾਏ ਜਾਣਗੇ। ਇਸ ਦੇ ਨਾਲ ਹੀ ਖੁਰਾਲਗੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਯਾਦਗਾਰ ਦੇ ਵਿਸਥਾਰ ਦਾ ਕਾਰਜ ਅਤੇ ਫਰੀਦਪੁਰ ਵਿਖੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦੀ ਸਥਾਪਨਾ ਸਮੇਤ ਬੁਨਿਆਦੀ ਢਾਂਚੇ ਦੇ ਵੱਡੇ ਪ੍ਰਾਜੈਕਟ ਦਾ ਐਲਾਨ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਨੂੰ ਸਮਰਿਪਤ ਮਹਾਨ ਸਮਾਗਮਾਂ ਅਤੇ ਪ੍ਰਾਜੈਕਟਾਂ ਲਈ ਫੰਡਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਭਰੋਸਾ ਦਿੱਤਾ ਕਿ ਸੰਤ ਸਮਾਜ ਦੇ ਸਾਰੇ ਆਦੇਸ਼ ਪੂਰੀ ਤਰ੍ਹਾਂ ਲਾਗੂ ਕੀਤੇ ਜਾਣਗੇ।

ਸੰਤ ਸਮਾਜ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਵਿਆਪਕ ਪੱਧਰ 'ਤੇ ਸ਼ਰਧਾ ਤੇ ਸਤਿਕਾਰ ਨਾਲ ਮਨਾਉਣ ਲਈ ਕੀਤੇ ਗਏ ਪ੍ਰਬੰਧਾਂ ਤੋਂ ਪ੍ਰਭਾਵਿਤ ਹੁੰਦਿਆਂ ਇਸ ਨੇਕ ਕਾਰਜ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ ਹੈ।

ਸ੍ਰੀ ਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਰਾਜ ਪੱਧਰੀ ਸਮਾਗਮ ਦੌਰਾਨ ਸੰਗਤਾਂ ਨੂੰ ਸੰਬੋਧਨ ਕਰਦਿਆਂ ਸੰਤ ਨਿਰਮਲ ਦਾਸ ਜੌੜੇ ਵਾਲੇ ਨੇ ਕਿਹਾ ਕਿ ਗੁਰੂ ਰਵਿਦਾਸ ਜੀ ਸਾਧੂ ਸੰਪਰਦਾ ਸੁਸਾਇਟੀ, ਪੰਜਾਬ ਸਰਕਾਰ ਖਾਸ ਕਰਕੇ ਮੁੱਖ ਮੰਤਰੀ ਨੂੰ ਵਿਆਪਕ ਪ੍ਰਬੰਧ ਕਰਨ ਲਈ ਵਧਾਈ ਦਿੰਦੀ ਹੈ। ਉਨ੍ਹਾਂ ਕਿਹਾ ਕਿ ਇਹ ਬਹੁਤ ਮਾਣ ਵਾਲੀ ਗੱਲ ਹੈ ਕਿ ਪੰਜਾਬ ਸਰਕਾਰ ਅੱਜ ਇਸ ਧਰਤੀ 'ਤੇ 649ਵਾਂ ਪ੍ਰਕਾਸ਼ ਪੁਰਬ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾ ਰਹੀ ਹੈ।

ਡੇਰਾ ਬੱਲਾਂ ਤੋਂ ਸੰਤ ਪ੍ਰਦੀਪ ਦਾਸ ਨੇ ਕਿਹਾ ਕਿ ਅੱਜ ਇਤਿਹਾਸਕ ਦਿਨ ਹੈ ਕਿਉਂਕਿ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਮੌਕੇ ਮੁੱਖ ਮੰਤਰੀ ਸਮੁੱਚੀ ਕੈਬਨਿਟ ਅਤੇ ਸੰਸਦ ਮੈਂਬਰਾਂ ਨਾਲ ਸ਼ਰਧਾ ਅਤੇ ਸਤਿਕਾਰ ਭੇਟ ਕਰਨ ਲਈ ਖੁਰਾਲਗੜ੍ਹ ਪਹੁੰਚੇ ਹਨ। ਉਨ੍ਹਾ ਕਿਹਾ ਕਿ ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਸਥਾਪਤ ਕਰਨ ਲਈ ਡੇਰਾ ਬੱਲਾਂ ਨੇੜੇ 10 ਏਕੜ ਜ਼ਮੀਨ ਪ੍ਰਦਾਨ ਕੀਤੀ ਹੈ, ਜਿਸ ਲਈ ਉਹ ਸਰਕਾਰ ਦੇ ਧੰਨਵਾਦੀ ਹਨ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਆਉਣ ਵਾਲੇ 650ਵੇਂ ਪ੍ਰਕਾਸ਼ ਪੁਰਬ ਨੂੰ ਧਾਰਮਿਕ ਉਤਸ਼ਾਹ ਨਾਲ ਮਨਾਉਣ ਲਈ ਸਾਲ ਭਰ ਚੱਲਣ ਵਾਲੇ ਲੜੀਵਾਰ ਸਮਾਗਮਾਂ ਦੀ ਰੂਪ-ਰੇਖਾ ਉਲੀਕੀ ਹੈ, ਜੋ ਅੱਜ ਸ਼ੁਰੂ ਹੋਈ ਹੈ। ਉਨ੍ਹਾ ਕਿਹਾ ਕਿ ਇਨ੍ਹਾਂ ਸਮਾਗਮਾਂ ਦੇ ਹਿੱਸੇ ਵਜੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀਆਂ ਮਹਾਨ ਸਿੱਖਿਆਵਾਂ ਨੂੰ ਦੇਸ਼-ਦੁਨੀਆ ਦੇ ਹਰ ਕੋਨੇ ਵਿੱਚ ਪਹੁੰਚਾਇਆ ਜਾਵੇਗਾ। ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਨੇ ਇਨ੍ਹਾਂ ਸਮਾਗਮਾਂ ਲਈ ਕੈਬਨਿਟ ਸਬ-ਕਮੇਟੀ ਬਣਾਈ ਹੈ, ਜਿਸ ਦੀ ਅਗਵਾਈ ਉਨ੍ਹਾਂ ਨੂੰ ਸੌਂਪੀ ਗਈ ਅਤੇ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਵੀ ਸੰਗਤ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੀ ਸ਼ਾਨਦਾਰ ਵਿਰਾਸਤ ਨੂੰ ਆਉਣ ਵਾਲੀਆਂ ਪੀੜ੍ਹੀਆਂ ਤੱਕ ਪਹੁੰਚਾਉਣ ਲਈ ਵਚਨਬੱਧ ਹੈ।

ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕਿਸ਼ਨ ਰੋੜੀ ਨੇ ਸ੍ਰੀ ਖੁਰਾਲਗੜ੍ਹ ਸਾਹਿਬ ਦੀ ਪਵਿੱਤਰ ਧਰਤੀ ਤੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 649ਵੇਂ ਪ੍ਰਕਾਸ਼ ਪੁਰਬ ਦੇ ਮੌਕੇ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਸ਼ੁਰੂਆਤ ਕਰਨ ਲਈ ਮੁੱਖ ਮੰਤਰੀ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਤੋਂ ਪਹਿਲਾਂ ਮੁੱਖ ਮੰਤਰੀ ਅਤੇ ਸਮੁੱਚੀ ਕੈਬਨਿਟ ਨੇ ਸੰਗਤੀ ਰੂਪ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਬਾਅਦ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ। ਮੁੱਖ ਮੰਤਰੀ ਅਤੇ ਕੈਬਨਿਟ ਨੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਤਪ ਅਸਥਾਨ 'ਤੇ ਵੀ ਮੱਥਾ ਟੇਕਿਆ।

ਆਤਮਘਾਤੀ ਧਮਾਕੇ 'ਚ 31 ਮੌਤਾਂ, 169 ਜ਼ਖ਼ਮੀ

ਇਸਲਾਮਾਬਾਦ : ਤਰਲਾਈ ਖੇਤਰ ਵਿੱਚ ਇਮਾਮ ਬਰਗਾਹ ਕਸਰ-ਏ-ਖਾਦੀਜਾਤੁਲ ਕੁਬਰਾ ਵਿੱਚ ਸ਼ੁੱਕਰਵਾਰ ਦੀ ਨਮਾਜ਼ ਦੌਰਾਨ ਆਤਮਘਾਤੀ ਧਮਾਕੇ ਵਿੱਚ 31 ਲੋਕ ਮਾਰੇ ਤੇ 169 ਜ਼ਖ਼ਮੀ ਹੋ ਗਏ। ਪਾਕਿਸਤਾਨੀ ਮੀਡੀਆ ਦੀ ਰਿਪੋਰਟ ਅਨੁਸਾਰ ਜ਼ਖਮੀਆਂ ਨੂੰ ਪਾਕਿਸਤਾਨ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਜ਼ (ਪੀ ਆਈ ਐੱਮ ਐੱਸ) ਅਤੇ ਪੌਲੀਕਲੀਨਿਕ ਸਮੇਤ ਨੇੜਲੇ ਹਸਪਤਾਲਾਂ ਵਿੱਚ ਲਿਜਾਇਆ ਗਿਆ। ਚਸ਼ਮਦੀਦਾਂ ਨੇ ਕਿਹਾ ਕਿ ਇਹ ਧਮਾਕਾ ਇਮਾਮ ਬਰਗਾਹ ਦੇ ਮੁੱਖ ਦਰਵਾਜ਼ੇ ਨੇੜੇ ਹੋਇਆ। ਇਸ ਸੰਬੰਧੀ ਸੋਸ਼ਲ ਮੀਡੀਆ 'ਤੇ ਵੀਡੀਓਜ਼ ਵਾਇਰਲ ਹੋਈਆਂ ਹਨ, ਜਿਸ ਵਿੱਚ ਧਮਾਕੇ ਤੋਂ ਬਾਅਦ ਨੁਕਸਾਨੀਆਂ ਗਈਆਂ ਇਮਾਰਤਾਂ, ਟੁੱਟੇ ਹੋਏ ਸ਼ੀਸ਼ੇ ਅਤੇ ਸ਼ਰਧਾਲੂਆਂ ਅਤੇ ਸਥਾਨਕ ਨਿਵਾਸੀਆਂ ਨੂੰ ਜ਼ਖਮੀਆਂ ਦੀ ਮਦਦ ਕਰਦੇ ਦਿਖਾਇਆ ਗਿਆ ਹੈ। ਮੁੱਢਲੀ ਜਾਣਕਾਰੀ ਤੋਂ ਪਤਾ ਲੱਗਿਆ ਹੈ ਕਿ ਇੱਕ ਆਤਮਘਾਤੀ ਹਮਲਾਵਰ ਨੇ ਖੇਤਰ ਵਿੱਚ ਦਾਖਲ ਹੋਣ ਦੀ ਕੋਸ਼ਿਸ਼ ਕੀਤੀ ਪਰ ਸੁਰੱਖਿਆ ਗਾਰਡਾਂ ਵੱਲੋਂ ਰੋਕੇ ਜਾਣ ਤੋਂ ਬਾਅਦ ਉਸ ਨੇ ਗੇਟ 'ਤੇ ਆਤਮਘਾਤੀ ਬੰਬ ਦਾ ਬਟਨ ਦਬਾ ਦਿੱਤਾ।

ਨਵਜੋਤ ਕੌਰ ਸਿੱਧੂ ਨੂੰ ਕਾਂਗਰਸ ਵਿੱਚੋਂ ਕੱਢਿਆ

ਚੰਡੀਗੜ੍ਹ : ਕਾਂਗਰਸ ਨੇ ਨਵਜੋਤ ਕੌਰ ਸਿੱਧੂ ਨੂੰ ਪਾਰਟੀ ਵਿੱਚੋਂ ਕੱਢ ਦਿੱਤਾ ਹੈ। ਪੰਜਾਬ ਕਾਂਗਰਸ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਨੇ ਨਵਜੋਤ ਕੌਰ ਸਿੱਧੂ ਨੂੰ ਪਾਰਟੀ ਵਿੱਚੋਂ ਕੱਢਣ ਦਾ ਐਲਾਨ ਕੀਤਾ ਹੈ। ਜ਼ਿਕਰਯੋਗ ਹੈ ਕਿ ਇਕ ਹਫਤਾ ਪਹਿਲਾਂ ਕਾਂਗਰਸੀ ਆਗੂ ਅਤੇ ਸਾਬਕਾ ਵਿਧਾਇਕ ਡਾ. ਨਵਜੋਤ ਕੌਰ ਸਿੱਧੂ ਨੇ ਕਾਂਗਰਸ ਪਾਰਟੀ ਛੱਡਣ ਦਾ ਐਲਾਨ ਕੀਤਾ ਸੀ। ਉਨ੍ਹਾਂ ਇਹ ਜਾਣਕਾਰੀ ਸੋਸ਼ਲ ਮੀਡੀਆ 'ਤੇ ਪੋਸਟ ਪਾ ਕੇ ਨਸ਼ਰ ਕੀਤੀ ਸੀ। ਉਨ੍ਹਾਂ ਪਾਰਟੀ ਦੇ ਸੀਨੀਅਰ ਆਗੂਆਂ 'ਤੇ ਭ੍ਰਿਸ਼ਟਾਚਾਰ ਦੇ ਗੰਭੀਰ ਦੋਸ਼ ਲਾਏ ਸਨ ਤੇ 500 ਕਰੋੜ ਰੁਪਏ ਦੇ ਅਟੈਚੀ ਦੇ ਬਿਆਨ ਕਾਰਨ ਉਨ੍ਹਾਂ ਨੂੰ ਪਹਿਲਾਂ ਹੀ ਕਾਂਗਰਸ ਪਾਰਟੀ ਤੋਂ ਮੁਅੱਤਲ ਕਰ ਦਿੱਤਾ ਗਿਆ ਸੀ। ਡਾ. ਸਿੱਧੂ ਨੇ ਆਪਣੇ ਟਵੀਟ ਵਿੱਚ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ 'ਤੇ ਕਥਿਤ ਤੌਰ 'ਤੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮਿਲੀਭੁਗਤ ਕਰਕੇ ਕਾਂਗਰਸ ਨੂੰ ਕਮਜ਼ੋਰ ਅਤੇ ਤਬਾਹ ਕਰਨ ਦਾ ਦੋਸ਼ ਲਗਾਇਆ। ਉਨ੍ਹਾਂ ਦੋਸ਼ ਲਗਾਇਆ ਕਿ ਪੰਜਾਬ ਵਿੱਚ ਪਾਰਟੀ ਦੀ ਹਾਰ ਤੇ ਪਤਨ ਦਾ ਕਾਰਨ ਚੋਣਾਂ ਨਹੀਂ, ਬਲਕਿ ਅੰਦਰੂਨੀ ਖਿੱਚੋਤਾਣ ਹੈ।

ਪਾਰਟੀ ਵਿੱਚੋਂ ਕੱਢੇ ਜਾਣ ਤੋਂ ਬਾਅਦ ਡਾ. ਨਵਜੋਤ ਕੌਰ ਸਿੱਧੂ ਨੇ ਰਾਹੁਲ ਗਾਂਧੀ ਨੂੰ ਪੱਪੂ ਦੱਸਦਿਆਂ ਕਿਹਾ ਹੈ ਕਿ 'ਪੱਪੂ' ਨੇ ਆਖਰਕਾਰ ਆਪਣੇ ਨਾਂਅ 'ਤੇ ਮੋਹਰ ਲਗਾ ਦਿੱਤੀ ਹੈ। ਉਹ ਆਪਣੇ ਆਪ ਨੂੰ ਇਕੱਲਾ ਇਮਾਨਦਾਰ ਅਤੇ ਗਿਆਨਵਾਨ ਸਮਝਦਾ ਹੈ, ਜਦੋਂ ਕਿ ਉਹ ਜ਼ਮੀਨੀ ਹਕੀਕਤਾਂ ਤੋਂ ਪੂਰੀ ਤਰ੍ਹਾਂ ਅਣਜਾਣ ਹੈ। ਉਸਦੇ ਨਜ਼ਦੀਕੀ ਲੋਕ ਉਸ ਨੂੰ ਹਕੀਕਤ ਤੋਂ ਦੂਰ ਰੱਖਦੇ ਹਨ ਅਤੇ ਕਿਸੇ ਵੀ ਫੈਸਲੇ ਤੋਂ ਪਹਿਲਾਂ ਹੀ ਟਿਕਟਾਂ ਵੇਚ ਕੇ ਐਸ਼-ਆਰਾਮ ਦੀ ਜ਼ਿੰਦਗੀ ਜਿਊ ਰਹੇ ਹਨ। ਉਸਨੂੰ ਕਿਸੇ ਵੀ ਐਮਰਜੈਂਸੀ ਕਾਲ 'ਤੇ ਕੋਈ ਅਹਿਮ ਫੈਸਲਾ ਲੈਣ 'ਚ 6 ਮਹੀਨੇ ਲੱਗ ਜਾਂਦੇ ਹਨ, ਜਿਸ ਕਾਰਨ ਨੁਕਸਾਨ ਹੋਣਾ ਲਾਜ਼ਮੀ ਹੋ ਜਾਂਦਾ ਹੈ। ਉਸਨੇ ਆਪਣੇ ਟਵੀਟ ਵਿੱਚ ਸਵਾਲ ਕਰਦਿਆਂ ਪੁੱਛਿਆ ਕਿ ਕੀ ਇਸ ਆਗੂ ਦੇ

• ਬਾਕੀ ਸਫਾ 2 'ਤੇ

ਰੈਪੋ ਰੇਟ 5.25 ਫੀਸਦੀ ਹੀ ਰੱਖਣ ਦਾ ਫੈਸਲਾ

ਮੁੰਬਈ : ਭਾਰਤੀ ਰਿਜ਼ਰਵ ਬੈਂਕ ਦੀ ਮੁਦਰਾ ਨੀਤੀ ਕਮੇਟੀ ਨੇ ਤਿੰਨ ਦਿਨ ਚੱਲੀ ਬੈਠਕ ਤੋਂ ਬਾਅਦ ਸ਼ੁੱਕਰਵਾਰ ਰੈਪੋ ਰੇਟ ਵਿੱਚ ਕੋਈ ਬਦਲਾਅ ਨਾ ਕਰਨ ਦਾ ਫੈਸਲਾ ਲਿਆ। ਬੈਂਕ ਦੇ ਗਵਰਨਰ ਸੰਜੇ ਮਲਹੋਤਰਾ ਨੇ ਦੱਸਿਆ ਕਿ ਰੈਪੋ ਰੇਟ 5.25 ਫੀਸਦੀ 'ਤੇ ਹੀ ਕਾਇਮ ਰਹੇਗਾ। ਉਨ੍ਹਾ ਉਮੀਦ ਜਤਾਈ ਕਿ ਵਿੱਤੀ ਸਾਲ 2025-26 ਵਿੱਚ ਅਸਲ ਜੀ ਡੀ ਪੀ ਵਿਕਾਸ ਦਰ 7.4 ਫੀਸਦੀ ਰਹੇਗੀ, ਜੋ ਪਿਛਲੇ ਸਾਲ ਨਾਲੋਂ ਵੱਧ ਹੈ। ਵਿਸ਼ਵਵਿਆਪੀ ਚੁਣੌਤੀਆਂ ਦੇ ਬਾਵਜੂਦ ਨਿੱਜੀ ਖਪਤ ਅਤੇ ਸਥਿਰ ਨਿਵੇਸ਼ ਨੇ ਆਰਥਕ ਵਿਕਾਸ ਨੂੰ ਮਜ਼ਬੂਤੀ ਪ੍ਰਦਾਨ ਕੀਤੀ ਹੈ।

ਬੈਂਕ ਦੇ ਬਾਹਰ ਜੋੜੇ ਕੋਲੋਂ 19 ਲੱਖ ਰੁਪਏ ਲੁੱਟੇ

ਜਲੰਧਰ (ਸੁਰਿੰਦਰ ਕੁਮਾਰ)-ਸ਼ੁੱਕਰਵਾਰ ਸਵੇਰ ਵੇਲੇ ਪਾਸ਼ ਇਲਾਕੇ ਅਰਬਨ ਅਸਟੇਟ ਫੇਜ਼-2 ਵਿੱਚ ਐਚ.ਡੀ.ਐਫ.ਸੀ. ਬੈਂਕ ਦੇ ਬਾਹਰ ਮੋਟਰਸਾਈਕਲ ਸਵਾਰ ਲੁਟੇਰੇ ਇੱਕ ਕਾਰ ਸਵਾਰ ਜੋੜੇ ਕੋਲੋਂ 19.10 ਲੱਖ ਰੁਪਏ ਦੀ ਨਕਦੀ ਵਾਲਾ ਬੈਗ ਖੋਹ ਕੇ ਫ਼ਰਾਰ ਹੋ ਗਏ।ਪੀੜਤ ਔਰਤ ਨੇ ਦੱਸਿਆ ਕਿ ਜਦੋਂ ਉਸ ਦਾ ਪਤੀ ਕਾਰ ਪਾਰਕ ਕਰ ਰਿਹਾ ਸੀ, ਤਾਂ ਦੋ ਮੋਟਰਸਾਈਕਲ ਸਵਾਰ ਨੌਜਵਾਨ ਆਏ। ਉਨ੍ਹਾਂ ਨੇ ਔਰਤ ਦੇ ਹੱਥ 'ਤੇ ਕੋਈ ਤਿੱਖੀ ਚੀਜ਼ ਮਾਰ ਕੇ ਉਸ ਨੂੰ ਜ਼ਖਮੀ ਕਰ ਦਿੱਤਾ ਅਤੇ ਉਸ ਦੇ ਹੱਥ ਵਿੱਚ ਫੜਿਆ ਨਕਦੀ ਵਾਲਾ ਬੈਗ ਖੋਹ ਲਿਆ। ਪੀੜਤ ਪਰਿਵਾਰ ਦੀ ਆਰਟੀਫਿਸ਼ੀਅਲ ਜਿਊਲਰੀ ਦੀ ਦੁਕਾਨ ਹੈ। ਉਨ੍ਹਾਂ ਨੇ ਸਵੇਰੇ ਵਿਜੇ ਨਗਰ ਫੁੱਟਬਾਲ ਚੌਕ ਸਥਿਤ ਬੈਂਕ ਵਿੱਚੋਂ 17.10 ਲੱਖ ਰੁਪਏ ਕਢਵਾਏ ਸਨ ਅਤੇ 2 ਲੱਖ ਰੁਪਏ ਘਰੋਂ ਲੈ ਕੇ ਆਏ ਸਨ। ਉਨ੍ਹਾਂ ਨੇ ਇਹ ਪੈਸੇ ਕਿਸੇ ਨੂੰ ਦੇਣੇ ਸਨ।ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ 7 ਦੇ ਐਸ.ਐਚ.ਓ. ਬਲਵਿੰਦਰ ਸਿੰਘ ਪੁਲਿਸ ਟੀਮ ਸਮੇਤ ਮੌਕੇ 'ਤੇ ਪਹੁੰਚੇ। ਪੁਲਿਸ ਵੱਲੋਂ ਇਲਾਕੇ ਵਿੱਚ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ।

ਪੱਤਰਕਾਰਾਂ ਲਈ ਸੂਚਨਾ

'ਨਵਾਂ ਜ਼ਮਾਨਾ' ਦੇ ਜਿਨ੍ਹਾਂ ਪ੍ਰਤੀਨਿਧਾਂ ਦੇ ਸ਼ਨਾਖਤੀ ਕਾਰਡ ਦੀ ਮਿਆਦ 31 ਮਾਰਚ 2026 ਨੂੰ ਲੰਘ ਰਹੀ ਹੈ, ਉਨ੍ਹਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਹ ਆਪਣੇ ਕਾਰਡ 'ਨਵਾਂ ਜ਼ਮਾਨਾ' ਦਫਤਰ ਆ ਕੇ ਬਾਅਦ ਦੁਪਹਿਰ 31 ਮਾਰਚ ਤੋਂ ਪਹਿਲਾਂ-ਪਹਿਲਾਂ ਰੀਨਿਊ ਕਰਵਾਉਣ। ਪਿਛਲੇ ਸਾਲ ਦੀ ਅਧਿਕਾਰਤ ਪੱਤਰ ਦੀ ਕਾਪੀ ਨਾਲ ਲਿਆਉਣ।

-ਮੈਨੇਜਰ

ਅੱਜ-ਨਾਮਾ

ਬਾਹਰ ਕਾਬੂ ਤੋਂ ਅਮਨ-ਕਾਨੂੰਨ ਲੱਗਦਾ,
ਦਹਿਸ਼ਤ ਗੈਂਗਾਂ ਨੇ ਜਾਪਦੀ ਪਾਈ ਮੀਆਂ।
ਕਰ ਕੇ ਫਾਇਰ ਫੋਕੇ ਕਿਤੇ ਨਿਕਲ ਜਾਂਦੇ,
ਆਉਂਦੀ ਖਬਰ ਕਿ ਗੋਲੀ ਚਲਾਈ ਮੀਆਂ।
ਕਿਧਰੇ ਵਿੱਚ ਬਾਜ਼ਾਰ ਆ ਭਿੜਨ ਲੱਗਦੇ,
ਮਿਥ ਕੇ ਜਾਂਦੇ ਆ ਕਰਨ ਲੜਾਈ ਮੀਆਂ।
ਜੰਮੂ-ਕਸ਼ਮੀਰ ਤੋਂ ਕੇਰਲਾ ਤੀਕ ਇਹੀਓ,
ਰਹਿੰਦੀ ਖਬਰ ਤਾਂ ਨਿੱਤ ਹੀ ਆਈ ਮੀਆਂ।
ਸਿਆਸਤ ਆਪਣੀ ਥਾਂ ਸਰਗਰਮ ਰਹਿੰਦੀ,
ਦੂਸ਼ਣ ਲਾਉਣ ਦੀ ਖੇਡ ਰਹੀ ਚੱਲ ਮੀਆਂ।
ਧਿਰ ਨਹੀਂ ਕੋਈ ਵੀ ਕਦੇ ਗੰਭੀਰ ਲੱਗਦੀ,
ਕਿਹੜਾ ਕੱਢੂਗਾ ਮੁਸ਼ਕਲ ਦਾ ਹੱਲ ਮੀਆਂ।

-ਤੀਸ ਮਾਰ ਖਾਂ

ਮਾਇਆਵਤੀ ਵੱਲੋਂ 'ਘੂਸਖ਼ੋਰ ਪੰਡਿਤ' ਫ਼ਿਲਮ 'ਤੇ ਪਾਬੰਦੀ ਦੀ ਮੰਗ

ਲਖਨਊ : ਬਸਪਾ ਮੁਖੀ ਮਾਇਆਵਤੀ ਨੇ ਸ਼ੁੱਕਰਵਾਰ ਨੂੰ ਫਿਲਮ 'ਘੂਸਖ਼ੋਰ ਪੰਡਿਤ' ਵਿੱਚ ਬ੍ਰਾਹਮਣ ਭਾਈਚਾਰੇ ਦੀ ਕਥਿਤ ਬੇਅਦਬੀ ਦੀ ਨਿਖੇਧੀ ਕੀਤੀ ਅਤੇ ਮੰਗ ਕੀਤੀ ਕਿ ਕੇਂਦਰ ਸਰਕਾਰ ਇਸ 'ਜਾਤੀਵਾਦੀ' ਫ਼ਿਲਮ 'ਤੇ ਤੁਰੰਤ ਪਾਬੰਦੀ ਲਗਾਵੇ। ਆਪਣੇ ਅਧਿਕਾਰਤ ਐਕਸ

7-FEB-PAGE-1.qxd 2/6/2026 10:49 PM Page 2

ਤੀਰਥ ਯਾਤਰਾ ਸਕੀਮ ਤਹਿਤ ਡਰਾਅ ਕੱਢਿਆ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਹਲਕਾ ਫਤਿਹਗੜ੍ਹ ਸਾਹਿਬ ਦੇ ਅਧੀਨ ਆਉਂਦੇ ਪਿੰਡ ਫਿਰੋਜ਼ਪੁਰ ਵਿਖੇ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਦੇ ਤਹਿਤ ਮੋਹਤਵਰ ਵਿਅਕਤੀਆਂ ਦੀ ਹਾਜ਼ਰੀ ਦੇ ਵਿੱਚ ਡਰਾਅ ਕੱਢਿਆ ਗਿਆ।ਇਸ ਸਬੰਧੀ ਪੰਚਾਇਤ ਅਫਸਰ ਮਾਨ ਸਿੰਘ ਨੇ ਦੱਸਿਆ ਕਿ ਪਿੰਡ ਫਿਰੋਜ਼ਪੁਰ ਵਿਖੇ ਤੀਰਥ ਯਾਤਰਾ ਸਕੀਮ ਤਹਿਤ ਯਾਤਰਾ ਤੇ ਜਾਣ ਵਾਲੇ ਵਿਅਕਤੀਆਂ ਲਈ ਡਰਾਅ ਕੱਢਿਆ ਗਿਆ ਸੀ।ਜਿਸ ਵਿੱਚ ਬੂਥ ਨੰਬਰ ਇੱਕ ਦਾ ਡਰਾਅ ਨਿਕਲਿਆ ਹੈ।ਬੂਥ ਨੰਬਰ ਇੱਕ ਦੇ 40 ਵਿਅਕਤੀ ਹਰਿਮੰਦਰ ਸਾਹਿਬ, ਦੁਰਗਿਆਨਾ ਮੰਦਰ, ਵਾਲਮੀਕੀ ਤੀਰਥ ਅੰਮ੍ਰਿਤਸਰ ਅਤੇ ਬਾਘਾ ਬਾਰਡਰ ਵਿਖੇ ਯਾਤਰਾ ਕਰਨਗੇ।ਯਾਤਰਾ ਦੌਰਾਨ ਰਹਿਣ ਅਤੇ ਖਾਣ ਪੀਣ ਦਾ ਪ੍ਰਬੰਧ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ।ਵਾਪਸੀ ਉਪਰੰਤ ਯਾਤਰਾ ਕਰਨ ਵਾਲਿਆਂ ਨੂੰ ਤੋਹਫੇ ਵੀ ਦਿੱਤੇ ਜਾਣਗੇ।ਪਿੰਡ ਦੇ ਸਰਪੰਚ ਪ੍ਰਹਲਾਦ ਸਿੰਘ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਅਤੇ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਦੇ ਧੰਨਵਾਦੀ ਹਨ ਜਿਨਾਂ ਦੇ ਯਤਨਾਂ ਸਦਕਾ ਪਿੰਡ ਫਰੋਜਪੁਰ ਦੇ ਵਿਅਕਤੀਆਂ ਨੂੰ ਤੀਰਥ 'ਤੇ ਜਾਣ ਦਾ ਮੌਕਾ ਮਿਲਿਆ ਹੈ। ਉਹਨਾਂ ਕਿਹਾ ਕਿ ਉਹ ਵਿਧਾਇਕ ਲਖਬੀਰ ਸਿੰਘ ਰਾਏ ਦੇ ਹਮੇਸ਼ਾ ਰਿਣੀ ਰਹਿਣਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪੀਏ ਸਤੀਸ਼ ਕੁਮਾਰ, ਸੁਖਪ੍ਰੀਤ ਕੌਰ ਬਲਾਕ ਸੰਮਤੀ ਮੈਂਬਰ, ਫਿਰੋਜ਼ਪੁਰ ਦੇ ਸਰਪੰਚ ਪ੍ਰਹਲਾਦ ਸਿੰਘ, ਪ੍ਰਿਤਪਾਲ ਸਿੰਘ ਜੱਸੀ, ਗੁਰਦਰਸ਼ਨ ਸਿੰਘ ਹਨੀ, ਵੀ ਐਸ ਐਸ ਬਹਾਦਰ ਜਲਾਲ, ਲਟੌਰ ਦੇ ਸਰਪੰਚ ਰੋਹਿਤ ਸਿੰਗਲਾ ਅਤੇ ਹਰਬੰਸ ਸਿੰਘ ਵੀ ਹਾਜ਼ਰ ਸਨ।

ਮੁੱਲਾਂਪੁਰ ਮੰਡਲ ਸਰਕਲ ਦਾਖਾ ਵਿੱਚ 10 ਪਰਵਾਰ ਭਾਜਪਾ 'ਚ ਹੋਏ ਸ਼ਾਮਲ

ਜਗਰਾਉਂ (ਅਮਿਤ ਖੰਨਾ)-ਮੁੱਲਾਪੁਰ ਮੰਡਲ ਸਰਕਲ ਦਾਖਾ ਵਿੱਚ ਭਾਜਪਾ ਜ਼ਿਲਾ ਪ੍ਰਧਾਨ ਡਾ:ਰਾਜਿੰਦਰ ਸ਼ਰਮਾ ਅਤੇ ਮੰਡਲ ਪ੍ਰਧਾਨ ਕਿਸਾਨ ਮੋਰਚਾ ਜਗਰਾਉਂ ਗੁਰਤੇਜ ਸਿੰਘ ਗੇਜਾ ਤੇ ਸਕੱਤਰ ਹਰਪ੍ਰੀਤ ਸਿੰਘ ਝੱਜ ਦੀ ਪ੍ਰੇਰਣਾ ਸਦਕਾ, ਦਾਖਾ ਮੰਡਲ ਪ੍ਰਧਾਨ ਕੁਲਵੰਤ ਸਿੰਘ ਭੱਟੀ ਦੀ ਹਾਜ਼ਰੀ ਵਿਚ ਪਾਰਟੀ ਦੀਆਂ ਨੀਤੀਆਂ ਤੋ ਖੁਸ਼ ਹੋ ਕੇ ਦਾਖਾ ਦੇ 10 ਪਰਿਵਾਰ ਭਾਜਪਾ ਵਿੱਚ ਸ਼ਾਮਿਲ ਹੋ ਗਏ ਇਸ ਸਮੇ ਜ਼ਿਲਾ ਮੀਤ ਪ੍ਰਧਾਨ ਸੰਜੀਵ ਢੰਡ,ਜ਼ਿਲਾ ਯੁਵਾ ਮੋਰਚਾ ਪ੍ਰਧਾਨ ਸ਼ੁਭਮ ਮੁੱਲਾਂਪੁਰ, ਸਾਬਕਾ ਸਰਕਲ ਪ੍ਰਧਾਨ ਦਾਖਾ ਬਾਲ ਕ੍ਰਿਸ਼ਨ,ਜ਼ਿਲਾ ਐਗਜ਼ੀਕਿਊਟਿਵ ਮੈਂਬਰ ਪਵਨ ਸੇਠੀ ਮੰਡਲ ਜਨਰਲ ਸਕੱਤਰ ਸੁਰੇਸ਼ ਸੇਠੀ ਅਤੇ ਅਜੀਤ ਪਾਲ ਸਿੰਘ ਅਤੇ ਮੰਡਲ ਦਾਖਾ ਦੀ ਪੂਰੀ ਟੀਮ ਹਾਜ਼ਰ ਸੀ। ਪਾਰਟੀ ਵਿੱਚ ਸ਼ਾਮਿਲ ਹੋਣ ਵਾਲੇ ਪਰਿਵਾਰ ਹਰਿਮੰਦਰ ਸਿੰਘ ਪਰਵਿੰਦਰਜੀਤ ਸਿੰਘ ਹਰਚਰਨ ਸਿੰਘ ਸੁਖਮਿੰਦਰ ਸਿੰਘ ਕੁਲਦੀਪ ਸਿੰਘ ਰਾਮਰਾਜ ਮੋਰੀਆ ਗਗਨਦੀਪ ਸਿੰਘ ਮੇਵਾ ਆਦਿ ਸ਼ਾਮਿਲ ਹਨ।

ਕਿਸਾਨ ਯੂਨੀਅਨ ਲੱਖੋਵਾਲ ਦਾ ਜਥਾ ਦਰਬਾਰ ਸਾਹਿਬ ਵਿਖੇ ਨਤਮਸਤਕ ਹੋਵੇਗਾ

ਸਮਰਾਲਾ (ਸੁਰਜੀਤ ਸਿੰਘ)-ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਦੀ ਪ੍ਰਧਾਨਗੀ ਹੇਠ ਵੀਰਵਾਰ ਨੂੰ ਮੀਟਿੰਗ ਕੀਤੀ ਗਈ, ਜਿਸ ਵਿੱਚ ਲੋਕਾਂ ਨਾਲ ਜਨਤਕ ਸੰਘਰਸ਼ ਵਿੱਢਣ ਲਈ ਤਾਲਮੇਲ ਮੁਹਿਮ ਸ਼ੁਰੂ ਕਰਨ ਤੋਂ ਪਹਿਲਾਂ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਅਰਦਾਸ ਕਰਨ ਲਈ ਰਵਾਨਾ ਹੋਣ ਬਾਰੇ ਵਿਚਾਰਾਂ ਕੀਤੀਆਂ ਗਈਆਂ।ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਸੂਬਾ ਪ੍ਰਧਾਨ ਹਰਿੰਦਰ ਸਿੰਘ ਲੱਖੋਵਾਲ ਨੇ ਕਿਹਾ ਕਿ ਪੰਜਾਬ ਦੀ ਧਰਤੀ ਹੇਠਲਾ ਪਾਣੀ ਪੂਰੀ ਤਰ੍ਹਾਂ ਪਲੀਤ ਹੋ ਚੁੱਕਾ ਹੈ, ਜਿਸ ਦੀ ਦੂਸਰੀ ਤਹਿ ਵਿੱਚੋਂ ਵੀ ਪਾਣੀ ਜਲਦ ਖਤਮ ਹੋ ਜਾਵੇਗਾ ਅਤੇ ਤੀਸਰੀ ਤਹਿ ਵਿੱਚ ਵੱਡੀ ਪੱਧਰ ਉੱਤੇ ਯੂਰੇਨੀਅਮ, ਲੈਡ, ਫਲੋਰਾਈਡ, ਆਰਸੀਨਿਕਸ, ਭਾਰੇ ਮੈਟਲ ਅਤੇ ਨਾਈਟ੍ਰੇਟਸ ਹਨ, ਜੋ ਪਾਣੀ ਪੀਣ ਲਈ ਅਤੇ ਖੇਤੀ ਲਈ ਬਿਲਕੁੱਲ ਵੀ ਠੀਕ ਨਹੀਂ ਹੈ, ਜਿਸ ਦੀ ਵਰਤੋਂ ਨਾਲ ਪੂਰਾ ਪੰਜਾਬ ਕੈਂਸਰ ਦੀ ਚਪੇਟ ਵਿੱਚ ਆ ਜਾਵੇਗਾ।ਇਸ ਮੌਕੇ ਜਨਰਲ ਸਕੱਤਰ ਪਰਮਿੰਦਰ ਸਿੰਘ ਪਾਲ ਮਾਜਰਾ ਅਤੇ ਜਿਲਾ ਪ੍ਰਧਾਨ ਮਨਜੀਤ ਸਿੰਘ ਢੀਂਡਸਾ ਤੋਂ ਇਲਾਵਾ ਹੋਰ ਕਿਸਾਨ ਆਗੂ ਮੌਜੂਦ ਰਹੇ।

ਸਪੀਕਰ ਸੰਧਵਾਂ ਵੱਲੋਂ ਮਾਤਾ ਚਰਨਜੀਤ ਕੌਰ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

ਫਰੀਦਕੋਟ (ਐਲਿਗਜੈਂਡਰ ਡਿਸੂਜਾ)-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਆਮ ਆਦਮੀ ਪਾਰਟੀ ਕਿਸਾਨ ਵਿੰਗ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਸ. ਗੁਰਸੇਵਕ ਸਿੰਘ ਸਾਦਿਕ ਦੀ ਸਤਿਕਾਰਤ ਮਾਤਾ, ਮਾਤਾ ਚਰਨਜੀਤ ਕੌਰ ਦੇ ਅਚਾਨਕ ਹੋਏ ਦਿਹਾਂਤ 'ਤੇ ਡੂੰਘੇ ਅਫ਼ਸੋਸ ਦਾ ਪ੍ਰਗਟਾਵਾ ਕੀਤਾ ਹੈ।ਆਪਣੇ ਸ਼ੋਕ ਸੰਦੇਸ਼ ਵਿੱਚ ਸਪੀਕਰ ਸੰਧਵਾਂ ਨੇ ਕਿਹਾ ਕਿ ਮਾਂ ਵਰਗਾ ਨਿੱਘ ਅਤੇ ਪਿਆਰ ਦੁਨੀਆਂ ਵਿੱਚ ਕਿਸੇ ਵੀ ਕੀਮਤ 'ਤੇ ਨਹੀਂ ਮਿਲ ਸਕਦਾ। ਉਨ੍ਹਾਂ ਕਿਹਾ ਕਿ ਮਾਤਾ ਜੀ ਦਾ ਵਿਛੋੜਾ ਪਰਿਵਾਰ ਲਈ ਇੱਕ ਅਸਹਿ ਘਾਟਾ ਹੈ।ਜ਼ਿਕਰਯੋਗ ਹੈ ਕਿ ਬੀਤੇ ਦਿਨੀਂ ਹੀ ਸਪੀਕਰ ਕੁਲਤਾਰ ਸਿੰਘ ਸੰਧਵਾਂ, ਗੁਰਸੇਵਕ ਸਿੰਘ ਦੀ ਬੇਟੀ ਦੇ ਵਿਆਹ ਸਮਾਗਮ ਵਿੱਚ ਸ਼ਾਮਿਲ ਹੋਏ ਸਨ।ਵਿਆਹ ਦੀਆਂ ਖੁਸ਼ੀਆਂ ਦੌਰਾਨ ਅਚਾਨਕ ਵਾਪਰੀ ਇਸ ਦੁਖਦਾਈ ਘਟਨਾ ਨਾਲ ਇਲਾਕੇ ਵਿੱਚ ਸੋਗ ਦੀ ਲਹਿਰ ਹੈ।

ਆਵਾਜ਼ ਪ੍ਰਦੂਸ਼ਣ ਦੀ ਰੋਕਥਾਮ ਸੰਬੰਧੀ ਕੀਤਾ ਜਾਗਰੂਕ

ਸੰਗਰੂਰ (ਪ੍ਰਵੀਨ ਸਿੰਘ)-ਇੰਜੀਨੀਅਰ ਧਰਮ ਸੋਨੀ, ਐਸ.ਡੀ.ਓ., ਸੰਗਰੂਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਅਤੇ ਖੇਤਰੀ ਦਫ਼ਤਰ ਤੋਂ ਇੰਜੀਨੀਅਰ ਰਿਤਾਕਸ਼ੀ ਧਾਰੀਵਾਲ ਦੇ ਨਾਲ, ਸੰਗਰੂਰ ਸ਼ਹਿਰ ਦੇ ਵੱਖ-ਵੱਖ ਧਾਰਮਿਕ ਸਥਾਨਾਂ ਤਕ ਪਹੁੰਚ ਕੀਤੀ ਅਤੇ ਲਾਊਡ ਸਪੀਕਰਾਂ ਦੀ ਵਰਤੋਂ ਕਾਰਨ ਹੋਣ ਵਾਲੇ ਸ਼ੋਰ ਪ੍ਰਦੂਸ਼ਣ ਨਾਲ ਸਬੰਧਤ ਮੁੱਦਿਆਂ 'ਤੇ ਚਰਚਾ ਕਰਨ ਲਈ ਸਬੰਧਤ ਪ੍ਰਬੰਧਕ ਕਮੇਟੀਆਂ ਅਤੇ ਧਾਰਮਿਕ ਸਥਾਨਾਂ ਦੇ ਨੁਮਾਇੰਦਿਆਂ ਨਾਲ ਗੱਲਬਾਤ ਕੀਤੀ ਗਈ।ਉਨ੍ਹਾਂ ਨੇ ਪ੍ਰਤੀਨਿਧੀਆਂ ਨੂੰ ਸ਼ੋਰ ਪ੍ਰਦੂਸ਼ਣ ਦੇ ਜਨਤਕ ਸਿਹਤ 'ਤੇ ਪੈਣ ਵਾਲੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਅਤੇ ਆਮ ਲੋਕਾਂ ਨੂੰ ਅਸੁਵਿਧਾ ਤੋਂ ਬਚਣ ਲਈ ਪ੍ਰਵਾਨਿਤ ਆਵਾਜ਼ ਪੱਧਰ ਨੂੰ ਬਣਾਈ ਰੱਖਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ 'ਚ ਕ੍ਰਿਕਟ ਟੂਰਨਾਮੈਂਟ

ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਵੱਲੋਂ ਵਿਦਿਆਰਥੀਆਂ ਵਿੱਚ ਖੇਡ ਪ੍ਰਤੀ ਉਤਸ਼ਾਹ, ਟੀਮ ਸਪਿਰਿਟ ਅਤੇ ਸਿਹਤਮੰਦ ਮੁਕਾਬਲੇ ਦੀ ਸੰਸਕ੍ਰਿਤੀ ਨੂੰ ਮਜ਼ਬੂਤ ਕਰਨ ਲਈ ਬਾਬਾ ਫਤਿਹ ਸਿੰਘ ਖੇਡ ਸਟੇਡੀਅਮ ਵਿਚ ਇੰਟਰ ਡਿਪਾਰਟਮੈਂਟ ਕ੍ਰਿਕਟ ਟੂਰਨਾਮੈਂਟ ਦਾ ਸ਼ਾਨਦਾਰ ਅਤੇ ਗੌਰਵਮਈ ਆਯੋਜਨ ਕੀਤਾ ਗਿਆ।ਟੂਰਨਾਮੈਂਟ ਦਾ ਉਦਘਾਟਨ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਅਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਵੱਲੋਂ ਕੀਤਾ ਗਿਆ।ਉਨ੍ਹਾਂ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਤੰਦਰੁਸਤੀ ਨਹੀਂ, ਸਗੋਂ ਨੇਤ੍ਰਤਵ, ਜ਼ਿੰਮੇਵਾਰੀ ਅਤੇ ਵਿਅਕਤੀਗਤ ਵਿਕਾਸ ਨੂੰ ਉਭਾਰਨ ਦਾ ਮਜ਼ਬੂਤ ਸਾਧਨ ਹਨ। ਦੋ ਦਿਨ ਚੱਲੇ ਇਸ ਟੂਰਨਾਮੈਂਟ ਵਿੱਚ ਯੂਨੀਵਰਸਿਟੀ ਦੇ ਵੱਖ-ਵੱਖ ਵਿਭਾਗਾਂ ਦੀਆਂ 19 ਟੀਮਾਂ ਨੇ ਭਾਗ ਲਿਆ।ਇਸ ਮੌਕੇ ਰਜਿਸਟਰਾਰ ਪ੍ਰੋ. (ਡਾ.) ਤੇਜਬੀਰ ਸਿੰਘ, ਡੀਨ ਵਿਦਿਆਰਥੀ ਭਲਾਈ, ਡਾ. ਸਿਕੰਦਰ ਸਿੰਘ ਅਤੇ ਡਾ. ਸਰਪ੍ਰੀਤ ਸਿੰਘ, ਡੀਨ ਅਲੂਮਨੀ ਨੇ ਵੀ ਹਾਜ਼ਰੀ ਭਰ ਕੇ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਨੂੰ ਖੇਡਾਂ ਵਿੱਚ ਨਵੀਆਂ ਸਫਲਤਾਵਾਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ।ਵਿਭਾਗ ਸਰੀਰਕ ਸਿੱਖਿਆ ਅਤੇ ਖੇਡ ਟੈਕਨੋਲੋਜੀ ਦੇ ਮੁਖੀ ਡਾ. ਵਰਿੰਦਰ ਸਿੰਘ ਭੁੱਲਰ ਨੇ ਆਏ ਹੋਏ ਸਾਰੇ ਵਿਸ਼ੇਸ਼ ਮਹਿਮਾਨਾਂ ਦਾ ਸਵਾਗਤ ਕੀਤਾ ਅਤੇ ਟੂਰਨਾਮੈਂਟ ਨੂੰ ਸਫਲ ਬਣਾਉਣ ਲਈ ਸਟਾਫ਼ ਅਤੇ ਵਿਦਿਆਰਥੀਆਂ ਦਾ ਧੰਨਵਾਦ ਕੀਤਾ।ਟੂਰਨਾਮੈਂਟ ਦੇ ਨਤੀਜਿਆਂ ਅਨੁਸਾਰ ਪਹਿਲਾ ਸਥਾਨ ਸਰੀਰਕ ਸਿੱਖਿਆ ਵਿਭਾਗ ਨੇ, ਦੂਜਾ ਕੰਪਿਊਟਰ ਸਾਇੰਸ ਵਿਭਾਗ ਨੇ ਅਤੇ ਤੀਜਾ ਸਥਾਨ ਲਾਅ ਵਿਭਾਗ ਨੇ ਹਾਸਲ ਕੀਤਾ।ਵਿਅਕਤੀਗਤ ਪ੍ਰਦਰਸ਼ਨ ਵਿੱਚ ਜਗਨਪ੍ਰੀਤ ਸਿੰਘ (ਕੰਪਿਊਟਰ ਸਾਇੰਸ) ਨੂੰ ਬੈਸਟ ਪਲੇਅਰ, ਵਿਰਾਟ ਮੀਨਾ (ਸਰੀਰਕ ਸਿੱਖਿਆ) ਨੂੰ ਬੈਸਟ ਬਾਲਰ ਅਤੇ ਅਮ੍ਰਿਤਪਾਲ ਸਿੰਘ ਨੂੰ ਮੈਨ ਆਫ਼ ਦ ਸੀਰੀਜ਼ ਦੇ ਖਿਤਾਬ ਨਾਲ ਸਨਮਾਨਿਤ ਕੀਤਾ ਗਿਆ।ਅੰਤ ਵਿੱਚ ਟਰਾਫੀਆਂ ਅਤੇ ਸਰਟੀਫਿਕੇਟਾਂ ਦੇ ਨਾਲ ਜੇਤੂਆਂ ਨੂੰ ਸਨਮਾਨਿਤ ਕੀਤਾ ਗਿਆ।

ਚੰਡੀਗੜ੍ਹ ਯੂਨੀਵਰਸਿਟੀ ਵਿੱਚ ਸੌ ਪ੍ਰਤੀਸ਼ਤ ਤੱਕ ਸਕਾਲਰਸ਼ਿਪ ਸੰਭਵ : ਡਾ. ਬਾਵਾ

31 ਮਈ ਤੱਕ ਆਪਣੀ ਮਰਜ਼ੀ ਨਾਲ ਦੇ ਸਕਣਗੇ ਟੈਸਟ

ਮੋਗਾ (ਇਕਬਾਲ ਸਿੰਘ ਖਹਿਰਾ)

ਭਾਰਤ ਦੀ ਨੰਬਰ ਇੱਕ ਨਿੱਜੀ ਯੂਨੀਵਰਸਿਟੀ ਚੰਡੀਗੜ੍ਹ ਯੂਨੀਵਰਸਿਟੀ (ਸੀ.ਯੂ) ਦੇਸ਼ ਦੁਨੀਆ ਦੀਆਂ ਮੋਹਰੀ ਕੰਪਨੀਆਂ ਦੀ ਪਹਿਲੀ ਪਸੰਦ ਬਣੀ ਹੋਈ ਹੈ। 1300 ਤੋਂ ਜ਼ਿਆਦਾ ਕੰਪਨੀਆਂ ਨੇ ਸੀ.ਯੂ ਦੇ 2025 ਬੈਚ ਦੇ ਸਟੂਡੈਂਟਸ ਨੂੰ 10 ਹਜ਼ਾਰ ਤੋਂ ਜ਼ਿਆਦਾ ਨੌਕਰੀਆਂ ਦਿੱਤੀਆਂ ਹਨ। ਸਭ ਤੋਂ ਜ਼ਿਆਦਾ ਅੰਤਰਰਾਸ਼ਟਰੀ ਸੈਲਰੀ ਪੈਕਜ 1.74 ਕਰੋੜ ਰੁਪਏ ਦਾ ਰਿਹਾ, ਜਦ ਕਿ ਦੇਸ਼ ਦੇ ਅੰਦਰ ਸਭ ਤੋਂ ਜ਼ਿਆਦਾ ਆਫ਼ਰ 54.75 ਲੱਖ ਰੁਪਏ ਦਾ ਸੀ। ਇਨ੍ਹਾਂ ਵਿੱਚੋਂ 31 ਤੋਂ ਜ਼ਿਆਦਾ ਕੰਪਨੀਆਂ ਨੇ ਵਿਦਿਆਰਥੀਆਂ ਨੂੰ 20 ਲੱਖ ਰੁਪਏ ਜਾਂ ਉਸ ਤੋਂ ਜ਼ਿਆਦਾ ਦੇ ਜੌਬ ਆਫ਼ਰ ਦਿੱਤੇ, ਜਦ ਕਿ 52 ਕੰਪਨੀਆਂ ਨੇ 15 ਲੱਖ ਰੁਪਏ ਤੋਂ ਜ਼ਿਆਦਾ ਦੀ ਸਾਲਾਨਾ ਸੈਲਰੀ ਪੈਕਜ ਵਾਲੀਆਂ ਨੌਕਰੀਆਂ ਦਿੱਤੀਆਂ। ਇਹ ਪ੍ਰਗਟਾਵਾ ਚੰਡੀਗੜ੍ਹ ਯੂਨੀਵਰਸਿਟੀ ਦੇ ਚਾਂਸਲਰ ਦੇ ਸਲਾਹਕਾਰ ਪ੍ਰੋ. (ਡਾ.) ਆਰ ਐਸ ਬਾਵਾ ਨੇ ਮੋਗਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਚੰਡੀਗੜ੍ਹ ਯੂਨੀਵਰਸਿਟੀ ਵਿੱਚ ਕਾਮਨ ਇੰਟਰਸ ਟੈਸਟ ਦੇ ਜ਼ਰੀਏ ਬੱਚਿਆਂ ਨੂੰ 10 ਫੀਸਦੀ ਤੋਂ ਲੈ ਕੇ 100 ਫੀਸਦੀ ਤੱਕ ਸਕਾਲਰਸ਼ਿਪ ਦਿੱਤੀ ਜਾ ਰਹੀ ਹੈ। ਇਹ ਟੈਸਟ ਹੁਣ ਤੋਂ ਲੈ ਕੇ 31 ਮਈ ਤੱਕ ਕਿਸੇ ਵੀ ਦਿਨ ਅਤੇ ਕਿਸੇ ਵੀ ਸਮੇਂ (ਮੌਰਨਿੰਗ ਜਾਂ ਇਵਨਿੰਗ ਸੈਸ਼ਨ) ਵਿੱਚ ਦਿੱਤਾ ਜਾ ਸਕਦਾ ਹੈ।ਵਿਦਿਆਰਥੀ ਘਰ ਬੈਠੇ ਕੈਮਰੇ ਵਾਲੇ ਲੈਪਟਾਪ ਰਾਹੀਂ ਇਹ ਟੈਸਟ ਦੇ ਸਕਦੇ ਹਨ। 100 ਅੰਕਾਂ ਦਾ ਪੇਪਰ ਹੋਵੇਗਾ।90% ਤੋਂ ਉੱਪਰ ਅੰਕ ਲੈਣ ਵਾਲੇ ਵਿਦਿਆਰਥੀਆਂ ਨੂੰ 100% ਸਕਾਲਰਸ਼ਿਪ 40% ਅੰਕ ਲੈਣ ਵਾਲੇ ਨੂੰ ਵੀ 10% ਸਕਾਲਰਸ਼ਿਪ ਦਿੱਤੀ ਜਾਵੇਗੀ।ਅੰਕ ਘਟਣ ਦੇ ਨਾਲ-ਨਾਲ ਸਕਾਲਰਸ਼ਿਪ ਦੀ ਰਕਮ ਵੀ ਅਨੁਪਾਤ ਵਿੱਚ ਘਟੇਗੀ।ਇਹ ਸਕਾਲਰਸ਼ਿਪ ਪੂਰੀ ਡਿਗਰੀ ਦੀ ਮਿਆਦ ਲਈ ਹੋਵੇਗੀ।

ਕਿਸਾਨਾਂ ਦੇ ਸੰਘਰਸ਼ ਨੂੰ ਦਬਾਉਣ ਲਈ ਤਾਨਾਸ਼ਾਹੀ ਹਮਲੇ ਬੰਦ ਕਰੇ ਸਰਕਾਰ : ਆਗੂ

ਲੌਂਗੋਵਾਲ (ਪ੍ਰਦੀਪ ਸੱਪਲ)-ਭਾਕਿਯੂ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏ ਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ, ਯਸ਼ਪਾਲ ਅਤੇ ਸੂਬਾ ਕਮੇਟੀ ਮੈਂਬਰ ਬਲਬੀਰ ਲੌਂਗੋਵਾਲ ਨੇ ਜੇਲ੍ਹ ਵਿੱਚ ਬੰਦ ਕਿਸਾਨ ਆਗੂਆਂ ਦੀ ਰਿਹਾਈ ਲਈ 6 ਫਰਵਰੀ ਤੋਂ ਬਠਿੰਡਾ ਵਿਖੇ ਲੱਗਣ ਵਾਲੇ ਪੱਕੇ ਮੋਰਚੇ ਨੂੰ ਰੋਕਣ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂਆਂ/ਕਾਰਕੁੰਨਾਂ ਦੇ ਘਰਾਂ ਉੱਪਰ ਕੀਤੀ ਜਾ ਰਹੀ ਛਾਪੇਮਾਰੀ ਅਤੇ ਉਨ੍ਹਾਂ ਨੂੰ ਨਜ਼ਰਬੰਦ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ।ਉਨ੍ਹਾਂ ਕਿਹਾ ਕਿ ਬਦਲਾਅ ਦਾ ਨਾਅਰਾ ਦੇ ਕੇ ਸੱਤਾ ਵਿਚ ਆਈ ਭਗਵੰਤ ਮਾਨ ਸਰਕਾਰ ਹੱਕੀ ਸੰਘਰਸ਼ਾਂ ਦੀਆਂ ਮੰਗਾਂ ਮੰਨਣ ਅਤੇ ਸੰਘਰਸ਼ ਦੇ ਜਮਹੂਰੀ ਹੱਕ ਨੂੰ ਮਾਨਤਾ ਦੇਣ ਦੀ ਬਜਾਏ ਬੁਨਿਆਦੀ ਜਮਹੂਰੀ ਹੱਕ ਨੂੰ ਕੁਚਲਣ ਲਈ ਤਾਨਾਸ਼ਾਹ ਹਮਲਿਆਂ 'ਤੇ ਉੱਤਰੀ ਹੋਈ ਹੈ।ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਆਗੂਆਂ ਵਿਰੁੱਧ ਛਾਪੇਮਾਰੀ ਬੰਦ ਕਰੇ ਅਤੇ ਜੇਲ੍ਹਾਂ ਵਿਚ ਬੰਦ ਕਿਸਾਨ ਤੇ ਮਜ਼ਦੂਰ ਆਗੂਆਂ ਨੂੰ ਫੌਰੀ ਰਿਹਾ ਕੀਤਾ ਜਾਵੇ ਅਤੇ ਕਿਸਾਨ ਤੇ ਹੋਰ ਸੰਘਰਸ਼ਸ਼ੀਲ ਜਥੇਬੰਦੀਆਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।

ਸਵਾਮੀ ਰੂਪ ਚੰਦ ਸਕੂਲ ਨ

7 Feb Page 3.qxd 2/6/2026 11:08 PM Page 1

ਰਾਹੁਲ ਗਾਂਧੀ ਬੀਜੇਪੀ ਖਿਲਾਫ ਤਕੜੀ ਲੜਾਈ ਲੜ ਰਿਹੈ : ਸੁਖਪਾਲ ਖਹਿਰਾ

ਝਬਾਲ, (ਹਰਜਿੰਦਰ ਸਿੰਘ ਸੋਨੀ)- ਰਾਹੁਲ ਗਾਂਧੀ ਬੀਜੇਪੀ ਖਿਲਾਫ ਤਕੜੀ ਲੜਾਈ ਲੜ ਰਿਹਾ, ਜਿਸ ਨੇ ਬੀਜੇਪੀ ਦੇ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਮੂੰਹ 'ਤੇ

ਗਦਾਰ ਕਿਹਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸੁਖਪਾਲ ਸਿੰਘ ਖਹਿਰਾ ਪ੍ਰਧਾਨ ਆਲ ਇੰਡੀਆ ਕਾਂਗਰਸ ਕਿਸਾਨ ਵਿੰਗ ਨੇ ਕਸਬਾ ਝਬਾਲ ਵਿਖੇ ਕਿਸਾਨ ਕਾਂਗਰਸ ਵਿੰਗ ਦੇ ਸੂਬਾ ਪ੍ਰਧਾਨ ਕਿਰਨਜੀਤ ਸਿੰਘ ਮਿੱਠਾ ਦੀ ਅਗਵਾਈ ਹੇਠ ਨੌਜਵਾਨ ਕਾਂਗਰਸੀ ਆਗੂ ਲੱਕੀ ਕਰਿਆਨਾ ਸਟੋਰ ਭਿੱਖੀਵਿੰਡ ਰੋਡ ਝਬਾਲ ਵਿਖੇ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਜਿੱਥੇ ਦੇਸ਼ ਦੀ ਕਿਸਾਨੀ ਖਿਲਾਫ ਕਿਸਾਨ ਵਿਰੋਧੀ ਨੀਤੀਆਂ ਨੂੰ ਉਜਾਗਰ ਕਰਦੀ ਆ ਰਹੀ ਹੈ ਉਥੇ ਹੀ 2026 ਦੇ ਪੇਸ਼ ਕੀਤੇ ਬਜਟ ਵਿੱਚ ਦੇਸ਼ ਦੀਆਂ ਸਰਹੱਦਾਂ ਤੇ ਹਿੱਕਾਂ ਡਾਹ ਕੇ ਲੜਨ ਵਾਲੇ ਫੌਜੀਆਂ ਚਾਹੇ ਉਹ ਨੌਕਰੀ ਕਰ ਰਹੇ ਹਨ ਜਾਂ ਸਾਬਕਾ ਫੌਜੀ ਹਨ, ਨੂੰ ਕੁਝ ਹੋਰ ਦੇਣ ਦੀ ਬਜਾਏ ਉਨ੍ਹਾਂ ਨੂੰ ਲੰਮੇ ਅਰਸੇ ਤੋਂ ਮਿਲ ਰਹੀਆਂ ਸਹੂਲਤਾਂ ਨੂੰ ਵੀ ਖੋਹ ਲਿਆ ਗਿਆ ਅਤੇ ਉਨ੍ਹਾਂ ਨੂੰ ਮਿਲਣ ਵਾਲੀਆਂ ਪੈਨਸ਼ਨਾਂ ਤੇ ਟੈਕਸ ਤੱਕ ਠੋਕ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਕਿਸਾਨਾਂ, ਵਪਾਰੀਆਂ, ਮਜ਼ਦੂਰਾਂ ਤੇ ਸੈਨਿਕ ਵੀਰਾਂ ਨਾਲ ਹਮੇਸ਼ਾ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ ਤੇ ਡਟ ਕੇ ਸਾਥ ਦੇਣ ਲਈ ਵਚਨਬੱਧ ਹੈ।ਇਸ ਤੋਂ ਪਹਿਲਾਂ ਸੂਬਾ ਪ੍ਰਧਾਨ ਕਿਰਨਜੀਤ ਸਿੰਘ ਮਿੱਠਾ ਮਾੜੀਮੇਘਾ ਤੇ ਲੱਕੀ ਕਰਿਆਨਾ ਸਟੋਰ ਦੇ ਮਾਲਕ ਲੱਕੀ ਵੱਲੋਂ ਸੁਖਪਾਲ ਸਿੰਘ ਖਹਿਰਾ ਦਾ ਭਰਵਾਂ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਪੰਜਾਬ ਪ੍ਰਧਾਨ ਕਿਰਨਜੀਤ ਸਿੰਘ ਮਿੱਠਾ ਨੇ ਇੱਕਤਰ ਕਿਸਾਨ ਤੇ ਵਪਾਰੀ ਵਰਗ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ 2027 ਵਿੱਚ ਕਾਂਗਰਸ ਸਰਕਾਰ ਲਿਆਉਣ ਲਈ ਹੁਣ ਤੋਂ ਹੀ ਤਿਆਰੀਆਂ ਸ਼ੁਰੂ ਕਰ ਦਿਉ ਕਿਉਂਕਿ ਕਿਸਾਨਾਂ, ਵਪਾਰੀਆਂ, ਮਜ਼ਦੂਰਾਂ ਸਮੇਤ ਹਰ ਵਰਗ ਦੀ ਹਿਤੈਸ਼ੀ ਸਿਰਫ ਤੇ ਸਿਰਫ ਕਾਂਗਰਸ ਪਾਰਟੀ ਹੀ ਹੈ।

ਭਾਰਤ-ਅਮਰੀਕਾ ਦਰਮਿਆਨ ਹੋਏ ਵਪਾਰਕ ਸਮਝੌਤੇ 'ਤੇ ਚਿੰਤਾ ਦਾ ਪ੍ਰਗਟਾਵਾ

ਜਲੰਧਰ : ਹਾਲ ਹੀ ਵਿੱਚ ਭਾਰਤ ਅਤੇ ਅਮਰੀਕਾ ਵਿਚਕਾਰ ਹੋਏ ਵਪਾਰਕ ਸਮਝੌਤੇ 'ਤੇ ਟਿੱਪਣੀ ਕਰਦਿਆਂ ਡਾ. ਅਸ਼ੋਕ ਕੁਮਾਰ ਮਿੱਤਲ ਨੇ ਇਸ ਨਾਲ ਜੁੜੇ ਕੁਝ ਮਸਲਿਆਂ 'ਤੇ ਚਿੰਤਾ ਜ਼ਾਹਿਰ ਕੀਤੀ ਹੈ।ਉਨ੍ਹਾਂ ਕਿਹਾ ਕਿ ਭਾਰਤ ਅਤੇ ਅਮਰੀਕਾ ਦਰਮਿਆਨ ਵਪਾਰਕ ਸਮਝੌਤੇ ਵਿੱਚ 18 ਫ਼ੀਸਦੀ ਟੈਰਿਫ ਤੈਅ ਕਰਨਾ ਟੈਰਿਫ ਦੇ ਦਬਾਅ ਵਿਚਕਾਰ ਇਕ ਸੁਧਾਰ ਦਰਸਾਉਂਦਾ ਹੈ,ਪਰ ਕੀ ਸਾਨੂੰ ਇਸ ਦੇ ਪੈਣ ਵਾਲੇ ਪ੍ਰਭਾਵਾਂ ਬਾਰੇ ਪੂਰੀ ਤਰ੍ਹਾਂ ਸਪੱਸ਼ਟ ਹੈ? ਕੀ ਅਸੀਂ ਜਾਣਦੇ ਹਾਂ ਕਿ ਇਸ ਨਾਲ ਸਾਡੇ ਕਿਸਾਨਾਂ ਅਤੇ ਸੂਖਮ, ਲਘੂ ਅਤੇ ਦਰਮਿਆਨੇ ਉਦਯੋਗ (ਐੱਮਐੱਸਐੱਮਈ) ਖੇਤਰ 'ਤੇ ਕੀ ਅਸਰ ਪਵੇਗਾ, ਜਿਨ੍ਹਾਂ ਨੂੰ ਸਾਡੀ ਵਿੱਤ ਮੰਤਰੀ ਵਾਰ-ਵਾਰ ਭਾਰਤੀ ਅਰਥਵਿਵਸਥਾ ਦੇ ਮੁੱਖ ਚਾਲਕ ਮੰਨਦੀ ਰਹੀ ਹੈ? ਇੱਥੇ ਧਿਆਨ ਦੇਣਯੋਗ ਗੱਲ ਇਹ ਹੈ ਕਿ ਇਸ ਵਪਾਰ ਸੰਘਰਸ਼ ਤੋਂ ਪਹਿਲਾਂ ਭਾਰਤੀ ਨਿਰਯਾਤਾਂ 'ਤੇ ਅਮਰੀਕਾ ਵਿੱਚ ਲਗਭਗ 2.5 ਫ਼ੀਸਦੀ ਟੈਰਿਫ ਲੱਗਦਾ ਸੀ, ਜਿਸਨੂੰ ਟਰੰਪ ਨੇ ਵਧਾ ਕੇ 50 ਫ਼ੀਸਦੀ ਕਰ ਦਿੱਤਾ ਸੀ ਅਤੇ ਹੁਣ ਇਸ ਸਮਝੌਤੇ ਤਹਿਤ ਇਹ ਕਰੀਬ 18 ਫ਼ੀਸਦੀ ਹੋਣ ਦੀ ਉਮੀਦ ਹੈ।

ਗੁਰਦਾਸਪੁਰ ਸ਼ਹਿਰ 'ਚ ਰੋਡਵੇਜ਼ ਡਿੱਪੂ ਦੇ ਨਾਲ-ਨਾਲ ਲੰਮੇ ਰੂਟ ਦੀਆਂ ਬੱਸਾਂ ਚਲਾਉਣ ਦੀ ਮੰਗ

ਗੁਰਦਾਸਪੁਰ, (ਜਨਕ ਮਹਾਜਨ)- ਗੁਰਦਾਸਪੁਰ ਜ਼ਿਲ੍ਹਾ ਹੈੱਡਕੁਆਰਟਰ ਹੋਣ ਦੇ ਬਾਵਜੂਦ ਇੱਥੇ ਰੋਡਵੇਜ਼ ਦਾ ਡਿੱਪੂ ਨਾ ਹੋਣ ਕਾਰਨ ਲੋਕਾਂ ਵਿੱਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਗੁਰਦਾਸਪੁਰ ਸ਼ਹਿਰ ਵਿਖੇ ਰੋਡਵੇਜ਼ ਦਾ ਡਿਪੂ ਨਾ ਹੋਣ ਕਾਰਨ ਬੱਸਾਂ ਬਟਾਲਾ ਜਾਂ ਪਠਾਣਕੋਟ ਡਿੱਪੂ

● ਚੇਅਰਮੈਨ ਰਾਜੀਵ ਸ਼ਰਮਾ ਨੇ ਟਰਾਂਸਪੋਰਟ ਮੰਤਰੀ ਲਾਲਜੀਤ ਭੁੱਲਰ ਨੂੰ ਲਿਖੀ ਚਿੱਠੀ

ਆਦਿ ਤੋਂ ਚੱਲਣੀਆਂ ਸ਼ੁਰੂ ਹੁੰਦੀਆਂ ਹਨ ਜਿਸ ਕਾਰਨ ਉਨ੍ਹਾਂ ਬੱਸਾਂ ਵਿੱਚ ਪਹਿਲਾਂ ਹੀ ਸਵਾਰੀਆਂ ਕਾਫੀ ਹੋਣ ਕਾਰਨ ਇੱਥੋਂ ਦੇ ਲੋਕਾਂ ਨੂੰ ਕਈ ਵਾਰ ਇਨ੍ਹਾਂ ਬੱਸਾਂ ਵਿੱਚ ਬੜੀ ਮੁਸ਼ਕਿਲ ਨਾਲ ਸੀਟ ਮਿਲਦੀ ਹੈ। ਲੋਕਾਂ ਦੀ ਮੰਗ ਹੈ ਕਿ ਗੁਰਦਾਸਪੁਰ ਸ਼ਹਿਰ ਵਿਖੇ ਵੀ ਰੋਡਵੇਜ਼ ਦਾ ਡਿਪੂ ਬਣਾਇਆ ਜਾਵੇ ਤਾਂ ਜੋ ਇੱਥੋਂ ਬੱਸਾਂ ਚੱਲਣ ਕਾਰਨ ਲੋਕਾਂ ਨੂੰ ਬੱਸ ਵਿੱਚ ਆਰਾਮ ਨਾਲ ਸੀਟ ਮਿਲ ਸਕੇ। ਲੋਕਾਂ ਵਿੱਚ ਇਸ ਹਾਲ ਦਾ ਵੀ ਰੋਸ ਹੈ ਕਿ ਬਟਾਲਾ ਅਤੇ ਪਠਾਨਕੋਟ ਵਿੱਚ ਰੋਡਵੇਜ ਡਿੱਪੂ ਬਣ ਜਾਣ ਦੇ ਬਾਵਜੂਦ ਗੁਰਦਾਸਪੁਰ ਨੂੰ ਜ਼ਿਲ੍ਹਾ ਹੈੱਡਕੁਆਰਟਰ ਹੋਣ ਦੇ ਬਾਵਜੂਦ ਵੀ ਨਜ਼ਰਅੰਦਾਜ਼ ਕੀਤਾ ਗਿਆ ਹੈ। ਇਸ ਸਭ ਦੇ ਬਾਵਜੂਦ ਇਲਾਕੇ ਦੇ ਸਿਆਸੀ ਆਗੂਆਂ ਅਤੇ ਪੰਜਾਬ ਸਰਕਾਰ ਵੱਲੋਂ ਵੀ ਕੋਈ ਕਦਮ ਨਹੀਂ ਚੁੱਕੇ ਗਏ। ਬੱਸ ਸਰਵਿਸ ਦੀ ਗੱਲ ਕਰੀਏ ਤਾਂ

ਗੁਰਦਾਸਪੁਰ ਤੋਂ ਲੰਮੇ ਰੂਟ ਦੀਆਂ ਬੱਸਾਂ ਲਗਭਗ ਨਾ-ਮਾਤਰ ਹੀ ਹਨ ਜਦਕਿ ਕੁਝ ਸਾਲ ਪਹਿਲਾਂ ਇੱਥੋਂ ਲੰਮੇ ਰੂਟ ਦੀਆਂ ਕਾਫੀ ਬੱਸਾਂ ਚੱਲਦੀਆਂ ਸਨ ਜਿਨ੍ਹਾਂ ਦੀ ਗਿਣਤੀ ਵਧਣ ਦੀ ਬਜਾਏ ਲਗਭਗ ਖਤਮ ਹੋ ਗਈ ਹੈ। ਮਿਲੀ ਜਾਣਕਾਰੀ ਅਨੁਸਾਰ ਕੁਝ ਸਾਲ ਪਹਿਲਾਂ ਗੁਰਦਾਸਪੁਰ ਤੋਂ ਸਵੇਰੇ ਲਗਭਗ 8 ਵਜੇ ਦੇ ਕਰੀਬ ਪੀਆਰਟੀਸੀ ਕਪੂਰਥਲਾ ਦੀਆਂ 2 ਬੱਸਾਂ ਇਕ ਵਾਇਆ ਕਪੂਰਥਲਾ ਅਤੇ ਦੂਜੀ ਵਾਇਆ ਜਲੰਧਰ ਦਿੱਲੀ ਆਦਿ ਨੂੰ ਜਾਂਦੀਆਂ ਸਨ। ਦਿੱਲੀ ਜਾਣ ਵਾਸਤੇ ਬੱਸਾਂ ਦੀ ਗਿਣਤੀ ਵਧਣ ਦੀ ਬਜਾਏ ਲਗਭਗ ਮਨਫੀ ਹੋ ਗਈ ਹੈ। ਇਸੇ ਤਰ੍ਹਾਂ ਗੁਰਦਾਸਪੁਰ ਤੋਂ ਚੰਡੀਗੜ੍ਹ ਸਵੇਰੇ ਦੁਪਹਿਰ ਸ਼ਾਮ ਆਦਿ ਕਈ ਟਾਈਮ 'ਤੇ ਬੱਸਾਂ ਜਾਂਦੀਆਂ ਅਤੇ ਆਉਂਦੀਆਂ ਸਨ। ਉਨ੍ਹਾਂ ਦੀ ਗਿਣਤੀ ਦੱਸਣ ਦੀ ਲੋੜ ਨਹੀਂ ਹੈ, ਥੋੜਾ ਸਮਾਂ ਪਹਿਲਾਂ ਹੀ ਲੋਕਾਂ ਦੀ ਮੰਗ 'ਤੇ ਪਠਾਨਕੋਟ ਤੋਂ ਵਾਇਆ ਹਰਿਦੁਆਰ ਬੱਸ ਸ਼ੁਰੂ ਹੋਈ ਸੀ ਜੋ ਰੋਜ਼ਾਨਾ ਪਠਾਨਕੋਟ ਤੋਂ ਚੱਲ ਕੇ ਸ਼ਾਮ 5 ਵਜੇ ਦੇ ਕਰੀਬ ਗੁਰਦਾਸਪੁਰ ਤੋਂ ਵਾਇਆ ਮੁਕੇਰੀਆਂ, ਹੁਸ਼ਿਆਰਪੁਰ ਚੰਡੀਗੜ੍ਹ ਹੋ ਕੇ ਹਰਿਦੁਆਰ ਜਾਂਦੀ ਸੀ ਅਤੇ ਇਸੇ ਤਰ੍ਹਾਂ ਸ਼ਾਮ ਨੂੰ ਹਰਿਦੁਆਰ ਤੋਂ ਚੱਲ ਕੇ ਸਵੇਰੇ ਗੁਰਦਾਸਪੁਰ ਪਹੁੰਚਦੀ ਸੀ ਜੋ ਸਭ ਬੰਦ ਹੋ ਗਈਆਂ ਹਨ। ਗੁਰਦਾਸਪੁਰ ਦੇ ਇਲਾਕਾ ਵਾਸੀਆਂ ਦੀ ਸਿਆਸੀ ਲੀਡਰ ਜ਼ਿਲ੍ਹਾ ਪ੍ਰਸ਼ਾਸਨ ਤੋਂ ਇਲਾਵਾ ਜੀ. ਐੱਮ. ਬਟਾਲਾ ਅਤੇ ਪਠਾਨਕੋਟ ਪਾਸੋਂ ਮੰਗ ਹੈ ਕਿ ਲੋਕਾਂ ਦੀ ਮੁਸ਼ਕਿਲ ਨੂੰ ਵੇਖਦੇ ਹੋਏ ਗੁਰਦਾਸਪੁਰ ਤੋਂ ਲੰਬੇ ਰੂਟ ਦੀਆਂ ਬੱਸਾਂ ਦਿੱਲੀ, ਚੰਡੀਗੜ੍ਹ ਅਤੇ ਪੰਜਾਬ ਦੇ ਵੱਡੇ-ਵੱਡੇ ਸ਼ਹਿਰਾਂ ਤੋਂ ਇਲਾਵਾ ਇੱਥੋਂ ਜੰਮੂ, ਊਧਮਪੁਰ, ਸ਼੍ਰੀਨਗਰ, ਚੰਬਾ, ਡਲਹੌਜ਼ੀ, ਮਨਾਲੀ, ਸ਼ਿਮਲਾ ਆਦਿ ਸ਼ਹਿਰਾਂ ਨੂੰ ਚਲਾਈਆਂ ਜਾਣ ਜਿਸ ਨਾਲ ਸਰਕਾਰ ਨੂੰ ਵੀ ਵਿੱਤੀ ਲਾਭ ਹੋ ਸਕੇ ਅਤੇ ਲੋਕਾਂ ਨੂੰ ਵੀ ਆਉਣ ਜਾਣ ਦੀ ਸਹੂਲਤ ਮਿਲ ਸਕੇ। ਜਦ ਇਸ ਸਬੰਧੀ ਰਾਜੀਵ ਸ਼ਰਮਾ ਇੰਚਾਰਜ ਲੋਕ ਸਭਾ ਹਲਕਾ ਗੁਰਦਾਸਪੁਰ ਅਤੇ ਚੇਅਰਮੈਨ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਕਿਹਾ ਕਿ ਲੋਕਾਂ ਦੀ ਜਾਇਜ਼ ਮੰਗ ਨੂੰ ਦੇਖਦੇ ਹੋਏ ਉਨ੍ਹਾਂ ਵੱਲੋਂ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੂੰ ਚਿੱਠੀ ਲਿਖ ਰਹੇ ਹਨ ਅਤੇ ਮੰਗ ਕਰ ਰਹੇ ਹਨ ਕਿ ਦਿੱਲੀ, ਚੰਡੀਗੜ੍ਹ, ਹਰਿਦੁਆਰ ਆਦਿ ਨੂੰ ਚਲਦੀਆਂ ਬੰਦ ਬੱਸਾਂ ਨੂੰ ਦੁਬਾਰਾ ਚਾਲੂ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਉਹ ਲਿਖਤੀ ਚਿੱਠੀ ਤੋਂ ਇਲਾਵਾ ਟੈਲੀਫੋਨ ਰਾਹੀਂ ਵੀ ਉਨ੍ਹਾਂ ਨੂੰ ਬੇਨਤੀ ਕਰਨਗੇ।

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਵਿਧਾਇਕਾਂ ਤੇ ਮੰਤਰੀਆਂ ਦੇ ਘਰਾਂ ਦਾ ਘਿਰਾਓ

ਮੰਗਾਂ ਨਾ ਮੰਨੇ ਜਾਣ 'ਤੇ ਜਥੇਬੰਦਕ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦਾ ਕੀਤਾ ਐਲਾਨ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਜਿਥੇ ਪੂਰੇ ਪੰਜਾਬ ਭਰ ਵਿੱਚ ਆਮ ਆਦਮੀ ਪਾਰਟੀ ਦੇ ਵਿਧਾਇਕਾਂ ਤੇ ਮੰਤਰੀਆਂ ਦੇ ਘਰਾਂ ਦਾ ਘਿਰਾਓ ਕੀਤਾ ਗਿਆ ਉਥੇ ਹੀ ਜ਼ਿਲਾ ਤਰਨ ਤਾਰਨ ਦੇ ਪ੍ਰਧਾਨ ਸਤਨਾਮ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਤਰਨ ਤਾਰਨ ਦੇ ਵਿਧਾਇਕਾਂ ਅਤੇ ਮੰਤਰੀਆਂ ਦੇ ਘਰਾਂ ਦਾ ਤਿੰਨ ਘੰਟਿਆਂ ਲਈ ਘਿਰਾਉ ਕੀਤਾ ਗਿਆ।ਵੱਖ-ਵੱਖ ਥਾਵਾਂ ਤੋਂ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ, ਬਲਵਿੰਦਰ ਸਿੰਘ ਚੋਹਲਾ ਸਾਹਿਬ, ਦਿਆਲ ਸਿੰਘ ਮੀਆਂਵਿੰਡ, ਹਰਬਿੰਦਰਜੀਤ ਸਿੰਘ ਕੰਗ, ਫਤਿਹ ਸਿੰਘ ਪਿੰਦੀ, ਜਨਨੈਲ ਸਿੰਘ ਨੂਰਦੀ, ਬੀਬੀ ਦਵਿੰਦਰ ਕੌਰ ਪਿੰਦੀ, ਬੀਬੀ ਰਣਜੀਤ ਕੌਰ ਕੱਲਾ, ਬੀਬੀ ਉਪਜੀਤ ਕੌਰ ਨੇ ਵੱਖ-ਵੱਖ ਥਾਈਂ ਸੰਬੋਧਨ ਕਰਦੇ ਹੋਏ ਕਿਹਾ ਕਿ ਅੱਤ ਦੀ ਠੰਡ ਵਿੱਚ ਧਰਨੇ ਲਾਉਣਾ ਕਿਸਾਨਾਂ ਦਾ ਕੋਈ ਸ਼ੌਕ ਨਹੀਂ ਪਰ ਸਰਕਾਰ ਵੱਲੋਂ ਵਾਰ-ਵਾਰ ਵਾਅਦੇ ਕਰਕੇ ਮੁੱਕਰਨ ਕਾਰਨ ਸਰਕਾਰ ਨੂੰ ਯਾਦ ਦਿਵਾਉਣ ਲਈ ਧਰਨੇ ਲਗਾਉਣੇ ਪੈਂਦੇ ਹਨ।ਕਿਸਾਨ ਆਗੂਆਂ

ਕਿਹਾ ਕਿ ਹੱਕੀ ਮੰਗਾਂ ਦੀ ਪੂਰਤੀ ਲਈ ਕੇਂਦਰ ਸਰਕਾਰ ਖਿਲਾਫ ਚੱਲ ਰਹੇ ਮੋਰਚੇ ਨੂੰ ਭਗਵੰਤ ਮਾਨ ਦੀ ਸਰਕਾਰ ਨੇ ਜਬਰ ਨਾਲ ਉਠਾ ਦਿੱਤਾ ਅਤੇ ਉੱਥੇ ਕਿਸਾਨਾਂ ਦਾ ਕਰੋੜਾਂ ਦਾ ਨੁਕਸਾਨ ਹੋਇਆ। ਕਿਸਾਨਾਂ ਵੱਲੋਂ ਇਸ ਭੈੜੇ ਵਰਤਾਰੇ ਦਾ ਹਿਸਾਬ ਲੈਣ ਲਈ ਵਾਰ ਵਾਰ ਸਰਕਾਰ ਨੂੰ ਮੰਗ ਪੱਤਰ ਦਿੱਤੇ ਪਰ ਸਰਕਾਰ ਕੁੰਭਕਰਨ ਦੀ ਨੀਂਦ ਸੁੱਤੀ ਰਹੀ। ਸਰਕਾਰ ਨੂੰ ਨੀਂਦ ਵਿੱਚੋਂ ਉਠਾਉਣ ਲਈ ਕਿਸਾਨ ਰੇਲਾਂ ਦੀਆਂ ਪਟੜੀਆਂ 'ਤੇ ਚੜ੍ਹ ਗਏ ਤੇ ਫਿਰ ਸਰਕਾਰ ਵੱਲੋਂ ਕਿਸਾਨਾਂ ਨੂੰ ਗੱਲਬਾਤ ਦਾ ਸੱਦਾ ਪੱਤਰ ਦਿੱਤਾ ਪਰ ਸਰਕਾਰ ਸੱਦੇ ਪੱਤਰ ਤੋਂ ਵੀ ਭੱਜ ਗਈ। ਮੀਟਿੰਗ ਵਾਲੀ ਜਗ੍ਹਾ 'ਤੇ ਬੁਲਾ ਕੇ ਸਰਕਾਰ ਦੇ ਨੁਮਾਇੰਦੇ ਉਥੋਂ ਗੈਰਹਾਜ਼ਰ ਰਹੇ ਤੇ ਇਸ ਦੇ ਵਿਰੋਧ ਵਿੱਚ ਕੇਐੱਮਐੱਮ ਦੇ ਸੱਦੇ ਤੇ ਤਮਾਮ ਜਥੇਬੰਦੀਆਂ ਵੱਲੋਂ ਵਿਧਾਇਕਾਂ ਅਤੇ ਮੰਤਰੀਆਂ ਦੇ ਘਰਾਂ ਦਾ ਘਿਰਾਓ ਕੀਤਾ ਗਿਆ। ਕਿਸਾਨ ਆਗੂਆਂ ਨੇ ਕਿਹਾ ਕਿ ਸਰਕਾਰ ਜਲਦ ਤੋਂ ਜਲਦ ਸ਼ੰਭੂ ਖਨੌਰੀ ਬਾਰਡਰ 'ਤੇ ਹੋਏ ਨੁਕਸਾਨ ਦੀ ਭਰਭਾਈ ਕਰੇ, ਚਿੱਪ ਵਾਲੇ ਮੀਟਰਾਂ 'ਤੇ ਆਪਣਾ ਸਟੈਂਡ ਸਪਸ਼ਟ ਕਰੇ, ਹੜ੍ਹਾਂ ਦਾ ਮੁਆਵਜ਼ਾ ਕਿਸਾਨਾਂ ਨੂੰ ਤੁਰੰਤ ਦੇਵੇ, ਅਮਰੀਕਾ ਨਾਲ ਸਮਝੌਤਾ ਰੱਦ ਕਰੇ, ਆਦਿ ਮੰਗਾਂ ਜੇਕਰ ਸਰਕਾਰ ਨਹੀਂ ਮੰਨਦੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਹੋਰ ਤੇਜ਼ ਕੀਤਾ ਜਾਏਗਾ ਜਿਸ ਦੀ ਜ਼ਿੰਮੇਵਾਰ ਕੇਵਲ ਭਗਵੰਤ ਮਾਨ ਦੀ ਆਪ ਸਰਕਾਰ ਦੀ ਹੋਵੇਗੀ।

ਕਾਂਗਰਸ ਵੱਲੋਂ ਮੋਦੀ ਸਰਕਾਰ ਖਿਲਾਫ਼ ਵਿਸ਼ਾਲ ਰੈਲੀ

ਪਠਾਨਕੋਟ, (ਦਵਿੰਦਰ ਸਿੰਘ) ਕਾਂਗਰਸ ਵੱਲੋਂ ਪਠਾਨਕੋਟ ਜ਼ਿਲ੍ਹੇ ਦੇ ਭੋਆ ਵਿਧਾਨ ਸਭਾ ਹਲਕੇ ਵਿੱਚ 'ਮਨਰੇਗਾ ਬਚਾਓ' ਰੈਲੀ ਦਾ ਆਯੋਜਨ ਕੀਤਾ ਗਿਆ।ਇਸ ਵਿਸ਼ਾਲ ਰੈਲੀ ਵਿੱਚ ਸੂਬਾ ਕਾਂਗਰਸ ਪ੍ਰਧਾਨ ਰਾਜਾ ਬੜਿੰਗ, ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ

ਬਾਜਵਾ, ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਅਤੇ ਕਾਂਗਰਸ ਇੰਚਾਰਜ ਵਿਸ਼ੇਸ਼ ਤੌਰ ਤੇ ਸ਼ਾਮਲ ਸਨ।ਇਸ ਵਿਸ਼ਾਲ ਰੈਲੀ ਵਿੱਚ ਮਨਰੇਗਾ ਸਕੀਮ ਅਤੇ ਵਿਦੇਸ਼ੀ ਨੀਤੀਆਂ 'ਤੇ ਮੋਦੀ ਸਰਕਾਰ ਦੀ ਤਿੱਖੀ ਆਲੋਚਨਾ ਕੀਤੀ ਗਈ।ਪਠਾਨਕੋਟ ਜ਼ਿਲ੍ਹੇ ਦੇ ਭੋਆ ਵਿਧਾਨ ਸਭਾ ਹਲਕੇ ਵਿੱਚ ਕਾਂਗਰਸ ਵੱਲੋਂ ਇਸ ਵਿਸ਼ੇਸ਼ ਰੈਲੀ ਦਾ ਆਯੋਜਨ ਕੀਤਾ ਗਿਆ।ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਬੜਿੰਗ, ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ ਸੁਖਜਿੰਦਰ ਸਿੰਘ ਰੰਧਾਵਾ ਅਤੇ ਪੰਜਾਬ ਕਾਂਗਰਸ ਇੰਚਾਰਜ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ।ਇਸ ਮੌਕੇ ਬੋਲਦਿਆਂ ਕਾਂਗਰਸੀ ਆਗੂਆਂ ਨੇ ਕਿਹਾ ਕਿ ਭਾਰਤ ਸਰਕਾਰ ਨੇ ਮਨਰੇਗਾ ਸਕੀਮ ਨੂੰ ਖਤਮ ਕਰਕੇ ਗਰੀਬ ਮਜ਼ਦੂਰਾਂ ਨਾਲ ਘੋਰ ਬੇਇਨਸਾਫ਼ੀ ਕੀਤੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਗਰੀਬ ਮਜ਼ਦੂਰਾਂ ਦੇ ਹੱਕਾਂ ਲਈ ਆਪਣਾ ਸੰਘਰਸ਼ ਜਾਰੀ ਰੱਖੇਗੀ।ਕਾਂਗਰਸ ਇੰਚਾਰਜ ਭੁਪੇਸ਼ ਬਘੇਲ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਕਿਹਾ ਕਿ ਮੋਦੀ ਸਰਕਾਰ ਦੀਆਂ ਵਿਦੇਸ਼ੀ ਨੀਤੀਆਂ ਕਾਰਨ ਭਾਰਤ ਨੂੰ ਵਿਸ਼ਵ ਪੱਧਰ 'ਤੇ ਸ਼ਰਮਿੰਦਾ ਕੀਤਾ ਜਾ ਰਿਹਾ ਹੈ।ਜਿਸ ਤਰੀਕੇ ਨਾਲ ਮੋਦੀ ਸਰਕਾਰ ਨੇ ਹਾਲ ਹੀ ਵਿੱਚ ਅਮਰੀਕੀ ਸਰਕਾਰ ਅੱਗੇ ਆਤਮ ਸਮਰਪਣ ਕੀਤਾ ਹੈ, ਉਸ ਨਾਲ ਵਿਸ਼ਵ ਪੱਧਰ 'ਤੇ ਦੇਸ਼ ਦੀ ਸਾਖ ਨੂੰ ਭਾਰੀ ਸੱਟ ਲੱਗੀ ਹੈ।

ਨਵਾਂ ਜ਼ਮਾਨਾ
ਸ਼ਨੀਵਾਰ, 7 ਫਰਵਰੀ 2026

ਵਿਦਿਆਰਥੀਓ ਖ਼ਬਰਦਾਰ

ਉੱਚ ਵਿੱਦਿਅਕ ਅਦਾਰਿਆਂ ਵਿੱਚ ਬਰਾਬਰੀ ਨੂੰ ਬੜ੍ਹਾਵਾ ਦੇਣ ਵਾਲੇ ਰੈਗੂਲੇਸ਼ਨ ਦੇ 13 ਜਨਵਰੀ ਨੂੰ ਜਾਰੀ ਕੀਤੇ ਗਏ ਨੋਟੀਫਿਕੇਸ਼ਨ ਤੇ ਉਸ ਤੋਂ ਬਾਅਦ ਛਿੜੀ ਕਾਨੂੰਨੀ ਲੜਾਈ ਨੇ ਭਾਰਤੀ ਵਿਦਿਆਰਥੀ ਸਿਆਸਤ ਨੂੰ ਦੋ ਧਰੁਵਾਂ ਵਿੱਚ ਵੰਡ ਦਿੱਤਾ ਹੈ। ਹੁਣ ਸੰਘਰਸ਼ ਸਿਰਫ ਹੋਸਟਲਾਂ ਤੇ ਸੜਕਾਂ ਤੱਕ ਸੀਮਤ ਨਹੀਂ ਰਿਹਾ, ਸਗੋਂ ਸੰਵਿਧਾਨ, ਮੈਰਿਟ ਤੇ ਰਿਜ਼ਰਵੇਸ਼ਨ ਦੀ ਪੁਰਾਣੀ ਵਿਚਾਰਧਾਰਕ ਲੜਾਈ ਇੱਕ ਵਾਰ ਫਿਰ ਅਦਾਲਤ ਦੇ ਦਰਵਾਜ਼ਿਆਂ ਤੋਂ ਹੋ ਕੇ ਦੇਸ਼ ਦੇ ਭਵਿੱਖ ਦੀ ਦਿਸ਼ਾ ਤੈਅ ਕਰਨ ਲਈ ਆਮਦਾ ਹੈ। ਇਸ ਪੂਰੇ ਵਿਵਾਦ ਦਰਮਿਆਨ ਜੌਨ ਰੌਲਜ਼ ਦੀ 'ਡਿਸਟ੍ਰੀਬਿਊਸ਼ਨ ਜਸਟਿਸ' (ਵੰਡਾਤਮਕ ਨਿਆਂ) ਦੀ ਥਿਊਰੀ ਯਾਦ ਆਉਂਦੀ ਹੈ, ਜਿਸ ਵਿੱਚ ਕੇਕ ਕੱਟਣ ਦੀ ਮਿਸਾਲ ਦਿੱਤੀ ਗਈ ਹੈ। ਰੌਲਜ਼ ਕਹਿੰਦੇ ਹਨ ਕਿ ਜੇ ਕਿਸੇ ਨੂੰ ਪਹਿਲਾਂ ਤੋਂ ਦੱਸ ਕੇ ਕੇਕ ਕੱਟਣ ਲਈ ਕਿਹਾ ਜਾਏ ਤਾਂ ਉਹ ਆਪਣੇ ਹਿੱਸੇ ਵਿੱਚ ਜ਼ਿਆਦਾ ਕੇਕ ਕੱਟ ਲੈਂਦਾ ਹੈ, ਪਰ ਜੇ ਉਸ ਨੂੰ ਇਹ ਪਤਾ ਨਾ ਹੋਵੇ ਕਿ ਉਸ ਨੂੰ ਕਿਹੜਾ ਟੁਕੜਾ ਮਿਲੇਗਾ ਤਾਂ ਉਹ ਬਰਾਬਰ ਕੱਟਦਾ ਹੈ। ਭਾਰਤੀ ਯੂਨੀਵਰਸਿਟੀਆਂ ਵਿੱਚ 'ਕੇਕ' (ਵਸੀਲੇ, ਅਹੁਦੇ ਤੇ ਸਨਮਾਨ) ਕੱਟਣ ਵਾਲੇ ਜਿਹੜੇ ਲੋਕ ਸਿਖਰ 'ਤੇ ਬੈਠੇ ਹਨ, ਦਰਅਸਲ ਇਸ ਨੂੰ ਸਾਰਿਆਂ ਵਿਚਾਲੇ ਵੰਡਣਾ ਹੀ ਨਹੀਂ ਚਾਹੁੰਦੇ। ਉਹ ਆਪਣੀ ਚੌਧਰ ਬਣਾਈ ਰੱਖਣੀ ਚਾਹੁੰਦੇ ਹਨ, ਜੋ ਪੀ ਐੱਚ ਡੀ ਦਾਖਲੇ ਤੋਂ ਲੈ ਕੇ ਪ੍ਰੋਫੈਸਰਾਂ ਦੀਆਂ ਨਿਯੁਕਤੀਆਂ ਤੱਕ ਦੇਖਣ ਨੂੰ ਮਿਲਦੀ ਹੈ।

ਉੱਤਰ ਭਾਰਤ ਦੀਆਂ ਯੂਨੀਵਰਸਿਟੀਆਂ ਵਿੱਚ ਪਿਛਲੇ 25 ਸਾਲਾਂ ਵਿੱਚ ਇੱਕ ਅਨੋਖਾ ਤੇ ਵਿਰੋਧਾਭਾਸੀ ਵਿਦਿਆਰਥੀ ਅੰਦੋਲਨ ਦੇਖਣ ਨੂੰ ਮਿਲਿਆ ਹੈ। ਇਹ ਅੰਦੋਲਨ ਹੁਣ ਦੋ ਸਪੱਸ਼ਟ ਹਿੱਸਿਆਂ ਵਿੱਚ ਵੰਡ ਹੋ ਚੁੱਕਾ ਹੈ : ਇੱਕ ਉਹ ਜਿਹੜਾ ਸੁਪਰੀਮ ਕੋਰਟ ਦੀ ਨੋਟੀਫਿਕੇਸ਼ਨ 'ਤੇ ਰੋਕ ਤੋਂ ਪਹਿਲਾਂ ਸੀ ਤੇ ਦੂਜਾ, ਜਿਹੜਾ ਰੋਕ ਤੋਂ ਬਾਅਦ ਸ਼ੁਰੂ ਹੋਇਆ ਅਤੇ ਲਗਾਤਾਰ ਵੱਡਾ ਆਕਾਰ ਲੈਂਦਾ ਜਾ ਰਿਹਾ ਹੈ, ਜਿਸ ਨੂੰ ਮੁੱਖ ਧਾਰਾ ਦਾ ਮੀਡੀਆ ਦਿਖਾਉਣ ਤੋਂ ਬਚ ਰਿਹਾ ਹੈ। ਜਦੋਂ ਆਮ ਵਰਗ ਦੇ ਵਿਦਿਆਰਥੀ ਸੜਕਾਂ 'ਤੇ ਆਏ ਤਾਂ ਮਹਿਜ਼ ਦੋ ਦਿਨਾਂ ਦੇ ਵਿੱਚ ਸੁਪਰੀਮ ਕੋਰਟ ਨੇ ਯੂਨੀਵਰਸਿਟੀ ਗਰਾਂਟਸ ਕਮਿਸ਼ਨ (ਯੂ ਜੀ ਸੀ) ਦੇ ਨੋਟੀਫਿਕੇਸ਼ਨ 'ਤੇ ਰੋਕ ਲਾ ਦਿੱਤੀ। ਇਹ ਉਹੀ ਦੌਰ ਸੀ ਜਦੋਂ 'ਹਿੰਦੂ ਸਮਰਾਟ' ਕਹੇ ਜਾਣ ਵਾਲੇ ਨਰਿੰਦਰ ਮੋਦੀ ਰਾਤੋ-ਰਾਤ 'ਸਵਰਨ' ਮੁਜ਼ਾਹਰਾਕਾਰੀਆਂ ਲਈ ਸਿਰਫ 'ਤੇਲੀ' ਬਣ ਗਏ। ਉਨ੍ਹਾਂ ਨਾਅਰੇ ਲਾਏ 'ਤੇਲੀ ਤੇਲ ਲਾ ਗਿਆ'। ਯੂ ਪੀ ਦੇ ਗੋਂਡਾ ਵਿੱਚ ਤਾਂ 'ਮੋਦੀ ਤੇਰੀ ਕਬਰ ਖੁਦੇਗੀ ਯੂ ਜੀ ਸੀ ਦੀ ਧਰਤੀ ਉੱਤੇ' ਦੇ ਨਾਅਰੇ ਵੀ ਲੱਗੇ, ਪਰ ਉਨ੍ਹਾਂ 'ਤੇ ਨਾ ਮੁਕੱਦਮਾ ਹੋਇਆ ਤੇ ਨਾ ਹੀ ਮੀਡੀਆ ਟਰਾਇਲ ਚੱਲਿਆ। ਇਸ ਦੇ ਉਲਟ ਜਦੋਂ ਇਸੇ ਤਰ੍ਹਾਂ ਦੇ ਨਾਅਰੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਵਿੱਚ ਲੱਗੇ ਸਨ ਤਾਂ ਵਿਦਿਆਰਥੀਆਂ 'ਤੇ ਮੁਕੱਦਮਿਆਂ ਦੀ ਝੜੀ ਲੱਗ ਗਈ। ਇਹ ਵਿਰੋਧਾਭਾਸ ਦਰਸਾਉਂਦਾ ਹੈ ਕਿ ਆਮ ਵਰਗ (ਜਨਰਲ ਕੈਟੇਗਰੀ) ਲਈ ਸਰਕਾਰ ਕੋਲ ਵੱਖਰਾ ਕਾਨੂੰਨ ਹੈ। ਨਾਲ ਹੀ ਆਮ ਵਰਗ ਦੇ ਅੰਦੋਲਨ ਦੇ ਲੱਗੇ ਨਾਅਰੇ ਦਰਸਾਉਂਦੇ ਹਨ ਕਿ ਉਨ੍ਹਾਂ ਲਈ ਕਲਾਸ (ਵਰਗ) ਮਾਅਨੇ ਨਹੀਂ ਰੱਖਦੀ, ਉਨ੍ਹਾਂ ਲਈ ਤੁਹਾਡੀ ਪਛਾਣ ਤੁਹਾਡੀ ਜਾਤੀ ਹੀ ਰਹੇਗੀ। ਤੁਸੀਂ ਪ੍ਰਧਾਨ ਮੰਤਰੀ ਬਣ ਜਾਓ ਜਾਂ 'ਅਪਰ ਕਲਾਸ' ਵਿੱਚ ਸ਼ਾਮਲ ਹੋ ਜਾਓ, ਯਥਾਸਥਿਤੀਵਾਦੀ ਸੋਚ ਲਈ ਤੁਸੀਂ 'ਤੇਲੀ' ਹੀ ਰਹੋਗੇ, ਪੱਛੜੇ ਹੀ ਰਹੋਗੇ। ਇਸੇ ਸੋਚ ਦੇ ਖਿਲਾਫ ਯੂ ਜੀ ਸੀ ਨੇ ਨਿਯਮ ਲਿਆਂਦਾ ਸੀ। ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਵੀ ਇਹੀ ਹਾਲ ਕੀਤਾ ਗਿਆ, ਜਿਨ੍ਹਾ ਨੂੰ ਸੱਜ-ਪਿਛਾਖੜੀਆਂ ਨੇ ਓ ਬੀ ਸੀ ਹੋਣ ਦੇ ਕਾਰਨ ਜਾਤੀਸੂਚਕ ਗਾਲ਼ਾਂ ਕੱਢੀਆਂ।

ਇਤਿਹਾਸ ਗਵਾਹ ਹੈ ਕਿ ਜਦ ਸਰਕਾਰ ਦੀ ਮਨਸ਼ਾ ਸਾਫ ਹੁੰਦੀ ਹੈ ਤਾਂ ਕਾਨੂੰਨ ਅਦਾਲਤਾਂ ਵਿੱਚ ਨਹੀਂ ਰੁਕਦੇ। ਆਰਥਕ ਤੌਰ 'ਤੇ ਪੱਛੜਿਆਂ ਲਈ ਰਿਜ਼ਰਵੇਸ਼ਨ ਤੇ ਵੀ ਪੀ ਸਿੰਘ ਦੇ ਸਮੇਂ ਓ ਬੀ ਸੀ ਰਿਜ਼ਰਵੇਸ਼ਨ ਨੂੰ ਕੋਰਟ ਵਿੱਚ ਚੈਲੰਜ ਕੀਤਾ ਗਿਆ, ਪਰ ਸਟੇਅ ਨਹੀਂ ਹੋਏ, ਪਰ ਯੂ ਜੀ ਸੀ ਦਾ ਇਕੁਇਟੀ ਰੂਲ, ਜਿਹੜਾ ਪਹਿਲੀ ਵਾਰ ਅਧਿਕਾਰਕ ਤੌਰ 'ਤੇ ਸਵੀਕਾਰ ਕਰ ਰਿਹਾ ਸੀ ਕਿ ਓ ਬੀ ਸੀ ਦੇ ਵਿਦਿਆਰਥੀਆਂ ਨਾਲ ਵਿਤਕਰਾ ਹੁੰਦਾ ਹੈ, ਕੋਰਟ ਵਿੱਚ ਜਾਂਦਿਆਂ ਹੀ ਪਿਟ ਗਿਆ। ਇਹ ਸਪੱਸ਼ਟ ਦਰਸਾਉਂਦਾ ਹੈ ਕਿ ਮੌਜੂਦਾ ਸਰਕਾਰ ਦੀ ਇਸ ਨਿਯਮ ਨੂੰ ਲੈ ਕੇ ਕੋਈ ਠੋਸ ਸਿਆਸੀ ਇੱਛਾ-ਸ਼ਕਤੀ ਹੀ ਨਹੀਂ ਸੀ। ਇਹ ਨਿਯਮ ਦਰਅਸਲ ਪੱਛੜਿਆਂ ਨੂੰ ਦਿੱਤਾ ਗਿਆ ਲਾਲੀਪੌਪ ਸੀ, ਜਿਸ ਦਾ ਮਕਸਦ ਵਿਦਿਆਰਥੀਆਂ ਨੂੰ ਬੁਨਿਆਦੀ ਮੁੱਦਿਆਂ ਤੋਂ ਭਟਕਾ ਕੇ ਆਪਸ ਵਿੱਚ ਲੜਾਉਣਾ ਸੀ। ਸਰਕਾਰ ਨੇ ਇੱਕ ਅਜਿਹਾ ਕੱਚਾ ਨਿਯਮ ਪੇਸ਼ ਕੀਤਾ, ਜਿਹੜਾ ਕਾਨੂੰਨੀ ਕਸੌਟੀ 'ਤੇ ਟਿਕ ਹੀ ਨਾ ਸਕੇ, ਤਾਂ ਕਿ ਸਵਰਨ ਤੇ ਓ ਬੀ ਸੀ ਵਿਦਿਆਰਥੀ ਇੱਕ-ਦੂਜੇ ਨਾਲ ਭਿੜਨ ਲੱਗਣ ਤੇ ਸੱਤਾ ਸੁਰੱਖਿਅਤ ਰਹੇ। ਜੇ ਮੋਦੀ ਸਰਕਾਰ ਵਾਕਈ ਬਹੁਜਨ ਹਿਤੈਸ਼ੀ ਹੈ ਤਾਂ ਉਹ ਇਸ ਨਿਯਮ ਨੂੰ ਯੂ ਜੀ ਸੀ ਦੇ ਪਿਛਲੇ ਦਰਵਾਜ਼ੇ ਤੋਂ ਕਿਉਂ ਲਿਆਈ? ਮੁਕੰਮਲ ਬਿੱਲ ਸੰਸਦ ਵਿੱਚ ਲਿਆਉਂਦੀ ਤਾਂ ਜੋ ਚੈਲੰਜ ਹੀ ਨਾ ਹੁੰਦਾ।

ਜਿਹੜੇ ਲੋਕ ਦਲੀਲ ਦਿੰਦੇ ਹਨ ਕਿ ਭਾਰਤ ਵਿੱਚ ਹੁਣ ਜਾਤੀਵਾਦ ਨਹੀਂ ਹੁੰਦਾ ਜਾਂ ਅਸੀਂ ਕਦੇ ਪੱਛੜਿਆਂ ਨਾਲ ਵਿਤਕਰਾ ਨਹੀਂ ਕੀਤਾ, ਉਨ੍ਹਾਂ ਨੂੰ ਅਫਰੀਕਨ ਇਤਿਹਾਸਕਾਰ ਚਿਨੁਆ ਅਚੇਬੇ ਦੇ ਬੋਲ ਚੇਤੇ ਰੱਖਣੇ ਚਾਹੀਦੇ ਹਨ : ਇਤਿਹਾਸ ਨੂੰ ਸਿਰਫ ਸ਼ਿਕਾਰੀ ਦੀ ਨਿਗਾਹ ਨਾਲ ਨਾ ਦੇਖੋ, ਸਗੋਂ ਉਸ ਨੂੰ ਸ਼ਿਕਾਰ ਹੋਣ ਵਾਲੇ ਦੀ ਨਿਗਾਹ ਨਾਲ ਵੀ ਦੇਖੋ, ਤਦ ਸਚਾਈ ਸਮਝ ਵਿੱਚ ਆਉਂਦੀ ਹੈ। ਯੂਨੀਵਰਸਿਟੀ ਵਿੱਚ ਇੱਕ ਐੱਸ ਸੀ/ਐੱਸ ਟੀ/ਓ ਬੀ ਸੀ ਵਿਦਿਆਰਥੀ ਕੀ ਝਲਦਾ ਹੈ, ਇਹ ਉਹੀ ਜਾਣਦਾ ਹੈ। ਇੱਕ ਵਿਦਿਆਰਥੀ ਭਾਵੇਂ ਯੂਨੀਵਰਸਿਟੀ ਟਾਪ ਕਰ ਲਵੇ, ਫਿਰ ਵੀ ਉਸ ਨੂੰ 'ਕੋਟੇ ਵਾਲਾ' ਹੀ ਕਿਹਾ ਜਾਂਦਾ ਹੈ। ਵਿਤਕਰਾ ਅਦ੍ਰਿਸ਼ ਭਲੇ ਕਿਹਾ ਜਾ ਰਿਹਾ ਹੈ, ਪਰ ਡੂੰਘਾ ਹੈ। ਕੇਂਦਰੀ ਯੂਨੀਵਰਸਿਟੀਆਂ ਵਿੱਚ ਓ ਬੀ ਸੀ ਦੇ 80 ਫੀਸਦੀ ਅਹੁਦਿਆਂ ਦਾ ਖਾਲੀ ਹੋਣਾ ਇਸ ਵਿਤਕਰੇ ਦਾ ਸਭ ਤੋਂ ਵੱਡਾ ਦਸਤਾਵੇਜ਼ੀ ਸਬੂਤ ਹੈ।

ਨਵੇਂ ਨਿਯਮ ਨੂੰ ਪਹਿਲੀ ਵਾਰ ਲਾਜ਼ਮੀ ਬਣਾਇਆ ਗਿਆ ਸੀ। ਇਸ ਵਿੱਚ ਵਿਤਕਰੇ ਦੀ ਸ਼ਿਕਾਇਤ ਦੇ 24 ਘੰਟਿਆਂ ਦੇ ਅੰਦਰ ਬੈਠਕ ਤੇ 15 ਦਿਨਾਂ ਵਿੱਚ ਜਾਂਚ ਪੂਰੀ ਕਰਨੀ ਜ਼ਰੂਰੀ ਸੀ, ਪਰ ਇਸ ਦਾ ਵਿਰੋਧ ਇੱਕ ਖਾਸ ਪ੍ਰੀਭਾਸ਼ਾ 'ਤੇ ਕੇਂਦਰਤ ਕਰ ਦਿੱਤਾ ਗਿਆ। ਨਿਯਮ ਵਿੱਚ ਇਹ ਕਿਹਾ ਗਿਆ ਕਿ ਜਾਤੀਗਤ ਵਿਤਕਰਾ ਰਿਜ਼ਰਵ ਵਰਗਾਂ ਦੇ ਖਿਲਾਫ ਹੁੰਦਾ ਹੈ। ਸਵਰਨ ਕ੍ਰੋਧਿਤ ਹੋ ਗਏ ਕਿ ਇਹ ਪਹਿਲਾਂ ਹੀ ਮੰਨ ਲਿਆ ਗਿਆ ਕਿ ਵਿਤਕਰਾ ਉਹੀ ਕਰਦੇ ਹਨ, ਇਸ ਲਈ ਇਹ ਨਿਯਮ ਬਰਾਬਰੀ ਦੇ ਸਿਧਾਂਤ ਦੀ ਉਲੰਘਣਾ ਕਰਦਾ ਹੈ।

ਅੱਜ ਉੱਤਰ ਭਾਰਤ ਦੀਆਂ ਯੂਨੀਵਰਸਿਟੀਆਂ ਵਿੱਚ ਸਾਂਝਾ ਦਰਦ ਗਾਇਬ ਹੋ ਗਿਆ ਹੈ। ਵਿਦਿਆਰਥੀ ਫੀਸ ਵਾਧੇ ਜਾਂ ਬੇਰੁਜ਼ਗਾਰੀ ਦੀ ਗੱਲ ਨਹੀਂ ਕਰ ਰਹੇ, ਸਗੋਂ ਇਸ ਗੱਲ 'ਤੇ ਲੜ ਰਹੇ ਹਨ ਕਿ ਯੂ ਜੀ ਸੀ ਦਾ ਨਿਯਮ ਸਹੀ ਹੈ ਜਾਂ ਗਲਤ ਹੈ। ਸੱਤਾ ਇਹੀ ਚਾਹੁੰਦੀ ਸੀ। ਜਦੋਂ ਤੱਕ ਵਿਦਿਆਰਥੀ ਆਪਸ ਵਿੱਚ ਜਾਤ ਦੇ ਨਾਂਅ 'ਤੇ ਲੜਨਗੇ, ਤਦ ਤੱਕ ਕੋਈ ਸਰਕਾਰ ਨੂੰ ਇਹ ਨਹੀਂ ਪੁੱਛੇਗਾ ਕਿ ਲਾਇਬ੍ਰੇਰੀ ਵਿੱਚ ਕਿਤਾਬਾਂ ਕਿਉਂ ਨਹੀਂ ਹਨ ਜਾਂ ਨੌਕਰੀਆਂ ਕਿਉਂ ਖਤਮ ਕੀਤੀਆਂ ਜਾ ਰਹੀਆਂ ਹਨ। ਅਸਲ ਵਿੱਚ ਇਹ ਲੜਾਈ ਸਵਰਨਾਂ ਤੇ ਪੱਛੜਿਆਂ ਦੀ ਨਹੀਂ ਹੈ। ਸਵਰਨ ਵਿਦਿਆਰਥੀਆਂ ਨੂੰ ਸਮਝਣਾ ਹੋਵੇਗਾ ਕਿ ਉਨ੍ਹਾਂ ਦਾ ਹੱਕ ਦਲਿਤ ਵਿਦਿਆਰਥੀ ਨਹੀਂ ਮਾਰ ਰਹੇ, ਸਗੋਂ ਨਿੱਜੀਕਰਨ ਮਾਰ ਰਿਹਾ ਹੈ, ਜਿਹੜਾ ਵਿੱਦਿਆ ਨੂੰ ਇੱਕ ਉਤਪਾਦ ਬਣਾ ਰਿਹਾ ਹੈ। ਬਹੁਜਨ ਵਿਦਿਆਰਥੀਆਂ ਨੂੰ ਵੀ ਸਮਝਣਾ ਹੋਵੇਗਾ ਕਿ ਇਹ ਸਰਕਾਰ ਉਨ੍ਹਾਂ ਦੇ ਜ਼ਖਮਾਂ 'ਤੇ ਮਰਹਮ ਲਾਉਣ ਦਾ ਸਿਰਫ ਨਾਟਕ ਕਰ ਰਹੀ ਹੈ। ਜਦੋਂ ਤੱਕ ਵਿਦਿਆਰਥੀ ਵਿਵਸਥਾ ਬਦਲਣ ਦੀ ਥਾਂ ਆਪਸ ਵਿੱਚ ਲੜਦੇ ਰਹਿਣਗੇ, ਸ਼ਿਕਾਰੀ ਦੀ ਜਿੱਤ ਤੈਅ ਹੈ।

ਪੰਜਾਬ 'ਚ ਗੈਂਗਸਟਰਵਾਦ ਨਾਲ ਨਜਿੱਠਣ ਦਾ ਮਸਲਾ

ਕੰਵਲਜੀਤ ਕੌਰ ਗਿੱਲ

ਗੈਂਗਸਟਰ, ਉਹ ਗਰੋਹ ਦੇ ਮੈਂਬਰ ਹੁੰਦੇ ਹਨ, ਜਿਹੜੇ ਸੋਚੇ-ਸਮਝੇ ਢੰਗ ਨਾਲ ਅਪਰਾਧਿਕ ਗਤੀਵਿਧੀਆਂ ਨੂੰ ਅੰਜ਼ਾਮ ਦਿੰਦੇ ਹਨ। ਇਹ ਹਰ ਪ੍ਰਕਾਰ ਦੀਆਂ ਸਮਾਜ ਵਿਰੋਧੀ ਕਾਰਵਾਈਆਂ, ਲੁੱਟਾਂ-ਖੋਹਾਂ, ਨਜਾਇਜ਼ ਹਥਿਆਰਾਂ ਦੀ ਸਪਲਾਈ, ਸਮਗਲਿੰਗ, ਨਸ਼ਾ ਤਸਕਰੀ ਅਤੇ ਮਨੁੱਖੀ ਤਸਕਰੀ ਤੋਂ ਲੈ ਕੇ ਫਰੌਤੀਆਂ ਲੈਣ ਉਪਰੰਤ ਕਤਲ ਕਰਨ ਤੱਕ ਦੇ ਕੰਮ ਵੀ ਕਰਦੇ ਹਨ। ਇਹ ਵੀ ਨਿਸਚਿਤ ਹੈ ਕਿ ਸਮੇਂ ਦੀਆਂ ਸਰਕਾਰਾਂ ਇਹਨਾਂ ਨੂੰ ਛੇਤੀ ਕੀਤਿਆਂ ਹੱਥ ਨਹੀਂ ਪਾਉਂਦੀਆਂ, ਸਗੋਂ ਆਪਣੀ ਸੌੜੀ ਰਾਜਨੀਤੀ ਲਈ ਜ਼ਰੂਰਤ ਪੈਣ 'ਤੇ ਵਰਤਦੀਆਂ ਵੀ ਹਨ।

ਗੈਂਗਸਟਰਵਾਦ ਦਾ ਦਹਾਕਿਆਂ ਪੁਰਾਣਾ ਇਤਿਹਾਸਕ ਪਿਛੋਕੜ ਹੈ। ਅਜੋਕੇ ਸਮੇਂ ਵਿੱਚ ਵਧ ਰਹੀ ਆਰਥਿਕ ਨਾ-ਬਰਾਬਰੀ, ਨੌਜਵਾਨਾਂ ਵਿੱਚ ਵਧ ਰਹੀ ਬੇਰੁਜ਼ਗਾਰੀ (ਜਿਹੜੀ ਪੰਜਾਬ ਵਿੱਚ ਇਸ ਵੇਲੇ ਲਗਭਗ 27-28 % ਹੈ), ਸਮਾਜਿਕ ਜਾਤੀਵਾਦ ਅਤੇ ਸ਼੍ਰੇਣੀ ਵੰਡ, ਸਿੱਖਿਆ ਦੇ ਮਿਆਰ ਦਾ ਨਿਘਾਰ, ਆਦਿ ਖਾਸ ਮੁੱਦੇ ਹਨ, ਜਿਸ ਕਾਰਨ ਨੌਜਵਾਨ ਗੈਂਗਸਟਰਾਂ ਵਿੱਚ ਸ਼ਾਮਲ ਹੋ ਰਹੇ ਹਨ।ਕੁਝ ਨੌਜਵਾਨ ਗੈਂਗਸਟਰਾਂ ਦੀ ਇਸ ਅਪਰਾਧਿਕ ਦੁਨੀਆਂ ਵਿੱਚ ਗਰੀਬੀ ਅਤੇ ਮਜਬੂਰੀਵੱਸ ਆ ਜਾਂਦੇ ਹਨ। ਕੁਝ ਤੁਰੰਤ ਅਮੀਰ ਹੋਣ ਦੀ ਲਾਲਸਾ ਵੱਲ ਖਿੱਚੇ ਜਾਂਦੇ ਹਨ।ਸੋਸ਼ਲ ਮੀਡੀਆ ਦੀ ਚਕਾਚੌਂਧ ਅਤੇ ਹਿੰਸਾ ਨੂੰ ਉਕਸਾਉਣ ਵਾਲਾ ਸੱਭਿਆਚਾਰ, ਗੀਤ-ਸੰਗੀਤ ਵੀ ਅੱਲ੍ਹੜ ਉਮਰ ਦੀ ਜਵਾਨੀ ਨੂੰ ਪ੍ਰਭਾਵਤ ਕਰਦੇ ਹਨ।ਤਕਨੀਕੀ ਵਿਕਾਸ ਅਤੇ ਵਿਸ਼ਵੀਕਰਨ ਦੇ ਮੌਜੂਦਾ ਦੌਰ ਵਿੱਚ ਦੁਨੀਆ ਭਰ ਦੇ ਦੇਸ਼ਾਂ ਵਿਚਕਾਰ ਆਰਥਿਕ, ਸੱਭਿਆਚਾਰਕ, ਰਾਜਨੀਤਕ ਅਤੇ ਤਕਨੀਕੀ ਸੰਸਥਾਵਾਂ ਦਾ ਪਰਸਪਰ ਸੁਮੇਲ ਹੈ। ਪੂੰਜੀ, ਤਕਨੀਕ, ਆਧੁਨਿਕ ਜਾਣਕਾਰੀ ਅਤੇ ਵਸਤਾਂ ਦਾ ਵਹਾਅ ਦੇਸ਼ ਦੀਆਂ ਸਮਾਵਾਂ ਤੋਂ ਪਾਰ ਹੋ ਕੇ ਪੂਰੀ ਦੁਨੀਆ ਵਿੱਚ ਤੇਜ਼ੀ ਨਾਲ ਫੈਲ ਰਿਹਾ ਹੈ। ਟੈਕਨੋਲੋਜੀ ਨਾਲ ਸਾਈਬਰ ਕ੍ਰਾਈਮ ਕਰਨ ਵਾਲੇ ਡਿਜੀਟਲ ਸੰਦਾਂ ਦੀ ਸਹਾਇਤਾ ਨਾਲ ਵਿੱਤੀ ਚੋਰੀਆਂ, ਧੋਖਾਧੜੀ, ਸਾਈਬਰ ਬੁਲਿੰਗ ਆਦਿ ਜਿਹੇ ਅਪਰਾਧ ਕਰਦੇ ਹਨ। ਵਸਤਾਂ ਅਤੇ ਹਥਿਆਰਾਂ ਦੀ ਸਮਗਲਿੰਗ ਅਤੇ ਨਸ਼ਿਆਂ ਦੀ ਬਾਰਡਰ ਤੋਂ ਪਾਰ ਸਪਲਾਈ ਵੀ ਕੁਝ ਭ੍ਰਿਸ਼ਟ ਅਫ਼ਸਰਾਂ ਕਾਰਨ ਸੌਖੀ ਹੋ ਜਾਂਦੀ ਹੈ।

ਪੰਜਾਬ ਰਾਜ ਵਿੱਚ ਗੈਂਗਸਟਰਾਂ ਅਤੇ ਉਹਨਾਂ ਨਾਲ ਸੰਬੰਧਤ ਗਰੋਹਾਂ ਨੂੰ ਖਤਮ ਕਰਨ ਵਾਸਤੇ ਪੰਜਾਬ ਸਰਕਾਰ ਵੱਲੋਂ ਜੰਗੀ ਪੱਧਰ 'ਤੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। 'ਅਪਰੇਸ਼ਨ ਪ੍ਰਹਾਰ' ਤਹਿਤ ਦੇਸ਼ਾਂ-ਵਿਦੇਸ਼ਾਂ ਵਿੱਚ ਬੈਠੇ ਗੈਂਗਸਟਰਾਂ ਤੇ ਉਹਨਾਂ ਦੀ ਮਦਦ ਕਰ ਰਹੇ ਸਾਥੀਆਂ ਦੀ ਸ਼ਨਾਖਤ ਕਰਕੇ ਉਹਨਾਂ ਦੇ ਨੈੱਟਵਰਕ ਨੂੰ ਜੜ੍ਹੋਂ ਖਤਮ ਕਰਨ ਦਾ ਅਹਿਦ ਸਰਕਾਰ ਵੱਲੋਂ ਲਿਆ ਗਿਆ ਹੈ। ਇਸ ਕਾਰਜ ਵਾਸਤੇ 12000 ਦੇ ਕਰੀਬ ਪੁਲਸ ਕਰਮਚਾਰੀਆਂ ਦੀਆਂ 2000 ਟੁਕੜੀਆਂ ਬਣਾਈਆਂ ਗਈਆਂ ਹਨ। ਇਹ ਵੀ ਕਿਹਾ ਜਾ ਰਿਹਾ ਹੈ ਕਿ 72 ਘੰਟਿਆਂ ਦੇ ਵਿੱਚ-ਵਿੱਚ ਪੰਜਾਬ ਰਾਜ ਵਿੱਚੋਂ ਗੈਂਗਸਟਰਾਂ ਦਾ ਸਫ਼ਾਇਆ ਕਰ ਦਿੱਤਾ ਜਾਵੇਗਾ ਅਤੇ ਇਹਨਾਂ ਦਾ ਸਾਥ ਦੇਣ ਵਾਲੇ ਵਿਦੇਸ਼ਾਂ ਵਿੱਚ ਬੈਠੇ ਲੀਡਰਾਂ ਨੂੰ ਤਿੰਨ ਮਹੀਨਿਆਂ ਦੇ ਅੰਦਰ-ਅੰਦਰ ਵਾਪਸ ਆਉਣ ਜਾਂ ਆਪਣੇ ਆਪ ਨੂੰ ਸਮਰਪਣ ਕਰਨ ਲਈ ਮਜਬੂਰ ਕਰ ਲਿਆ ਜਾਵੇਗਾ। ਵਿਦੇਸ਼ਾਂ ਵਿੱਚ ਬੈਠੇ ਭਾਰਤੀ ਅਪਰਾਧੀਆਂ ਨਾਲ ਨਜਿੱਠਣ ਲਈ ਓਵਰਸੀਜ਼ ਫਿਊਜ਼ਿਟਿਵ ਟਰੈਕਿੰਗ ਅਤੇ ਐਕਸਟਰੈਕਸ਼ਨ ਸੈੱਲ (OFTEC) ਦੀ ਸਥਾਪਨਾ ਕੀਤੀ ਗਈ ਹੈ।

ਪੰਜਾਬ ਵਿੱਚ ਨਸ਼ਿਆਂ ਤੋਂ ਇਲਾਵਾ ਲੁੱਟਾਂ-ਖੋਹਾਂ, ਫਰੌਤੀਆਂ ਲੈ ਕੇ ਕਤਲ ਕਰਨੇ, ਅਗਵਾ ਕਰਨ ਦੀਆਂ ਘਟਨਾਵਾਂ ਦੇ ਨਾਲ-ਨਾਲ ਸਾਈਬਰ ਕ੍ਰਾਈਮ ਅਤੇ ਧੋਖਾਧੜੀ ਦੇ ਕੇਸ ਦਿਨੋਂ-ਦਿਨ ਵੱਧ ਰਹੇ ਹਨ। ਸਹਿਜੇ ਹੀ ਸੁਆਲ ਉਠਦਾ ਹੈ ਕਿ ਨੌਜਵਾਨ ਗੈਂਗਸਟਰਵਾਦ ਅਤੇ ਹੋਰ ਇਹੋ ਜਿਹੀਆਂ ਸਮਾਜ ਵਿਰੋਧੀ ਅਪਰਾਧਿਕ ਕਰਵਾਈਆਂ ਕਰਨ ਵੱਲ ਕਿਉਂ ਜਾ ਰਹੇ ਹਨ? ਇਸ ਰੁਝਾਣ ਵਾਸਤੇ ਕੌਣ ਜ਼ਿੰਮੇਵਾਰ ਹੈ? ਜਦੋਂ ਗਰੀਬ ਘਰਾਂ ਦੇ ਬੱਚੇ ਇਹਨਾਂ ਗਰੋਹਾਂ ਵਿੱਚ ਸ਼ਾਮਲ ਹੋ ਜਾਂਦੇ ਹਨ ਤਾਂ ਘਰਾਂ ਦੇ ਘਰ ਉਜੜ ਜਾਂਦੇ ਹਨ। ਇਸ ਵਰਤਾਰੇ ਨੂੰ ਰੋਕਣ ਵਾਸਤੇ ਸਰਕਾਰੀ ਮਸ਼ੀਨਰੀ ਅਤੇ ਕਾਨੂੰਨ ਦੀ ਕੀ ਜ਼ਿੰਮੇਵਾਰੀ ਬਣਦੀ ਹੈ, ਪਰੰਤੂ ਪੁਲਸ ਫੋਰਸ ਲਗਾ ਕੇ ਗੈਂਗਸਟਰਾਂ ਨੂੰ ਕਾਬੂ ਕਰਨ ਲਈ ਗੈਂਗਸਟਰਾਂ 'ਤੇ ਵਾਰ ਦਾ ਜੋ ਰਸਤਾ ਪੰਜਾਬ ਸਰਕਾਰ ਨੇ ਅਖਤਿਆਰ ਕੀਤਾ ਹੈ, ਉਸ ਦੇ ਸੰਬੰਧ ਵਿੱਚ ਕਿਸੇ ਯੂਨੀਵਰਸਿਟੀ ਜਾਂ ਖੋਜ ਸੰਸਥਾ ਵੱ

7-FEB-PAGE-5.qxd 2/6/2026 10:53 PM Page 1

ਇਨਸਾਫ਼ ਨਾ ਮਿਲਣ ਕਾਰਨ ਕਿਸਾਨਾਂ 'ਚ ਭਾਰੀ ਰੋਸ, ਪਿੰਡ ਡੋਡ 'ਚ ਫੂਕਿਆ ਐੱਸ ਐੱਸ ਪੀ ਦਾ ਪੁਤਲਾ

ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)

ਭਾਰਤੀ ਕਿਸਾਨ ਯੂਨੀਅਨ (ਏਕਤਾ ਸਿੱਧੂਪੁਰ) ਵੱਲੋਂ ਜ਼ਿਲ੍ਹਾ ਫ਼ਰੀਦਕੋਟ ਦੇ ਕਿਸਾਨਾਂ ਦੇ ਲਟਕਦੇ ਮਸਲਿਆਂ ਤੇ ਪੁਲਸ ਦੀ ਕਥਿਤ ਢਿੱਲੀ ਕਾਰਗੁਜ਼ਾਰੀ ਖ਼ਿਲਾਫ਼ ਵਿੱਢੀ ਮੁਹਿੰਮ ਤਹਿਤ ਸਾਦਿਕ ਬਲਾਕ ਦੇ ਪਿੰਡ ਡੋਡ ਵਿਖੇ ਐਸ.ਐਸ.ਪੀ. ਫਰੀਦਕੋਟ ਦਾ ਪੁਤਲਾ ਫੂਕਿਆ ਗਿਆ।ਬਲਾਕ ਪ੍ਰਧਾਨ ਨਾਇਬ ਸਿੰਘ ਸ਼ੇਰ ਸਿੰਘ ਵਾਲਾ ਦੀ ਅਗਵਾਈ ਹੇਠ ਇਕੱਠੇ ਹੋਏ ਕਿਸਾਨਾਂ ਨੇ ਪੁਲਸ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।

ਬਲਾਕ ਪ੍ਰਧਾਨ ਨਾਇਬ ਸਿੰਘ ਨੇ ਦੱਸਿਆ ਕਿ ਪਿੰਡ ਮੁਮਾਰਾ ਵਿੱਚ ਜਥੇਬੰਦੀ ਦੇ ਆਗੂ ਦੀ ਕੁੱਟਮਾਰ ਕਰਨ ਵਾਲੇ ਗੁੰਡਾ ਅਨਸਰਾਂ ਖ਼ਿਲਾਫ਼ ਵਾਰ-ਵਾਰ ਗੁਹਾਰ ਲਾਉਣ ਦੇ ਬਾਵਜੂਦ ਕੋਈ ਐਕਸ਼ਨ ਨਹੀਂ ਲਿਆ ਗਿਆ।ਉਨ੍ਹਾਂ ਦੋਸ਼ ਲਾਇਆ ਕਿ ਪੁਲਸ ਦੋਸ਼ੀਆਂ ਨੂੰ ਫੜਨ ਦੀ ਬਜਾਏ ਉਨ੍ਹਾਂ ਦੀ ਪਿੱਠ ਥਾਪੜ ਰਹੀ ਹੈ।

ਕਿਸਾਨ ਆਗੂਆਂ ਨੇ ਦੱਸਿਆ ਕਿ ਪਿੰਡ ਢਿੱਡੇ ਕਲਾਂ ਵਿਖੇ ਗੁਰਦੁਆਰਾ ਸਾਹਿਬ ਦੀ ਜ਼ਮੀਨ ਦੇ ਵਿਵਾਦ ਨੂੰ ਲੈ ਕੇ ਕੋਟਕਪੂਰਾ ਬਲਾਕ ਦੇ ਆਗੂ ਹਰਵਿਪਨ ਸਿੰਘ ਦੇ ਭਰਾ 'ਤੇ ਕਾਤਲਾਨਾ ਹਮਲਾ ਕੀਤਾ ਗਿਆ ਸੀ।ਸਵਾ ਮਹੀਨਾ ਬੀਤ ਜਾਣ ਦੇ ਬਾਵਜੂਦ ਪੁਲਸ ਨੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਹੀਂ ਕੀਤਾ, ਜਦਕਿ ਉਨ੍ਹਾਂ 'ਤੇ ਪਹਿਲਾਂ ਵੀ ਕਈ ਪਰਚੇ ਦਰਜ ਹਨ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਇਨਸਾਫ਼ ਦੇਣ ਦੀ ਬਜਾਏ ਪੀੜਤ ਧਿਰ ਨੂੰ ਹੀ ਰਾਜ਼ੀਨਾਮਾ ਕਰਨ ਲਈ ਡਰਾ-ਧਮਕਾ ਰਿਹਾ ਹੈ।

ਕਿਸਾਨਾਂ ਨੇ ਰੋਸ ਪ੍ਰਗਟਾਇਆ ਕਿ ਜਥੇਬੰਦੀ ਦੇ ਕੌਮੀ ਪ੍ਰਧਾਨ ਜਗਜੀਤ ਸਿੰਘ ਡੱਲੇਵਾਲਾ ਨੂੰ ਜਾਨੋਂ ਮਾਰਨ ਦੀ ਧਮਕੀ ਵਾਲੀ ਆਡੀਓ ਦੋ ਮਹੀਨਿਆਂ ਤੋਂ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ, ਪਰ ਪੁਲਸ ਨੇ ਇਸ ਮਾਮਲੇ 'ਚ ਵੀ ਚੁੱਪੀ ਧਾਰੀ ਹੋਈ ਹੈ।

ਕਿਸਾਨ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਜਲਦ ਗੱਲਬਾਤ ਰਾਹੀਂ ਮਸਲੇ ਨਾ ਸੁਲਝਾਏ ਤਾਂ 9 ਫਰਵਰੀ ਨੂੰ ਫ਼ਰੀਦਕੋਟ ਵਿਖੇ ਵੱਡੀ ਲਾਮਬੰਦੀ ਕਰਕੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ।ਇਸ ਤੋਂ ਇਲਾਵਾ ਉਨ੍ਹਾਂ ਕੇਂਦਰ ਦੀ ਮੋਦੀ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੇ ਫਰੀ ਟਰੇਡ ਸਮਝੌਤਿਆਂ ਦਾ ਵਿਰੋਧ ਕਰਦਿਆਂ ਕਿਹਾ ਕਿ ਇਹ ਕਿਸਾਨ ਵਿਰੋਧੀ ਫੈਸਲੇ ਹਨ, ਜਿਨ੍ਹਾਂ ਵਿਰੁੱਧ ਆਉਣ ਵਾਲੇ ਦਿਨਾਂ ਵਿੱਚ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਵੱਡਾ ਅੰਦੋਲਨ ਸ਼ੁਰੂ ਕਰੇਗਾ।

ਰਹੀਮਾਬਾਦ ਖੁਰਦ ਵਿਖੇ ਦੋ ਭਰਾਵਾਂ ਦੇ ਘਰੋਂ ਸੋਨੇ ਦੇ ਗਹਿਣੇ ਤੇ ਨਕਦੀ ਚੋਰੀ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਨੇੜਲੇ ਪਿੰਡ ਰਹੀਮਾਬਾਦ ਖੁਰਦ ਵਿਖੇ ਚੋਰਾਂ ਨੇ 2 ਸਕੇ ਭਰਾਵਾਂ ਘਰ ਸੋਨੇ ਦੇ ਗਹਿਣੇ ਤੇ ਨਕਦੀ ਚੋਰੀ ਕਰ ਲਈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੁਰਿੰਦਰ ਸਿੰਘ ਅਤੇ ਜੋਗਿੰਦਰ ਸਿੰਘ ਨੇ ਦੱਸਿਆ ਕਿ ਉਹ ਦੋਵੇਂ ਭਰਾ ਸ਼ਾਮ 7.30 ਵਜੇ ਦੇ ਕਰੀਬ ਆਪਣੇ ਪਰਿਵਾਰਾਂ ਸਮੇਤ ਮਾਛੀਵਾੜਾ ਵਿਖੇ ਰਿਸ਼ਤੇਦਾਰਾਂ ਨੂੰ ਮਿਲਣ ਲਈ ਗਏ ਸਨ। ਕਰੀਬ 10 ਵਜੇ ਤੋਂ ਬਾਅਦ ਜਦੋਂ ਉਹ ਆਪਣੇ ਘਰ ਪੁੱਜੇ ਤਾਂ ਉਨ੍ਹਾਂ ਦੇਖਿਆ ਕਿ ਜੋ ਘਰ ਅੱਗੇ ਤਾਲ੍ਹਾ ਲੱਗਾ ਸੀ ਉਹ ਖੁੱਲ੍ਹਿਆ ਹੋਇਆ ਸੀ ਅਤੇ ਅੰਦਰ ਕਮਰਿਆਂ ਵਿਚ ਪਈਆਂ ਅਲਮਾਰੀਆਂ ਦੀ ਫਰੋਲਾ-ਫਰਾਲੀ ਕੀਤੀ ਸੀ। ਸੁਰਿੰਦਰ ਸਿੰਘ ਨੇ ਦੱਸਿਆ ਕਿ ਉਸ ਦੇ ਕਮਰੇ 'ਚ ਪਈ ਅਲਮਾਰੀ ਨੂੰ ਤੋੜ ਕੇ ਚੋਰ 21 ਤੋਲੇ ਸੋਨੇ ਦੇ ਗਹਿਣੇ ਅਤੇ ਕਰੀਬ 30 ਤੋਂ 40 ਹਜ਼ਾਰ ਰੁਪਏ ਨਕਦੀ ਚੋਰੀ ਕਰਕੇ ਲੈ ਗਏ। ਦੂਸਰੇ ਭਰਾ ਜੋਗਿੰਦਰ ਸਿੰਘ ਨੇ ਦੱਸਿਆ ਕਿ ਚੋਰ ਉਸ ਦੇ ਕਮਰੇ 'ਚ ਪਈ ਅਲਮਾਰੀ 'ਚੋਂ ਕਰੀਬ 7 ਤੋਲੇ ਸੋਨੇ ਦੇ ਗਹਿਣੇ ਚੋਰੀ ਕਰਕੇ ਲੈ ਗਏ। ਪਰਿਵਾਰ ਨੇ ਦੱਸਿਆ ਕਿ ਕੁਝ ਮਹੀਨੇ ਪਹਿਲਾਂ ਵੀ ਉਨ੍ਹਾਂ ਦੇ ਘਰ ਚੋਰੀ ਹੋਈ ਸੀ ਪਰ ਉਸ ਸਮੇਂ ਆਪਣੇ ਤੌਰ 'ਤੇ ਚੋਰ ਨੂੰ ਕਾਬੂ ਕਰਕੇ ਸਮਾਨ ਵਾਪਸ ਲੈ ਲਿਆ ਸੀ।

ਮੈਰਿਜ ਪੈਲੇਸ ਤੋਂ ਕੂੜਾ ਚੁੱਕਣ ਵਾਲਾ ਮੁਲਾਜ਼ਮ ਮੁਅੱਤਲ

ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)-ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਵਲੋਂ ਦਫ਼ਤਰ ਵਿਚ ਭ੍ਰਿਸ਼ਟਾਚਾਰ ਖਤਮ ਕਰਨ ਅਤੇ ਮਨਮਾਨੀਆਂ ਕਰਨ ਵਾਲਿਆਂ ਖਿਲਾਫ਼ ਕਾਰਵਾਈ ਕਰਦਿਆਂ ਇੱਕ ਮੁਲਾਜ਼ਮ ਨੂੰ ਸਸਪੈਂਡ ਕਰ ਦਿੱਤਾ ਗਿਆ। ਨਗਰ ਕੌਂਸਲ ਪ੍ਰਧਾਨ ਮੋਹਿਤ ਕੁੰਦਰਾ ਨੇ ਦੱਸਿਆ ਕਿ ਕੌਂਸਲ ਦਾ ਇੱਕ ਕਰਮਚਾਰੀ ਪਿਛਲੇ ਕਾਫ਼ੀ ਸਮੇਂ ਤੋਂ ਜੇ.ਸੀ.ਬੀ. ਮਸ਼ੀਨ ਅਤੇ ਟਰਾਲੀਆਂ ਦੀ ਵਰਤੋਂ ਕਰਕੇ ਇੱਕ ਮੈਰਿਜ ਪੈਲੇਸ ਦਾ ਕੂੜਾ-ਕਰਕਟ ਚੁੱਕ ਰਿਹਾ ਸੀ ਜਿਸ ਦੀ ਨਾ ਕੋਈ ਸਰਕਾਰੀ ਪਰਚੀ ਕਟਵਾਈ ਗਈ ਅਤੇ ਨਾ ਹੀ ਅਧਿਕਾਰੀਆਂ ਨੂੰ ਕੋਈ ਜਾਣਕਾਰੀ ਸੀ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਜਦੋਂ ਉਨ੍ਹਾਂ ਨੂੰ ਪਤਾ ਲੱਗਾ ਕਿ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਕਰਕੇ ਪ੍ਰਾਈਵੇਟ ਤੌਰ 'ਤੇ ਕੰਮ ਕਰ ਮੁਲਾਜ਼ਮ ਆਪਣੀ ਜੇਬ ਰਿਹਾ ਹੈ ਤਾਂ ਉਨ੍ਹਾਂ ਇਸ ਮਾਮਲੇ ਵਿਚ ਇੱਕ ਕਰਮਚਾਰੀ ਗਗਨ ਨੂੰ ਮੁਅੱਤਲ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਮੈਰਿਜ ਪੈਲੇਸ ਨੂੰ ਵੀ ਪੱਤਰ ਲਿਖਿਆ ਗਿਆ ਹੈ ਕਿ ਉਸ ਨੇ ਇਹ ਬੇਨਿਯਮੀ ਕਿਉਂ ਕੀਤੀ।

58 ਸਕੂਲੀ ਬੱਚਿਆਂ ਨੂੰ ਐਨਕਾਂ ਵੰਡੀਆਂ

ਫ਼ਾਜ਼ਿਲਕਾ (ਨਿਸ਼ਾ ਸ਼ਰਮਾ)-ਡਾਕਟਰ ਕਵਿਤਾ ਸਿੰਘ ਸਿਵਲ ਸਰਜਨ ਦੀ ਉਚੇਚੀ ਨਿਗਰਾਨੀ ਵਿੱਚ ਅਤੇ ਡਾਕਟਰ ਗਗਨਦੀਪ ਸਿੰਘ (ਜਨਰਲ ਸਰਜਨ) ਸੀਨੀਅਰ ਮੈਡੀਕਲ ਅਫ਼ਸਰ ਵਹਾਬਵਾਲਾ ਦੀ ਦੇਖ-ਰੇਖ ਵਿੱਚ ਸਰਕਾਰੀ ਸਕੂਲ ਦੇ ਬੱਚਿਆਂ ਨੂੰ ਐਨਕਾਂ ਦੀ ਵੰਡ ਕੀਤੀ ਗਈ।ਡਾ. ਗਗਨਦੀਪ ਸਿੰਘ ਨੇ ਦੱਸਿਆ ਕਿ ਨੈਸ਼ਨਲ ਪ੍ਰੋਗਰਾਮ ਫਾਰ ਕੰਟਰੋਲ ਆਫ ਬਲਾਇੰਡਨੈੱਸ ਤਹਿਤ ਸਰਕਾਰੀ ਪ੍ਰਾਇਮਰੀ ਸਕੂਲ ਰਾਜਪੁਰਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜਪੁਰਾ ਦੇ ਲਗਭਗ 58 ਬੱਚਿਆਂ ਨੂੰ ਐਨਕਾਂ ਵੰਡੀਆਂ ਗਈਆਂ।ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੇ ਇਸ ਪ੍ਰੋਗ੍ਰਾਮ ਤਹਿਤ ਸਕੂਲੀ ਵਿਦਿਆਰਥੀਆਂ ਤੇ ਲੋੜਵੰਦ ਵਿਅਕਤੀਆਂ ਨੂੰ ਐਨਕਾਂ ਵੰਡੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਸਰੀਰ ਦੇ ਹੋਰ ਅੰਗਾਂ ਦੀ ਤਰ੍ਹਾਂ ਹੀ ਅੱਖਾਂ ਵੀ ਅਨਮੋਲ ਅੰਗ ਹਨ।ਵਿਅਕਤੀ ਨੂੰ ਅੱਖਾਂ ਦੀ ਸਾਂਭ ਸੰਭਾਲ ਪ੍ਰਤੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ ਤੇ ਜੇਕਰ ਕਦੇ ਵੀ ਕਿਸੇ ਪ੍ਰਕਾਰ ਦੀ ਅੱਖਾਂ ਦੀ ਸਮੱਸਿਆ ਪੇਸ਼ ਆਵੇ ਤਾਂ ਤੁਰੰਤ ਹਸਪਤਾਲ ਵਿਖੇ ਆ ਕੇ ਮਾਹਿਰ ਡਾਕਟਰਾਂ ਤੋਂ ਹੀ ਇਲਾਜ ਕਰਾਉਣਾ ਚਾਹੀਦਾ ਹੈ, ਇਸ ਨੂੰ ਨਜ਼ਰਅੰਦਾਜ਼ ਨਹੀਂ ਕਰਨਾ ਚਾਹੀਦਾ।ਓਪਥੈਲਮਿਕ ਅਫ਼ਸਰ ਮਨਦੀਪ ਸਿੰਘ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਅੱਖਾਂ ਦੀ ਸੰਭਾਲ ਲਈ ਜਾਗਰੂਕਤਾ ਅਤੇ ਜਾਂਚ ਕੈਂਪ ਲਾਏ ਜਾਂਦੇ ਹਨ ਅਤੇ ਲੋੜਵੰਦ ਵਿਅਕਤੀਆਂ ਦੇ ਮੁਫਤ ਅਪ੍ਰੇਸ਼ਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪਿਛਲੇ ਦਿਨਾਂ ਵਿੱਚ ਇਹਨਾਂ ਸਕੂਲਾਂ ਦੇ ਸਾਰੇ ਬੱਚਿਆਂ ਦੀ ਜਾਂਚ ਕੀਤੀ ਗਈ ਸੀ ਤੇ ਜਿਨ੍ਹਾਂ ਬੱਚਿਆਂ ਦੀ ਨਜ਼ਰ ਕਮਜ਼ੋਰ ਪਾਈ ਗਈ, ਉਨ੍ਹਾਂ ਲਈ ਵਿਭਾਗ ਵੱਲੋਂ ਚਸ਼ਮੇ ਬਣਵਾ ਕੇ ਭੇਜੇ ਗਏ ਹਨ।

ਮਨਰੇਗਾ ਬੰਦ ਕਰਨ ਦੀਆਂ ਅਫ਼ਵਾਹਾਂ ਫੈਲਾਅ ਕੇ ਵਿਰੋਧੀ ਧਿਰਾਂ ਸਿਆਸੀ ਲਾਹਾ ਲੈਣ ਦੀ ਤਾਕ 'ਚ : ਬੀਬੀ ਘਨੌਰੀ

ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ)-ਮਨਰੇਗਾ ਸਕੀਮ ਨੂੰ ਬੰਦ ਕਰਨ ਦੀਆਂ ਅਫਵਾਹਾਂ ਫੈਲਾ ਕੇ ਕਾਂਗਰਸ ਤੇ ਹੋਰਾਂ ਪਾਰਟੀਆਂ ਵੱਲੋਂ ਸਿਆਸੀ ਲਾਹਾ ਲੈਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਇਹ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਬੀਬੀ ਹਰਚੰਦ ਕੌਰ ਘਨੌਰੀ ਸਾਬਕਾ ਵਿਧਾਇਕਾ ਨੇ ਕੀਤਾ।ਉਨ੍ਹਾਂ ਕਿਹਾ ਮਨਰੇਗਾ ਸਕੀਮ ਨੂੰ ਬੰਦ ਕਰਨ ਦੀ ਉੱਕਾ ਹੀ ਕੋਈ ਵਿਚਾਰ ਨਹੀਂ, ਸਗੋਂ ਮਨਰੇਗਾ ਕਾਮਿਆਂ ਨੂੰ ਰਾਹਤ ਦੇਣ ਲਈ ਇਸ ਨੂੰ ਹੋਰ ਵਧੀਆ ਢੰਗ ਨਾਲ ਨਵੇਂ ਰੂਪ 'ਚ ਲਿਆਂਦਾ ਗਿਆ ਹੈ।

ਬੀਬੀ ਘਨੌਰੀ ਨੇ ਕਿਹਾ ਇਸ ਯੋਜਨਾ ਅਧੀਨ ਪਹਿਲਾ ਵੱਡੇ ਪੱਧਰ ਤੇ ਜਾਅਲਸਾਜ਼ੀ ਹੋਈ ਹੈ।ਹੁਣ ਨਵੇਂ ਰੂਪ ਵਿੱਚ ਮਨਰੇਗਾ ਲਾਗੂ ਹੋਣ ਨਾਲ ਕਿਰਤੀ ਕਾਮੇ 100 ਦਿਨ ਦੀ ਬਜਾਏ 125 ਦਿਨ ਕੰਮ ਦਾ ਪੂਰਾ ਲਾਭ ਲੈ ਸਕਣਗੇ।ਬੀਬੀ ਘਨੌਰੀ ਨੇ ਸੁਆਲ ਕੀਤਾ ਕਿ ਕੇਦਰ ਸਰਕਾਰ ਨੂੰ ਬਦਨਾਮ ਕਰਨ ਲਈ ਮਨਰੇਗਾ ਬੰਦ ਹੋਣ ਦੀ ਦੁਹਾਈ ਪਾ ਰਹੇ ਵਿਰੋਧੀ ਆਗੂ ਇਸ ਨੂੰ ਬੰਦ ਕਰਨ ਬਾਰੇ ਮਹਿਕਮੇ ਨੂੰ ਆਇਆ ਕੋਈ ਚਿੱਠੀ ਪੱਤਰ ਵਿਖਾ ਸਕਦੇ ਹਨ? ਲੋਕਾਂ ਨੂੰ ਵਿਰੋਧੀਆਂ ਦੇ ਗੁੰਮਰਾਹਕੁੰਨ ਪ੍ਰਚਾਰ ਤੋਂ ਸੁਚੇਤ ਹੋਣ ਦੀ ਅਪੀਲ ਕਰਦਿਆ ਬੀਬੀ ਘਨੌਰੀ ਨੇ ਦੱਸਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਕਿਸਾਨਾਂ, ਮਜ਼ਦੂਰਾਂ ਦੀ ਲਈ ਅਨੇਕਾਂ ਭਲਾਈ ਸਕੀਮਾਂ ਦਾ ਲਾਭ ਦਿੱਤਾ ਜਾ ਰਿਹਾ ਹੈ।ਦੂਜੇ ਪਾਸੇ ਸੂਬੇ ਦੀ ਆਪ ਸਰਕਾਰ ਨੇ ਪਛੜੇ ਵਰਗ ਦੇ ਗਰੀਬ ਲੋਕਾਂ ਨੂੰ ਘਰੇ ਲੋੜੀਂਦਾ ਰਾਸ਼ਨ ਪੁਚਾਉਣ ਦੀਆਂ ਗੱਲਾਂ ਕਰਕੇ ਰਾਸ਼ਨ ਡੀਪੂਆਂ ਰਾਹੀ ਮਿਲਦੀਆਂ ਸਹੂਲਤਾਂ ਵੀ ਬੰਦ ਕਰ ਦਿੱਤੀਆਂ ਹਨ।ਆਪਣੇ ਹੱਕਾਂ ਦੀ ਖਾਤਰ ਰੋਸ ਪ੍ਰਦਰਸ਼ਨ ਕਰਨ ਵਾਲੇ ਸ਼ੰਘਰਸ਼ਸ਼ੀਲ ਲੋਕਾਂ ਨੂੰ ਡੰਡੇ ਦੇ ਜ਼ੋਰ ਨਾਲ ਦਬਾਉਣ ਦਾ ਭਰਮ ਪਾਲ ਰਹੇ ਸਮੇਂ ਦੇ ਹਾਕਮਾਂ ਨੂੰ ਇਸ ਦਾ ਖਮਿਆਜ਼ਾ ਅਗਲੇ ਸਾਲ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਹਰ ਹਾਲ 'ਚ ਭੁਗਤਣਾ ਪਵੇਗਾ।ਬੀਬੀ ਘਨੌਰੀ ਨੇ ਦੱਸਿਆ ਕਿ ਅਗਲੇ ਦਿਨਾਂ ਵਿੱਚ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੁਬਾਰਾ ਪੰਜਾਬ ਫੇਰੀ ਤੇ ਆਉਣਗੇ।ਇਸ ਦੌਰਾਨ ਉਹ ਪੰਜਾਬ ਦੀ ਲੰਮੇ ਸਮੇਂ ਤੋਂ ਲਟਕਦੀਆਂ ਮੰਗਾਂ ਦੇ ਹੱਲ ਲਈ ਵਿਸ਼ੇਸ਼ ਐਲਾਨ, ਹਰ ਵਰਗ ਦੇ ਲੋਕਾਂ ਲਈ ਵਿਸ਼ੇਸ਼ ਸਹੂਲਤਾਂ ਦੇ ਕੇ ਲੋਕਾਂ ਦਾ ਮਨ ਜਿੱਤਣਗੇ।

ਕਾਤਰਾਂ

ਸੈਂਕੜੇ ਨੌਜਵਾਨਾਂ ਨੂੰ ਨਸ਼ੇ ਤੋਂ ਮੁਕਤ ਕਰਵਾ ਚੁੱਕੇ ਹਨ ਰਾਜਵੀਰ ਸਿੰਘ ਟਿਵਾਣਾ

ਸਮਾਣਾ (ਇਕਬਾਲ ਸਿੰਘ ਬੱਲ)-ਪੰਜਾਬ ਸਰਕਾਰ ਦੀ ਵਿਸ਼ੇਸ਼ ਮਿਹਨਤ ਅਤੇ ਪੁਲਿਸ ਵੱਲੋਂ ਵਰਤੀ ਜਾ ਰਹੀ ਮੁਸਤੈਦੀ ਕਾਰਨ ਪੰਜਾਬ ਵਿੱਚ ਕਾਫੀ ਵੱਡੇ ਪੱਧਰ 'ਤੇ ਨਸ਼ਿਆਂ ਨੂੰ ਠੱਲ ਪੈ ਚੁੱਕੀ ਹੈ, ਇਸ ਦੇ ਨਾਲ ਹੀ ਇੱਕ ਨਾਮ ਹੈ ਰਾਜਬੀਰ ਸਿੰਘ ਟਿਵਾਣਾ ਦਾ ਜੋ ਜ਼ਿਲਾ ਪਟਿਆਲਾ ਵਿਖੇ ਨਿਊ ਜਨਰੇਸ਼ਨ ਕੇਅਰ ਦੇ ਨਾਂ 'ਤੇ ਕੰਮ ਕਰ ਰਹੇ ਹਨ ਤੇ ਹੁਣ ਤੱਕ ਸੈਂਕੜੇ ਨੌਜਵਾਨਾਂ ਨੂੰ ਨਸ਼ਾ ਮੁਕਤ ਕਰਵਾ ਚੁੱਕੇ ਹਨ ਤੇ ਉਹ ਲਗਾਤਾਰ ਇਹ ਮਿਹਨਤ ਜਾਰੀ ਰੱਖ ਰਹੇ ਹਨ ਜਿਸ ਦੇ ਕਾਫੀ ਚੰਗੇ ਨਤੀਜੇ ਮਿਲ ਰਹੇ ਹਨ ਸ੍ਰੀ ਟਿਵਾਣਾ ਨੇ ਦੱਸਿਆ ਕਿ ਮੈਨੂੰ ਕਾਫੀ ਸਕੂਨ ਮਿਲਦਾ ਹੈ ਜਦੋਂ ਮਾਪੇ ਉਹਨਾਂ ਦਾ ਇਸ ਲਈ ਧੰਨਵਾਦ ਕਰਦੇ ਹਨ।

ਸੰਘਰਸ਼ ਕਮੇਟੀ ਨੇ 1.25 ਕਰੋੜ ਰੁਪਏ ਪ੍ਰਤੀ ਏਕੜ ਮੁਆਵਜ਼ੇ ਦੀ ਕੀਤੀ ਮੰਗ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਨਹਿਰੀ ਪਾਣੀ ਪ੍ਰਾਪਤੀ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਨੇ ਇੱਥੇ ਗੱਲਬਾਤ ਕਰਦਿਆਂ ਮਾਲੇਰਕੋਟਲਾ ਮਿੰਨੀ ਨਹਿਰ ਪ੍ਰੋਜੈਕਟ ਨੂੰ ਲੈ ਕੇ ਕਿਸਾਨਾਂ ਦੀਆਂ ਚਿੰਤਾਵਾਂ ਅਤੇ ਮੰਗਾਂ ਨੂੰ ਸਰਕਾਰ ਦੇ ਸਾਹਮਣੇ ਰੱਖਿਆ। ਇਸ ਮੌਕੇ ਮੀਤ ਪ੍ਰਧਾਨ ਹਰਜੀਤ ਸਿੰਘ ਬਦੇਸ਼ਾ, ਖਜਾਨਚੀ ਸੁਖਵਿੰਦਰ ਸਿੰਘ ਚੂੰਘਾਂ ਅਤੇ ਬੁਲਾਰੇ ਮੱਘਰ ਸਿੰਘ ਭੂਦਨ ਵੀ ਹਾਜਰ ਸਨ।ਆਗੂਆਂ ਨੇ ਦੱਸਿਆ ਕਿ ਨਹਿਰੀ ਵਿਭਾਗ ਵੱਲੋਂ ਧੂਰੀ, ਮਾਲੇਰਕੋਟਲਾ, ਮਹਿਲ ਕਲਾਂ ਅਤੇ ਅਮਰਗੜ੍ਹ ਹਲਕਿਆਂ ਲਈ ਪਾਸ ਕੀਤਾ ਗਿਆ ਇਹ ਪ੍ਰੋਜੈਕਟ ਸਦੀਆਂ ਪੁਰਾਣੀ ਪਾਣੀ ਦੀ ਕਿੱਲਤ ਨੂੰ ਦੂਰ ਕਰਨ ਵਿੱਚ ਸਹਾਈ ਹੋਵੇਗਾ।ਕਿਸਾਨਾਂ ਦਾ ਕਹਿਣਾ ਹੈ ਕਿ ਸਰਕਾਰ ਨੂੰ ਉਨ੍ਹਾਂ ਦੀਆਂ ਕੀਮਤੀ ਜ਼ਮੀਨਾਂ ਦਾ ਢੁੱਕਵਾਂ ਮੁੱਲ ਦੇਣਾ ਚਾਹੀਦਾ ਹੈ।ਕਮੇਟੀ ਨੇ ਮੰਗ ਕੀਤੀ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਜ਼ਮੀਨ ਦੇ ਬਦਲੇ ਘੱਟੋ-ਘੱਟ 1 ਕਰੋੜ 25 ਲੱਖ ਰੁਪਏ ਪ੍ਰਤੀ ਏਕੜ ਦਾ ਮੁਆਵਜ਼ਾ ਦਿੱਤਾ ਜਾਵੇ।

ਨੌਜਵਾਨ 1 ਕਿੱਲੋ ਅਫ਼ੀਮ ਨਾਲ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) - ਜੀ.ਆਰ.ਪੀ. ਥਾਣਾ ਸਰਹਿੰਦ ਦੀ ਪੁਲਸ ਵੱਲੋਂ ਝਾਰਖੰਡ ਦੇ ਰਹਿਣ ਵਾਲੇ ਇੱਕ ਨੌਜਵਾਨ ਨੂੰ ਇੱਕ ਕਿੱਲੋ ਅਫ਼ੀਮ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਜੀ. ਆਰ.ਪੀ. ਥਾਣਾ ਸਰਹਿੰਦ ਦੇ ਐਸ.ਐਚ. ਓ. ਸਬ-ਇੰਸਪੈਕਟਰ ਗੁਰਪ੍ਰੀਤ ਸਿੰਘ ਦੀਆਂ ਹਦਾਇਤਾਂ ਮੁਤਾਬਕ ਜੀ.ਆਰ.ਪੀ. ਦੀ ਇੱਕ ਪੁਲਸ ਪਾਰਟੀ ਸਰਹਿੰਦ ਰੇਲਵੇ ਸਟੇਸ਼ਨ '

ਹਲਕਾ ਕੋਆਰਡੀਨੇਟਰ ਪ੍ਰਦੀਪ ਸੇਖੋਂ ਨੇ ਯਾਤਰਾ ਬੱਸਾਂ ਕੀਤੀਆਂ ਰਵਾਨਾ

ਜਗਰਾਉਂ (ਸੰਜੀਵ ਅਰੋੜਾ)-ਜਗਰਾਉਂ ਤੋਂ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਧਾਰਮਿਕ ਸਥਾਨਾਂ ਦੇ ਦਰਸ਼ਨ ਦੀਦਾਰ ਲਈ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਬੱਸਾਂ ਸ਼ਰਧਾਲੂਆਂ ਨੂੰ ਲੈ ਕੇ ਰਵਾਨਾ ਹੋਈਆਂ। ਪਹਿਲੀ ਬੱਸ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਯਤਨਾਂ ਸਦਕਾ ਪਿੰਡ ਬਾਰਦੇਕੇ ਤੋਂ ਰਵਾਨਾ ਹੋਈ ਸੀ, ਜਿਸ ਦੀ ਸ਼ੁਰੂਆਤ ਵਿਧਾਇਕਾ ਮਾਣੂੰਕੇ ਵੱਲੋਂ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਸੀ ਅਤੇ ਅੱਜ ਦੁਬਾਰਾ ਪਿੰਡ ਬਾਘੀਆਂ ਵਿਖੇ ਵਿਧਾਇਕਾ ਦੇ ਹੁਕਮਾਂ ਤਹਿਤ ਹਲਕਾ ਕੋਆਡੀਨੇਟਰ ਪ੍ਰਦੀਪ ਸਿੰਘ ਸੇਖੋਂ ਨੇ ਝੰਡੀ ਵਿਖਾ ਕੇ ਮੁੱਖ ਮੰਤਰੀ ਤੀਰਥ ਬੱਸ ਯਾਤਰਾ ਨੂੰ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਕਮਲਜੀਤ ਸਿੰਘ ਹੰਸਰਾ, ਸਰਪੰਚ ਦੇਸ਼ਾ ਸਿੰਘ ਬਾਘੀਆਂ, ਬਲਾਕ ਪ੍ਰਧਾਨ ਸੁਖਦੇਵ ਸਿੰਘ ਗਿੱਦੜਵਿੰਡੀ, ਪਰਮਜੀਤ ਸਿੰਘ ਬਲਾਕ ਪ੍ਰਧਾਨ ਬਹਾਦਰਕੇ, ਸਰਪੰਚ ਹਰਮਿੰਦਰ ਸਿੰਘ, ਬਹਾਦਰਕੇ, ਦੇਸ਼ਰਾਮ ਸਿੰਘ ਮੈਂਬਰ ਪੰਚਾਇਤ ਤੇ ਪਵਨਦੀਪ ਕੌਰ ਆਦਿ ਹਾਜ਼ਰ ਸਨ।

ਕਿਸਾਨਾਂ ਵੱਲੋਂ ਘੱਗਰ ਡਰੇਨ ਦੀ ਸਫਾਈ ਦੀ ਮੰਗ

ਸਿਰਸਾ (ਸੁਰਿੰਦਰ ਪਾਲ ਸਿੰਘ)-ਸਿਰਸਾ ਦੇ ਮਿੰਨੀ ਸਕੱਤਰੇਤ ਦੇ ਬਾਹਰ 40 ਪਿੰਡਾਂ ਦੇ ਕਿਸਾਨਾਂ ਨੇ ਹਿਸਾਰ ਘੱਗਰ ਡਰੇਨ ਦੀ ਸਫਾਈ ਦੀ ਮੰਗ ਨੂੰ ਲੈ ਕੇ ਜ਼ਬਰਦਸਤ ਵਿਰੋਧ ਪ੍ਰਦਰਸ਼ਨ ਕੀਤਾ ਅਤੇ ਆਪਣੀਆਂ ਮੰਗਾਂ ਸਬੰਧੀ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ। ਪ੍ਰਦਰਸ਼ਨਕਾਰੀ ਕਿਸਾਨਾਂ ਨੇ ਦੱਸਿਆ ਕਿ ਪਿਛਲੇ ਕਈ ਸਾਲਾਂ ਤੋਂ ਘੱਗਰ ਤੋਂ ਨਿਕਲਦੇ ਸੇਮ ਨਾਲੇ ਨਾਲ 40 ਪਿੰਡ ਹਰ ਸਾਲ ਹੜ੍ਹ ਤੋਂ ਪ੍ਰਭਾਵਿਤ ਹੁੰਦੇ ਹਨ ਅਤੇ ਸੈਂਕੜੇ ਲੋਕਾਂ ਨੂੰ ਬੇਘਰ ਹੋ ਕੇ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾਂ ਹੈ ਅਤੇ ਕਿਸਾਨਾਂ ਦੀਆਂ ਫਸਲਾਂ ਹਰ ਸਾਲ ਤਬਾਹ ਹੋ ਜਾਂਦੀਆਂ ਹਨ। ਪ੍ਰਦਰਸ਼ਨਕਾਰੀ ਕਿਸਾਨਾਂ ਦੀਆਂ ਮੁੱਖ ਮੰਗਾਂ ਵਿੱਚ ਹਿਸਾਰ ਘੱਗਰ ਡਰੇਨ ਦੀ ਤੁਰੰਤ ਸਫਾਈ ਦੇ ਨਾਲ ਨਾਲ ਦਸ ਤੋਂ ਵੱਧ ਥਾਵਾਂ 'ਤੇ ਪਏ ਪਾੜਾਂ ਨੂੰ ਠੀਕ ਤਰਾਂ ਪੂਰਨਾਂ, ਘੱਗਰ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨਾ, ਘੱਗਰ ਵਿੱਚ ਵਹਿ ਰਹੇ ਪਾਣੀ ਨੂੰ ਛੱਡਣ ਲਈ ਢੁਕਵੇਂ ਪ੍ਰਬੰਧ ਅਤੇ ਪਾਣੀ ਚੁੱਕਣ ਲਈ ਪੰਪਾਂ ਦਾ ਪ੍ਰਬੰਧ ਕਰਨਾ ਆਦੀ ਮੰਗਾਂ ਸ਼ਾਮਲ ਸਨ।

ਐੱਸ ਸੀ ਧਰਮਸ਼ਾਲਾ ਲਈ 3 ਲੱਖ ਰੁਪਏ ਦੀ ਗ੍ਰਾਂਟ ਦਾ ਐਲਾਨ

ਨਾਭਾ (ਵਰਿੰਦਰ ਵਰਮਾ)-ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਪਿੰਡ ਚੱਠੇ ਵਿਖੇ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਕਰਵਾਏ ਗਏ ਸਮਾਗਮ ਵਿੱਚ ਸ਼ਮੂਲੀਅਤ ਕਰਕੇ ਆਪਣੀ ਹਾਜਰੀ ਭਰੀ। ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਦੀ ਮੰਗ ਤੇ ਐਸ. ਸੀ ਧਰਮਸ਼ਾਲਾ ਲਈ 3 ਲੱਖ ਰੁਪਏ ਦੀ ਗ੍ਰਾਂਟ ਭੇਜਣ ਦਾ ਐਲਾਨ ਕੀਤਾ। ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਦੀ ਬਾਣੀ ਤੋਂ ਸੇਧ ਲੈ ਕੇ ਉਨ੍ਹਾਂ ਦੀਆਂ ਸਿੱਖਿਆਵਾਂ 'ਤੇ ਚੱਲਣ ਦੀ ਲੋੜ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਟਰੱਸਟ ਦੇ ਮੈਂਬਰ ਗੋਪੀ ਫੈਜਗੜ੍ਹ, ਸੁਖਜੀਤ ਸਿੰਘ ਹਾਂਸ, ਸੁਖਚੈਨ ਸਿੰਘ ਕੁਲਾਰਾਂ, ਬਲਾਕ ਪ੍ਰਧਾਨ ਬਲਵਿੰਦਰ ਸਿੰਘ ਪੋਪਲ, ਮੋਹਨ ਸਿੰਘ ਚੱਠੇ ਆਦਿ ਸਮੇਤ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਵੱਲੋਂ ਅਧਿਕਾਰੀਆਂ ਨੂੰ ਵਿਕਾਸ ਕੰਮ ਮਿਥੇ ਸਮੇਂ 'ਚ ਪੂਰਾ ਕਰਨ ਦੇ ਨਿਰਦੇਸ਼

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬ ਵਿਧਾਨ ਸਭਾ ਦੀ ਪੰਚਾਇਤੀ ਰਾਜ ਸੰਸਥਾਵਾਂ ਬਾਰੇ ਕਮੇਟੀ ਨੇ ਪਟਿਆਲਾ ਜ਼ਿਲ੍ਹੇ ਵਿੱਚ ਪੰਚਾਇਤੀ ਰਾਜ ਵਿਭਾਗ ਅਧੀਨ ਚੱਲ ਰਹੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ।ਕਮੇਟੀ ਦੇ ਚੇਅਰਮੈਨ ਵਿਧਾਇਕ (ਬੁਢਲਾਡਾ) ਪ੍ਰਿੰਸੀਪਲ ਬੁੱਧ ਰਾਮ ਨੇ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਮੂਹ ਅਧਿਕਾਰੀਆਂ ਨੂੰ ਸਬੰਧਤ ਹਲਕੇ ਦੇ ਵਿਧਾਇਕਾਂ ਨਾਲ ਨੇੜਿਓਂ ਤਾਲਮੇਲ ਕਰਕੇ ਲੰਬਿਤ ਕੰਮਾਂ ਨੂੰ ਤੇਜ਼ ਕਰਨ ਦੇ ਨਿਰਦੇਸ਼ ਦਿੱਤੇ। ਕਮੇਟੀ ਮੈਂਬਰਾਂ ਵਿਧਾਇਕ ਨੀਨਾ ਮਿੱਤਲ, ਗੁਰਲਾਲ ਘਨੌਰ ਅਤੇ ਕੁਲਜੀਤ ਸਿੰਘ ਰੰਧਾਵਾ ਨੇ ਵੀ ਵਿਚਾਰ-ਵਟਾਂਦਰੇ ਵਿੱਚ ਹਿੱਸਾ ਲੈਂਦਿਆਂ ਪੇਂਡੂ ਵਿਕਾਸ ਅਤੇ ਲੋਕ ਭਲਾਈ ਪ੍ਰੋਜੈਕਟਾਂ ਨਾਲ ਸਬੰਧਤ ਮੁੱਖ ਮੁੱਦਿਆਂ 'ਤੇ ਚਰਚਾ ਕੀਤੀ।ਮੀਟਿੰਗ ਦੌਰਾਨ, ਕਮੇਟੀ ਨੇ ਖੇਡ ਸਟੇਡੀਅਮਾਂ ਦੇ ਵਿਕਾਸ, ਛੱਪੜਾਂ ਦੀ ਸਫਾਈ ਅਤੇ ਪੁਨਰ ਸੁਰਜੀਤੀ, ਪੇਂਡੂ ਲਾਇਬ੍ਰੇਰੀਆਂ, ਪੰਚਾਇਤੀ ਜ਼ਮੀਨਾਂ 'ਤੇ ਗੈਰ-ਕਾਨੂੰਨੀ ਕਬਜ਼ਿਆਂ ਵਿਰੁੱਧ ਕਾਰਵਾਈ, ਮਨਰੇਗਾ ਨੂੰ ਲਾਗੂ ਕਰਨਾ, ਧਰਮਸ਼ਾਲਾਵਾਂ ਦੇ ਨਿਰਮਾਣ, 15ਵੇਂ ਵਿੱਤ ਕਮਿਸ਼ਨ ਦੇ ਫੰਡਾਂ ਦੀ ਵਰਤੋਂ, ਰੰਗਲਾ ਪੰਜਾਬ ਅਤੇ ਸਮਾਰਟ ਪਿੰਡ ਪਹਿਲਕਦਮੀਆਂ, ਗੰਦੇ ਪਾਣੀ ਦੇ ਨਿਕਾਸ, ਗਲੀਆਂ ਦੀ ਉਸਾਰੀ ਸਮੇਤ ਕਈ ਤਰਜੀਹੀ ਖੇਤਰਾਂ ਵਿੱਚ ਪ੍ਰਗਤੀ ਦੀ ਸਮੀਖਿਆ ਕੀਤੀ। ਕਮੇਟੀ ਨੇ ਕੁਝ ਅਧਿਕਾਰੀਆਂ ਨੂੰ 24 ਫਰਵਰੀ ਨੂੰ ਵਿਧਾਨ ਸਭਾ ਵਿੱਚ ਹੋਣ ਵਾਲੀ ਅਗਲੀ ਮੀਟਿੰਗ ਦੌਰਾਨ ਸਬੰਧਤ ਰਿਕਾਰਡ ਪੇਸ਼ ਕਰਨ ਲਈ ਵੀ ਤਲਬ ਕੀਤਾ। ਚੇਅਰਮੈਨ ਪ੍ਰਿੰਸੀਪਲ ਬੁੱਧ ਰਾਮ ਨੇ ਜ਼ੋਰ ਦੇ ਕੇ ਕਿਹਾ ਕਿ ਕੋਈ ਵੀ ਵਿਕਾਸ ਫੰਡ ਅਣਵਰਤਿਆ ਨਹੀਂ ਰਹਿਣਾ ਚਾਹੀਦਾ ਅਤੇ ਸਾਰੇ ਕੰਮ ਨਿਰਧਾਰਤ ਸਮਾਂ-ਸੀਮਾ ਦੇ ਅੰਦਰ ਪੂਰੇ ਕੀਤੇ ਜਾਣੇ ਚਾਹੀਦੇ ਹਨ।

ਡਾ. ਅਨਵਰ ਭਸੌੜ ਨੇ ਸੀ ਐੱਮ ਕੈਂਪ ਦਫ਼ਤਰ ਇੰਚਾਰਜ ਵਜੋਂ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕਾ ਧੂਰੀ ਵਿੱਚ ਸਥਾਪਿਤ ਕੀਤੇ ਗਏ ਮੁੱਖ ਮੰਤਰੀ ਕੈਂਪ ਦਫ਼ਤਰ ਵਿਖੇ ਪੰਜਾਬ ਵਕਫ਼ ਬੋਰਡ ਦੇ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਡਾ. ਅਨਵਰ ਭਸੌੜ ਨੇ ਬਤੌਰ ਸੀ.ਐੱਮ. ਕੈਂਪ ਦਫ਼ਤਰ ਇੰਚਾਰਜ ਵਜੋਂ ਸ਼ਿਰਕਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਵੱਡੀ ਗਿਣਤੀ ਵਿੱਚ ਪਹੁੰਚੇ ਇਲਾਕਾ ਨਿਵਾਸੀਆਂ ਦੀਆਂ ਮੰਗਾਂ ਅਤੇ ਦਰਪੇਸ਼ ਮੁਸ਼ਕਲਾਂ ਨੂੰ ਬਹੁਤ ਹੀ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਦੇ ਜਲਦ ਨਿਪਟਾਰੇ ਦਾ ਭਰੋਸਾ ਦਿੱਤਾ।ਵਰਣਨਯੋਗ ਹੈ ਕਿ ਹਲਕਾ ਧੂਰੀ ਵਿੱਚ ਲੋਕਾਂ ਦੀ ਸਹੂਲਤ ਲਈ ਬਣਾਏ ਗਏ ਇਸ ਦਫ਼ਤਰ ਵਿੱਚ ਪੰਜਾਬ ਲਘੂ ਉਦਯੋਗ ਵਿਕਾਸ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕਿਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਪਹਿਲਾਂ ਹੀ ਬਤੌਰ ਇੰਚਾਰਜ ਸੇਵਾਵਾਂ ਨਿਭਾ ਰਹੇ ਹਨ।ਹੁਣ ਡਾ. ਅਨਵਰ ਭਸੌੜ ਨੂੰ ਇਸ ਅਹਿਮ ਅਹੁਦੇ ਦੀ ਜ਼ਿੰਮੇਵਾਰੀ ਮਿਲਣ ਨਾਲ ਜਿੱਥੇ ਆਮ ਲੋਕਾਂ ਦੇ ਸਰਕਾਰੀ ਕੰਮਾਂ ਵਿੱਚ ਤੇਜ਼ੀ ਆਵੇਗੀ, ਉੱਥੇ ਹੀ ਦਫ਼ਤਰੀ ਕੰਮਕਾਜ ਦੀ ਰਫ਼ਤਾਰ ਵੀ ਪਹਿਲਾਂ ਨਾਲੋਂ ਵਧੇਰੇ ਸੁਚਾਰੂ ਹੋਣ ਦੀ ਉਮੀਦ ਹੈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਅਨਵਰ ਭਸੌੜ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਉਲੀਕੇ ਗਏ 'ਰੰਗਲਾ ਪੰਜਾਬ' ਮਿਸ਼ਨ ਨੂੰ ਪੂਰਾ ਕਰਨ ਲਈ ਇੱਕ ਸਿਪਾਹੀ ਵਜੋਂ ਕੰਮ ਕਰ ਰਹੇ ਹਨ।ਇਸ ਪ੍ਰੋਗਰਾਮ ਦੌਰਾਨ ਉਨ੍ਹਾਂ ਦੇ ਨਾਲ ਸਾਬਕਾ ਬਲਾਕ ਪ੍ਰਧਾਨ ਹੈਪੀ ਗਰਗ ਐਡਵੋਕੇਟ, ਜਸਪਾਲ ਸਿੰਘ ਭੁੱਲਰ, ਅਨਿਲ ਮਿੱਤਲ ਅਤੇ ਨਰੇਸ਼ ਸਿੰਗਲਾ ਸਮੇਤ ਹੋਰ ਕਈ ਪ੍ਰਮੁੱਖ ਆਗੂ ਅਤੇ ਵਰਕਰ ਵੀ ਮੌਜੂਦ ਸਨ।

ਹਰਪਾਲ ਟਿਵਾਣਾ ਆਡੀਟੋਰੀਅਮ ਵਿਖੇ ਸੰਗੀਤਮਈ ਪ੍ਰੋਗਰਾਮ

ਪਟਿਆਲਾ (ਰਜਿੰਦਰ ਸਿੰਘ ਬਿੰਦ)-ਕਿਸ਼ੋਰ ਕੁਮਾਰ ਫੈਨਜ਼ ਕਲਚਰਲ ਐਂਡ ਵੈਲਫੇਅਰ ਕੱਲਬ ਵਲੋਂ ਸੰਗੀਤਮਈ ਪ੍ਰੋਗਰਾਮ ਦਾ ਆਯੋਜਨ ਪਟਿਆਲਾ ਦੇ ਹਰਪਾਲ ਟਿਵਾਣਾ ਆਡੀਟੋਰੀਅਮ ਵਿੱਖੇ ਕਰਵਾਇਆ ਗਿਆ।ਪ੍ਰੋਗਰਾਮ ਵਿੱਚ ਪਦਮ ਸ੍ਰੀ ਅਨੂਪ ਜਲੋਟਾ ਉਚੇਚੇ ਤੌਰ 'ਤੇ ਪਹੁੰਚੇ।ਪ੍ਰੋਗਰਾਮ ਵਿੱਚ ਮਿਊਜ਼ਕ ਪ੍ਰਬੰਧਕ ਸ੍ਰੀ ਸੰਤੋਸ਼ ਕਟਾਰੀਆ ਦੀ 22 ਮੈਂਬਰੀ ਟੀਮ ਵਲੋਂ ਦਿੱਤੇ ਲਾਈਵ ਮਿਊਜ਼ਕ 'ਚ ਲਗਭਗ 30 ਗਾਇਕ ਕਲਾਕਾਰਾਂ ਨੇ ਭਾਗ ਲਿਆ।ਕਲੱਬ ਦੇ ਪ੍ਰਧਾਨ ਰਾਜੀਵ ਵਰਮਾ ਅਤੇ ਪ੍ਰੈਸ ਸਕੱਤਰ ਜਗਪ੍ਰੀਤ ਸਿੰਘ ਮਹਾਜਨ ਨੇ ਦੱਸਿਆ ਕਿ ਪਦਮ ਸ੍ਰੀ ਅਨੂਪ ਜਲੋਟਾ, ਮੁੱਖ ਮਹਿਮਾਨ ਵਜੋਂ ਪਹੁੰਚੇ ਸ੍ਰੀ ਕੁੰਦਨ ਗੋਗੀਆ ਮੇਅਰ ਪਟਿਆਲਾ, ਪ੍ਰਸਿੱਧ ਸਮਾਜ ਸੇਵਿਕਾ ਸਤਿੰਦਰਪਾਲ ਕੌਰ, ਸ੍ਰੀ ਜਗਦੀਪ ਟਾਂਡਾ (ਡਾਇਰੈਕਟਰ ਹਰਿਆਣਾ ਸਰਕਾਰ), ਧਰਮਪਾਲ ਬਾਂਸਲ, ਆਕਾਸ਼ਦੀਪ ਮਰਵਾਹਾ, ਹਰਸ਼ ਗੁਪਤਾ, ਪ੍ਰੇਮ ਬਾਂਸਲ, ਹਰਬੰਸ ਸਿੰਘ ਕੁਲਾਰ ਅਤੇ ਰਾਜੇਸ਼ ਪੰਜੋਲਾ ਵਲੋਂ ਸ਼ਮਾਂ ਰੋਸ਼ਨ ਕਰਕੇ ਪ੍ਰੋਗਰਾਮ ਦੀ ਸ਼ੁਰਵਾਤ ਕੀਤੀ ਗਈ।ਸ੍ਰੀ ਰਾਜੀਵ ਵਰਮਾ, ਰਾਜੇਸ਼ ਕਪਿਲ, ਮਨਤ ਮਠਾਰੂ, ਦੀਵਿਆਂਸ਼ੀ, ਕਲਪਨਾ ਗੁਪਤਾ, ਮੈਡਮ ਅਰਵਿੰਦਰ ਕੌਰ, ਅਸ਼ੋਕ ਅਰੋੜਾ, ਪ੍ਰਿੰਸ ਸ਼ਰਮਾ, ਬੱਬਲ ਅਰੋੜਾ ਅਤੇ ਪ੍ਰਿਗਿਆ ਵਲੋਂ ਰਾਸ਼ਟਰੀ ਗਾਇਨ ਨਾਲ ਪ੍ਰੋਗਰਾਮ ਦੀ ਸ਼ੁਰਆਤ ਕੀਤੀ ਗਈ।ਸਟੇਜ ਸਕੱਤਰ ਦੀ ਭੂਮਿਕਾ ਸ੍ਰੀ ਰਜੇਸ਼ ਆਤਰੇ ਵਲੋਂ ਬਾਖੂੱਬੀ ਨਿਭਾਈ ਗਈ।

ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵਿਖੇ ਲੱਗੇ ਕੈਂਪ 'ਚ 22 ਯੂਨਿਟ ਖ਼ੂਨ ਦਾਨ

ਪਟਿਆਲਾ (ਰਾਜਿੰਦਰ ਸਿੰਘ ਬਿੰਦ)

ਲੋੜਵੰਦ ਮਰੀਜ਼ਾਂ ਲਈ ਯੂਨੀਵਰਸਲ ਵੈਲਫੇਅਰ ਕਲੱਬ ਪੰਜਾਬ ਅਤੇ ਹਿਊਮਨ ਵੈਲਫੇਅਰ ਫਾਊਂਡੇਸ਼ਨ ਵੱਲੋਂ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਸੈਂਟਰ ਵਿਖੇ ਮਿਸ਼ਨ ਲਾਲੀ ਤੇ ਹਰਿਆਲੀ ਦੇ ਮੋਢੀ ਹਰਦੀਪ ਸਿੰਘ ਸਨੌਰ ਦੇ ਜਨਮ ਦਿਨ ਨੂੰ ਸਮਰਪਿਤ 339ਵਾਂ ਰੈਗੂਲਰ ਖ਼ੂਨਦਾਨ ਕੈਂਪ ਲਗਾਇਆ ਗਿਆ। ਜਿਸ ਦਾ ਰਸਮੀ ਉਦਘਾਟਨ ਯੂਥ ਆਗੂ ਹਰਮਿੰਦਰ ਬੱਤਾ ਅਤੇ ਜਸਵਿੰਦਰ ਸਿੰਘ ਲੱਡੂ ਸਨੌਰ ਨੇ ਇਕੱਠਿਆਂ ਖ਼ੂਨਦਾਨ ਕਰਕੇ ਕੀਤਾ। ਇਸ ਮੌਕੇ ਸੁਨਿੰਦਰ ਸਿੰਘ ਸ਼ੂਲਰ ਨੇ ਆਪਣੇ ਜਨਮ ਦਿਨ ਮੌਕੇ 47 ਵੀਂ ਵਾਰ, ਐਡਵੋਕੇਟ ਦਲਜੀਤ ਸਿੰਘ ਦੋਦੜਾ ਨੇ 25 ਵੀਂ ਵਾਰ, ਮਨਵਿੰਦਰ ਸਿੰਘ ਮਨੀ ਟੌਹੜਾ ਨੇ 23 ਵੀਂ ਵਾਰ, ਏ. ਐਸ. ਆਈ. ਅਮਰਜੀਤ ਸਿੰਘ ਪੰਜੌਲਾ, ਗੁਰਮੀਤ ਸਿੰਘ, ਧਰਮਪ੍ਰੀਤ ਘੱਗਾ, ਪਾਲੀ ਸਨੌਰ ਭੰਗੜਾ ਕੋਚ, ਅਮਰੀਤ ਟਿਵਾਣਾ, ਮਨਵੀਰ ਪੁਰੀ ਨਾਭਾ, ਹਰਮਨ ਸਿੰਘ, ਗੁਰਜੀਤ ਸਿਉਣਾ,

ਗਗਨਦੀਪ ਸਿੰਘ ਪਟਿਆਲਾ ਤੇ ਮੇਜਰ ਗਾਜੀਪੁਰ ਸਮੇਤ 22 ਵਲੰਟੀਅਰਾਂ ਨੇ ਖ਼ੂਨਦਾਨ ਕੀਤਾ। ਖ਼ੂਨਦਾਨੀਆਂ ਦੀ ਹੌਸਲਾ ਅਫਜਾਈ ਕਰਨ ਲਈ ਤੇਜਿੰਦਰ ਮਹਿਤਾ ਚੇਅਰਮੈਨ ਜਿਲ੍ਹਾ ਯੋਜਨਾ ਬੋਰਡ ਪਟਿਆਲਾ ਬਤੌਰ ਮੁੱਖ ਮਹਿਮਾਨ ਤੇ ਹਰਦੀਪ ਕੁਮਾਰ ਬਿਰੜਵਾਲ ਜੇ. ਈ. ਬਤੌਰ ਵਿਸ਼ੇਸ਼ ਮਹਿਮਾਨ ਵਜੋਂ ਪਹੁੰਚੇ। ਜਿਨ੍ਹਾਂ ਨੇ ਖ਼ੂਨਦਾਨੀਆਂ ਨੂੰ ਸਰਟੀਫਿਕੇਟ ਤੇ ਮਫਲਰ ਦੇ ਕੇ ਸਨਮਾਨਤ ਕੀਤਾ। ਕੈਂਪ ਵਿਚ ਪ੍ਰਧਾਨ ਨਰਿੰਦਰ ਸਿੰਘ ਕਾਠਗੜ੍ਹ, ਗੋਲਡਨ ਸਟਾਰ ਬਲੱਡ ਡੋਨਰ ਸੁਖਦੀਪ ਸਿੰਘ ਸੋਹਲ, ਅੰਤਰ-ਰਾਸ਼ਟਰੀ ਸਿੱਖਿਆ ਸਾਸ਼ਤਰੀ ਅਨਿਲ ਭਾਰਤੀ, ਜਥੇਦਾਰ ਕਰਨ ਸਿੰਘ ਜੌਲੀ, ਯੂਥ ਆਗੂ ਹਰਮੀਤ ਸਿੰਘ ਬਡੂੰਗਰ, ਚਾਚਾ ਜਗਰਾਜ ਸਿੰਘ ਚਹਿਲ, ਅਮਰਜੀਤ ਸਿੰਘ ਰਾਮਗੜ੍ਹੀਆ, ਅਵਤਾਰ ਸਿੰਘ ਬਲਬੇੜਾ, ਭਾਈ ਰਵਿੰਦਰ ਸਿੰਘ ਭਾਂਖਰ, ਭਾਈ ਜਰਨੈਲ ਸਿੰਘ ਝੰਡੀ, ਗੁਰਬਚਨ ਸਿੰਘ ਠੇਕੇਦਾਰ, ਜਗਰਾਜ ਸਿੰਘ ਆਸਟ੍ਰੇਲੀਆ, ਗੁਰਧਿਆਨ ਸਿੰਘ ਝੰਡੀ, ਰਣਜੀਤ ਸਿੰਘ, ਮੁਖਵਿੰਦਰ ਗਰੇਵਾਲ, ਹਰਿੰਦਰ ਬਲਬੇੜਾ ਤੇ ਕਿਰਪਾਲ ਸਿੰਘ ਪੰਜੌਲਾ ਵੀ ਹਾਜ਼ਰ ਸਨ।

ਚੌਕੀਮਾਨ ਵਿਖੇ ਬੱਸਾਂ ਨਾ ਰੁਕਣ ਕਾਰਨ ਸਵਾਰੀਆਂ ਪ੍ਰੇਸ਼ਾਨ

ਚੌਕੀਮਾਨ (ਇੰਜੀ ਬਲਬੀਰ ਸਿੰਘ ਮਾਨ)-ਇਲਾਕਾ ਚੌਕੀਮਾਨ ਤੋਂ ਰੋਜ਼ਾਨਾ ਕਰੀਬ 18 ਤੋਂ 20 ਪਿੰਡਾਂ ਦੀ ਸਵਾਰੀ ਹਰ ਰੋਜ਼ ਆਪਣੇ ਕੰਮਾਂ ਕਾਰਾਂ ਲਈ ਮੋਗਾ ,ਜਗਰਾਓਂ ,ਲੁਧਿਆਣਾ ਆਦਿ ਸ਼ਹਿਰਾਂ ਵੱਲ ਜਾ ਕੇ ਵਾਪਸ ਆਉਂਦੀ ਹੈ।ਇਹਨਾਂ ਦੇ ਆਉਣ ਜਾਣ ਲਈ ਭਾਵੇਂ ਪ੍ਰਾਈਵੇਟ ਤੇ ਸਰਕਾਰੀ ਬੱਸਾਂ ਦੇ ਸਟਾਪਜ ਵਿੱਚ ਪਿੰਡ ਚੌਕੀਮਾਨ ਆਉਂਦਾ ਹੈ, ਪਰ ਮੌਕੇ 'ਤੇ ਇਕੱਤਰ ਜਾਣਕਾਰੀ ਅਨੁਸਾਰ ਕਰੀਬ 3 ਵਜੇ ਤੋਂ ਬਾਅਦ ਜਿੰਨੀਆਂ ਵੀ ਬੱਸਾਂ ਜਗਰਾਉਂ ਤੋਂ ਲੁਧਿਆਣਾ ਆਦਿ ਸ਼ਹਿਰਾਂ ਲਈ ਜਾਂਦੀਆਂ ਹਨ ਤਾਂ ਇਹਨਾਂ ਬੱਸਾਂ ਦੇ ਕਰਮਚਾਰੀ ਚੌਕੀਮਾਨ ਤੋਂ ਸਵਾਰੀਆਂ ਨਹੀਂ ਚੁੱਕਦੇ ਤੇ ਨਾ ਹੀ ਚੌਕੀਮਾਨ ਲਈ ਸਵਾਰੀਆਂ ਚੁੱਕਦੇ ਹਨ।

ਜੁਝਾਰ, ਗਰੀਨ ਅਤੇ ਫਤਿਹਗੜ੍ਹ ਆਦਿ ਬੱਸਾਂ ਦੇ ਕਰਮਚ

7- February - Page - 7.qxd 2/6/2026 10:59 PM Page 1

ਧਾਰਮਿਕ ਸਮਾਗਮ ਅੱਜ

ਮੋਰਿੰਡਾ (ਨਿਹਾਲ ਸਿੰਘ ਕਲਸੀ)-ਬ੍ਰਹਮ ਗਿਆਨੀ ਸੰਤ ਬਾਬਾ ਮਹਿੰਦਰ ਸਿੰਘ ਧਿਆਨੂੰ ਮਾਜਰੇ ਤੇ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਮਿਠੀ ਯਾਦ ਵਿੱਚ ਗੁਰਦੁਆਰਾ ਭੋਰਾ ਸਾਹਿਬ ਤਪ ਸਥਾਨ ਧਿਆਨੂੰ ਮਾਜਰੇ ਨੇੜੇ ਉਚਾ ਪਿੰਡ ਵਿਖੇ 7 ਫਰਵਰੀ ਦਿਨ ਸ਼ਨੀਵਾਰ ਨੂੰ ਧਾਰਮਿਕ ਸਮਾਗਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਬਾਬਾ ਬਲਵੀਰ ਸਿੰਘ ਧਿਆਨੂੰ ਮਾਜਰੇ ਵਾਲਿਆਂ ਨੇ ਦੱਸਿਆ ਕਿ ਇਸ ਸਾਲਾਨਾ ਧਾਰਮਿਕ ਸਮਾਗਮ ਵਿੱਚ ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲੇ ਅਤੇ ਗਿਆਨੀ ਹਰਪਾਲ ਸਿੰਘ ਹੈਡ ਗ੍ਰੰਥੀ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ। ਉਹਨਾਂ ਦੱਸਿਆ ਕਿ ਇਸ ਧਾਰਮਿਕ ਸਮਾਗਮ ਵਿੱਚ ਬਾਬਾ ਪਿਆਰਾ ਸਿੰਘ ਸਿਰਥਲੇ ਵਾਲੇ, ਬਾਬਾ ਸੁਰਿੰਦਰ ਪਾਲ ਸਿੰਘ ਸੋਢੀ ਮੋਰਿੰਡਾ ਵਾਲੇ, ਬਾਬਾ ਜਸਕਰਨ ਸਿੰਘ ਨਸ਼ੇੜੀਆਂ ਵਾਲੇ, ਬਾਬਾ ਸਰਬਜੀਤ ਸਿੰਘ ਸੰਧੂਆਂ ਵਾਲੇ, ਬਾਬਾ ਸੰਤ ਸਿੰਘ ਅਮਰਾਲੇ ਵਾਲੇ ਅਤੇ ਬਾਬਾ ਅਵਤਾਰ ਸਿੰਘ ਸਲੇਮਪੁਰ ਵਾਲੇ ਅਪਣੇ ਜਥਿਆਂ ਸਮੇਤ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

ਹੁਸ਼ਿਆਰਪੁਰ ਦੀਆਂ 255 ਪੰਚਾਇਤਾਂ ਨੂੰ 12.75 ਕਰੋੜ ਜਾਰੀ : ਚੱਬੇਵਾਲ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)-ਹੁਸ਼ਿਆਰਪੁਰ ਦੇ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸਰਕਾਰ ਨੇ ਸਰਬਸੰਮਤੀ ਨਾਲ ਚੁਣੀਆਂ ਗਈਆਂ ਗ੍ਰਾਮ ਪੰਚਾਇਤਾਂ ਨਾਲ ਕੀਤੇ ਆਪਣੇ ਵਾਅਦੇ ਨੂੰ ਪੂਰਾ ਕੀਤਾ ਹੈ। ਸਰਕਾਰ ਨੇ ਪ੍ਰਤੀ ਪੰਚਾਇਤ ?5 ਲੱਖ ਦੀ ਵਿਸ਼ੇਸ਼ ਗ੍ਰਾਂਟ ਜਾਰੀ ਕੀਤੀ ਹੈ। ਹੁਸ਼ਿਆਰਪੁਰ ਬਲਾਕ-1 ਵਿੱਚ, ਕੁੱਲ 255 ਗ੍ਰਾਮ ਪੰਚਾਇਤਾਂ ਬਿਨਾਂ ਕਿਸੇ ਮੁਕਾਬਲੇ ਦੇ ਸਰਬਸੰਮਤੀ ਨਾਲ ਚੁਣੀਆਂ ਗਈਆਂ ਸਨ, ਜਿਹਨਾਂ ਦੇ ਲਈ 12.75 ਕਰੋੜ ਜਾਰੀ ਕੀਤੇ ਗਏ ਹਨ ਤੇ ਇਨ੍ਹਾਂ ਸਾਰੀਆਂ ਪੰਚਾਇਤਾਂ ਨੂੰ ਹੁਣ ਇਹ ਵਿਸ਼ੇਸ਼ ਗ੍ਰਾਂਟ ਮਿਲੀ ਹੈ। ਇਹ ਵਾਅਦਾ ਸਰਕਾਰ ਵੱਲੋਂ ਪਿੰਡ ਪੱਧਰ 'ਤੇ ਸਹਿਮਤੀ-ਅਧਾਰਤ ਲੋਕਤੰਤਰੀ ਪਰੰਪਰਾਵਾਂ ਨੂੰ ਉਤਸ਼ਾਹਿਤ ਕਰਨ, ਆਪਸੀ ਸਦਭਾਵਨਾ ਨੂੰ ਉਤਸ਼ਾਹਿਤ ਕਰਨ ਤੇ ਵਿਕਾਸ ਨੂੰ ਤੇਜ਼ ਕਰਨ ਦੇ ਉਦੇਸ਼ ਨਾਲ ਕੀਤਾ ਗਿਆ ਸੀ।

ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਚੋਣ ਮੁਕਾਬਲੇ ਨਾਲੋਂ ਏਕਤਾ ਨੂੰ ਚੁਣਨ ਵਾਲੇ ਪਿੰਡਾਂ ਨੇ ਲੋਕਤੰਤਰੀ ਪਰਿਪੱਕਤਾ ਦੀ ਇੱਕ ਵਧੀਆ ਉਦਾਹਰਣ ਕਾਇਮ ਕੀਤੀ ਹੈ। ਉਨ੍ਹਾਂ ਕਿਹਾ 'ਇਹ ਗ੍ਰਾਂਟ ਸਿਰਫ਼ ਵਿੱਤੀ ਸਹਾਇਤਾ ਨਹੀਂ ਹੈ, ਸਗੋਂ ਪਿੰਡ ਵਾਸੀਆਂ ਵੱਲੋਂ ਦਿਖਾਈ ਗਈ ਇਕਜੁਟਤਾ ਤੇ ਸਮੂਹਕ ਜ਼ਿੰਮੇਵਾਰੀ ਦੀ ਭਾਵਨਾ ਦੀ ਮਾਨਤਾ ਵੀ ਹੈ।' ਡਾ. ਰਾਜ ਨੇ ਅੱਗੇ ਕਿਹਾ ਕਿ ਜਨਤਾ ਨਾਲ ਕੀਤੇ ਵਾਅਦਿਆਂ ਨੂੰ ਪੂਰਾ ਕਰਨਾ ਉਨ੍ਹਾਂ ਦੀ ਤਰਜੀਹ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸਰਕਾਰ ਭਵਿੱਖ ਵਿੱਚ ਵੀ ਪੰਚਾਇਤੀ ਰਾਜ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਪੇਂਡੂ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ ਅਣਥੱਕ ਮਿਹਨਤ ਕਰਦੀ ਰਹੇਗੀ।

ਸਿਹਤ ਮੰਤਰੀ ਵੱਲੋਂ ਕਨਸੂਹਾ ਕਲਾਂ 'ਚ ਰਜਿਸਟ੍ਰੇਸ਼ਨ ਪ੍ਰਕਿਰਿਆ ਦਾ ਜਾਇਜ਼ਾ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬ ਦੇ ਸਿਹਤ ਅਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਪਿੰਡ ਕਨਸੂਹਾ ਕਲਾਂ ਵਿਖੇ ਮੁੱਖ ਮੰਤਰੀ ਸਿਹਤ ਯੋਜਨਾ ਅਧੀਨ ਚੱਲ ਰਹੀ 10 ਲੱਖ ਰੁਪਏ ਦੀ ਮੁਫ਼ਤ ਸਿਹਤ ਬੀਮਾ ਯੋਜਨਾ ਦੀ ਰਜਿਸਟ੍ਰੇਸ਼ਨ ਪ੍ਰਕਿਰਿਆ ਦਾ ਮੌਕੇ 'ਤੇ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਰਜਿਸਟ੍ਰੇਸ਼ਨ ਦੇ ਕੰਮ ਦੀ ਪ੍ਰਗਤੀ ਦੀ ਸਮੀਖਿਆ ਕੀਤੀ।ਡਾ. ਬਲਬੀਰ ਸਿੰਘ ਨੇ ਖੁਦ ਲੋਕਾਂ ਨਾਲ ਰੂਬਰੂ ਹੋ ਕੇ ਸਿਹਤ ਬੀਮਾ ਕਾਰਡ ਬਣਾਉਣ ਦੀ ਪ੍ਰਕਿਰਿਆ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਮੌਕੇ 'ਤੇ ਮੌਜੂਦ ਲੋਕਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਵੱਧ ਤੋਂ ਵੱਧ ਇਸ ਯੋਜਨਾ ਦਾ ਲਾਭ ਲੈਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਦਾ ਮੁੱਖ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਪੰਜਾਬ ਦਾ ਕੋਈ ਵੀ ਨਾਗਰਿਕ ਇਲਾਜ ਤੋਂ ਵਾਂਝਾ ਨਾ ਰਹੇ।ਸਿਹਤ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਸ ਯੋਜਨਾ ਅਧੀਨ ਹਰ ਯੋਗ ਵਿਅਕਤੀ ਦਾ ਸਿਹਤ ਬੀਮਾ ਕਾਰਡ ਬਣਾਇਆ ਜਾਵੇਗਾ, ਜਿਸ ਰਾਹੀਂ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਮੁਫ਼ਤ ਇਲਾਜ ਦੀ ਸਹੂਲਤ ਮਿਲੇਗੀ। ਉਨ੍ਹਾਂ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਦਸਤਾਵੇਜ਼ ਤਿਆਰ ਰੱਖ ਕੇ ਸਮੇਂ ਸਿਰ ਰਜਿਸਟ੍ਰੇਸ਼ਨ ਕਰਵਾਉਣ।ਇਸ ਤੋਂ ਇਲਾਵਾ ਡਾ. ਬਲਬੀਰ ਸਿੰਘ ਨੇ ਪੰਚਾਇਤ ਭਵਨ ਪਟਿਆਲਾ ਵਿਖੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਵਿਭਾਗ ਵੱਲੋਂ ਆਯੋਜਿਤ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਦੌਰਾਨ ਵਿਭਾਗ ਦੀਆਂ ਭਲਾਈ ਯੋਜਨਾਵਾਂ ਤਹਿਤ 18 ਲਾਭਪਾਤਰੀਆਂ ਨੂੰ 51-51 ਹਜ਼ਾਰ ਰੁਪਏ ਦੇ ਚੈੱਕ ਤਕਸੀਮ ਕੀਤੇ ਗਏ।ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਘੱਟ ਗਿਣਤੀਆਂ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਆਰਥਿਕ ਮਜ਼ਬੂਤੀ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਭਲਾਈ ਸਕੀਮਾਂ ਰਾਹੀਂ ਉਨ੍ਹਾਂ ਨੂੰ ਆਤਮਨਿਰਭਰ ਬਣਾਇਆ ਜਾ ਰਿਹਾ ਹੈ। ਇਸ ਮੌਕੇ ਵਿਭਾਗੀ ਅਧਿਕਾਰੀ, ਸਥਾਨਕ ਆਗੂ, ਸਮਾਜਿਕ ਪ੍ਰਤੀਨਿਧੀ ਅਤੇ ਵੱਡੀ ਗਿਣਤੀ ਵਿੱਚ ਲਾਭਪਾਤਰੀ ਹਾਜ਼ਰ ਰਹੇ।

ਸੰਦੀਪ ਸਿੰਘ ਕਲੋਤਾ ਨੇ ਮਜੀਠੀਆ ਨਾਲ ਕੀਤੀ ਮੁਲਾਕਾਤ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਨੰਬਰਦਾਰ ਸੰਦੀਪ ਸਿੰਘ ਕਲੋਤਾ ਨੇ ਚੰਡੀਗੜ੍ਹ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਸਾਬਕਾ ਕੈਬਨਿਟ ਮੰਤਰੀ ਬਿਕਰਮ ਸਿੰਘ ਮਜੀਠੀਆ ਨਾਲ ਮੁਲਾਕਾਤ ਕੀਤੀ। ਮੀਡੀਆ ਨਾਲ ਗੱਲਬਾਤ ਕਰਦਿਆਂ ਸੰਦੀਪ ਸਿੰਘ ਕਲੋਤਾ ਨੇ ਕਿਹਾ ਕਿ ਪੰਜਾਬ ਵਿੱਚ ਹਰ ਰੋਜ਼ ਦਿਨ ਦਿਹਾੜੇ ਹੋ ਰਹੀਆਂ ਕਤਲ ਵਾਰਦਾਤਾਂ ਨੇ ਸੂਬੇ ਦੇ ਹਾਲਾਤ ਬੇਹੱਦ ਚਿੰਤਾਜਨਕ ਬਣਾ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅੱਜ ਜਲੰਧਰ ਦੇ ਮਾਡਲ ਟਾਊਨ ਖੇਤਰ ਵਿੱਚ 'ਆਪ' ਆਗੂ ਲੱਕੀ ਉਬਰਾਏ ਦੀ ਦੋ ਹਮਲਾਵਰਾਂ ਵੱਲੋਂ 8 ਤੋਂ 10 ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ।ਇਸ ਮੌਕੇ ਸੰਦੀਪ ਸਿੰਘ ਕਲੋਤਾ ਨੇ ਅਕਾਲੀ ਵਰਕਰਾਂ ਨੂੰ ਮਜ਼ਬੂਤ ਹੋਣ ਦਾ ਸੱਦਾ ਦਿੰਦਿਆਂ ਕਿਹਾ ਕਿ ਆਉਣ ਵਾਲੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਹੁਣ ਤੋਂ ਹੀ ਕਮਰ ਕੱਸ ਲਈ ਜਾਵੇ ਤਾਂ ਜੋ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਾਈ ਜਾ ਸਕੇ।

Change of Name

I, Bakshish Singh S/O Inder Singh R/O Vill Tatle P.O.Padhri Kalan, Teh. Patti Distt. Tarn Taran have changed my name from Bakshish Singh to Bakhshish Singh. Concerned please note.

I Ram Lubhaya S/o Gurmej Singh R/o VPO Bundala, Patti Badal Ki, Tehsil Phillaur, Distt. Jalandhar, Punjab I Have Changed My Name From Lubhaya to Ram Lubhaya. All Concerned note.

I, Balwant Singh Randhawa s/o Swaran Singh R/o Vill. Adowali, PO. Rangar Nangal, Tehsil Batala, District Gurdaspur. Have changed my name from Balwant Singh Randhawa to Balwant Singh. Concerned note.

I, Prabhjot Kaur W/o Ramandeep Singh R/o Village Handowal Kalan, PO Singhpur, Distt. Hoshiarpur Punjab declare that my name is Prabhjot Kaur. My surname is Kaur and given name is Prabhjot. Concerned note.

I, Ramandeep Singh S/o Mohinder Singh R/o Vill. Jallowal PO Jallowal Khanoor, Distt. Hoshiarpur, Pin 146104, Punjab have changed my name from Ramandeep Singh to Singh Ramandeep. Concerned note.

I, Satinder Singh S/o Baldev Singh R/o Village Pati Adalatpur Rahimabad PO. Kalanaur , District Gurdaspur, Punjab, India Pin Code 143512 , I have changed my name from Satinder Singh to Singh Satinder , Surname as Singh and given name as Satinder.

I, Mohammed Sahil Sangam S/O Mohammed Shamshad Alam R/O H.no.51, Palam Vihar, Near Malri Gate, Po. Nakodar, Distt. Jalandhar - 144040, Punjab declare that name of mine has been written as MD Sahil Sangam in my 12th certificate, Actual name of mine is Mohammed Sahil Sangam, which may be amended Accordingly.

I, Gursewak Singh S/O Gurpinder Singh R/O Village. Dalla, Po. Qadian, Distt. Gurdaspur - 143516, Punjab have changed my name from Gursewak Singh to Singh as Surname and Gursewak As Given name. All concerned please note.

I, Jashanpreet Singh S/O Saroop Singh R/O Village. Buttar Kalan, Po. Qadian, Distt. Gurdaspur - 143516, Punjab have changed my name from Jashanpreet Singh to Singh as Surname and Jashanpreet As Given name. All concerned please note.

I, Solina W/o David R/o Vill Kutbi Nangal Tehsil Batala Distt Gurdaspur have changed my name from Solina to Salina

I, Manpreet Singh S/o Ranjit Singh R/o Village Janian, PO Bundala, Tehsil and Distt Amritsar that declare Singh is my Surname and Manpreet is my given Name

I, Baljinder Singh S/o Shinda Singh R/o VPO Rasulpur Kalan Amritsar have declare that Baljinder is my Given name and Singh is my Surname

I, Munish Gupta S/o Ramesh Kumar R/o 385, Dream City Near Best Price G.T Road, Manawala Amritsar have changed my name from Munish Gupta to Munish Kumar

I, Gurmit Kaur Sokhal W/o Pargat Singh R/o H.No.8 Gali No.19 Sahibzada Fateh Singh Nagar O/s Gate Hakima Amritsar have changed my name to Gurmit Kaur.

I, Gurloveleen Singh S/o Sawinder Singh R/o Village Gosal PO. Buchenangal , District Gurdaspur, Punjab, India Pin Code 143512 , I have changed my name from Gurloveleen Singh to Singh Gurloveleen, Surname as Singh and Given Name as Gurloveleen.

I, Sonia w/o Amarjeet Kumar r/o VPO.Lambra Abadi, Distt.Jalandhar have changed my name from Sonia to Sonia Kumari (Surname as Kumari) All Please Note.

I, Geeta w/o Sant Ram r/o Village Salempur Masandan, Talhan, Distt. Jalandhar have changed my name from Geeta to Geeta Rani. All Please Note.

I, Mahesh Kumar s/o Yoginder Paul Khanna r/o H.No.52B, Deen Dayal Upadhyaya Nagar, Jalandhar have changed my name Mahesh Kumar to Mahesh Khanna (khanna as surname) All Please Note.

I, Damanvir Singh S/o Harpreet Singh R/o H.No. 18, Parkash Nagar, Model Town, Jalandhar, Punjab have changed my name from Damanvir Singh to Damanvir Singh Badesha. All Please Note.

Change of Name

I, Maninder Jit Kaur w/o Tajinder Pal Singh r/o H.No. 132, Hardev Nagar, Jalandhar have changed my name from Maninder Jit Kaur to Maninder jeet Kaur. All Please Note.

I, Raj Kumari w/o Darshan Kumar r/o Village Baba Bakala, Distt. Amritsar declares that Raj Kumari and Raj Rani, both names are mine and belong to one and the same person/lady. All Please Note.

I, Jaspreet Kaur W/o Ranjit Singh Minhas R/o VPO. Daroli Kalan, Distt. Jalandhar I declare that Jaspreet as my given name and Kaur as my surname. All Please Note.

I, Jaspreet Kaur W/o Ranjit Singh Minhas R/o VPO. Daroli Kalan, Distt. Jalandhar I declare that my minor daughter Gursirat is a given and Kaur is a surname. All Please Note.

I, Kewal Singh S/o Pritam Singh R/o Vill. Harbanspur, Po. Bhabiana, Teh. Phagwara, Distt. Kapurthala have changed my name from Kewal Singh to Given Name as Kewal & Surname as Singh. All Please Note.

I, Sonia d/o Lashkar Ram r/o VPO. Nussi, Distt. Jalandhar have changed my name from Sonia to Sonia Kaur (Surname as Kaur). All Please Note.

I, Ankiit Kumar Kataria S/o Raj Kumar Kataria R/o H.No. 66, Sewa Sadan Road, Sat Nagar, Jalandhar, Punjab have changed my minor son name from Arav Kataria to Arhav Kumar Kataria. All Please Note.

I, Geeta Devi W/O Budhi Ram Maurya, R/o House No-173, Tajpur Road, Nr Central Jail, Preet Nagar, Focal Point, Ludhiana, Punjab- 141010. have changed my name and shall hereafter be Known as Mithila Rani.

I, Vinod Kumar Sharma son of Lajpat Rai Sharma resident of H.No . EG 811- B -3, Mohalla Gobindgarh, Jalandhar I 144001 , Punjab have changed my name from Vinod Kumar Sharma to Vinod Kumar. All concerned please note.

I Rajni Mahendru Alias Rajni Bala D/o Yash Paul Behal R/o H.No. EC 97, Peeran Wali Gali, Qazi Mohalla , Khingra Gate, Jalandhar, have changed my name from Rajni Mahendru Alias Rajni Bala to Rajni Bala. All concerned please note.

I, Kiran Kumari W/O Ajay Kumar Resident Of H.No. 26, St No. 5, Talhan Road, Arman Nagar, VPO. Dakoha, District Jalandhar, Punjab-144023 Have Changed My Name And Shall Hereafter Be Known As Pooja.

I, Gurmukh Singh S/O Gurnam Singh R/O VPO. Mithapur, Jalandhar Have Changed my Name From Gurmukh Singh To Vijay Kumar. All Concerned Please Note.

PUBLIC NOTICE

I, Sushil Goyal S/O Rajinder Kumar, R/o House No. 9, Royal Valley, Dhandra Road, Gill, Ludhiana, Punjab- 141116. Declare that Name of Mine has been wrongly written as Sushil in my All Educational Documents. The actual name of Mine is Sushil Goyal, which may be amended accordingly.

ਆਮ ਸੂਚਨਾ

ਮੈਂ, ਤਰਨਪ੍ਰੀਤ ਸਿੰਘ ਸਪੁੱਤਰ ਸਵਰਗਵਾਸੀ ਹਰਦੇਵ ਸਿੰਘ ਉਰਫ ਗੁਰਦੇਵ ਸਿੰਘ ਪੁੱਤਰ ਚਰਨ ਸਿੰਘ, ਵਾਸੀ ਪਿੰਡ ਹੇਰਾਂ, ਤਹਿਸੀਲ ਨਕੋਦਰ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੇ ਪਿਤਾ ਦੇ ਦੋ ਨਾਂਅ ਹਰਦੇਵ ਸਿੰਘ ਉਰਫ ਗੁਰਦੇਵ ਸਿੰਘ ਪ੍ਰਚਲਤ ਹਨ। ਇਸ ਲਈ ਉਨ੍ਹਾਂ ਨੂੰ ਦੋਵਾਂ ਨਾਵਾਂ ਨਾਲ ਜਾਣਿਆ ਜਾਂਦਾ ਹੈ ਅਤੇ ਅੱਗੇ ਤੋਂ ਵੀ ਦੋਵਾਂ ਨਾਵਾਂ ਨਾਲ ਜਾਣਿਆ ਜਾਵੇ। ਸੰਬੰਧਤ ਨੋਟ ਕਰਨ। (13027)

ਮੈਂ, ਮਹਿੰਦਰ ਕੌਰ ਪਤਨੀ ਪ੍ਰੇਮ ਸਿੰਘ ਵਾਸੀ ਪਿੰਡ ਰੰਗੀਲਪੁਰ ਡਾਕਖਾਨ ਜੈਤੋ ਸਰਜਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਪੁੱਤਰ ਅਮਰੀਕ ਸਿੰਘ ਅਤੇ ਆਪਣੀ ਨੂੰਹ ਪੂਜਾ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਮਿਤੀ 14-07-2025 ਨੂੰ ਬੇਦਖਲ ਕੀਤਾ ਸੀ। ਹੁਣ ਮੇਰਾ ਪੁੱਤਰ ਅਮਰੀਕ ਸਿੰਘ ਮੇਰੇ ਕਹਿਣੇ ਵਿੱਚ ਹੈ। ਮੈਂ ਹੁਣ ਇਸ ਬੇਦਖਲੀ ਨੂੰ ਕੌਂਸਲ ਕਰਦੀ ਹਾਂ ਅਤੇ ਅੱਜ ਤੋਂ ਮੈਂ ਆਪਣੇ ਪੁੱਤਰ ਅਮਰੀਕ ਸਿੰਘ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਵਿੱਚ ਦਾਖਲ ਕਰਦੀ ਹਾਂ। ਸਬੰਧਿਤ ਨੋਟ ਕਰਨ।

ਮੈਂ, ਜਤਿੰਦਰ ਸਿੰਘ ਪੁੱਤਰ ਸੰਤੋਖ ਸਿੰਘ ਵਾਸੀ ਹਰਦੋ ਫਰਾਲਾ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਪਿੰਡ ਹਰਦੋ ਫਰਾਲਾ, ਜ਼ਿਲ੍ਹਾ ਜਲੰਧਰ ਦਾ ਪੱਕਾ ਵਸਨੀਕ ਹਾਂ ਅਤੇ ਇਸ ਪਤੇ ਤੇ ਪੱਕੇ ਤੌਰ ਤੇ ਰਹਿੰਦਾ ਹਾਂ। ਇਹ ਕਿ ਮੇਰੀ ਮਾਤਾ ਗੁਰਦੇਵ ਕੌਰ ਹੈ, ਜਿਸ ਦੀ ਮੌਤ ਹੋ ਚੁੱਕੀ ਹੈ।

ਮੈ ਅਵਰੀਨ ਖੰਨਾ ਪੁੱਤਰ ਨਰਿੰਦਰ ਕੁਮਾਰ ਖੰਨਾ ਵਾਸੀ ਮਕਾਨ ਨੰਬਰ162-ਸੀ, ਅਨੰਦ ਐਵੀਨਿਊ, ਮਕਬੂਲਪੁਰਾ ਰੋਡ ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ ਇਹ ਬਿਆਨ ਕਰਦਾ ਹਾਂ ਕਿ ਮੇਰੇ ਗੁੰਮ ਹੋਏ ਇਕ ਹੈਡ ਬੈਗ ਵਿਚ ਰਜਿਸਟਰੀ ਜਿਸ ਦਾ ਕੁਲ ਰਕਬਾ 516.5 ਵਰਗਗਜ਼, ਖਸਰਾ ਨੰਬਰ 66/8/3 ਮਿੰਨ, ਪ੍ਰਾਈਵੇਟ ਪਲਾਟ ਨੰਬਰ 17, ਵਸੀਕਾ ਨੰਬਰ 12988, ਜਾਇਦ ਬਹੀ ਨੰਬਰ 1 ਜਿਲਦ ਨੰਬਰ 2435 ਦੇ ਸਫਾ ਨੰਬਰ 6568 ਮਿਤੀ 22-02-2006 ਵਾਕਿਆ ਰਕਬਾ ਪਿੰਡ ਨੰਗਲੀ, ਫਤਿਹਗੜ੍ਹ ਚੂੜੀਆਂ ਰੋਡ, ਤਹਿਸੀਲ ਤੇ ਜਿਲਾਂ ਅੰਮ੍ਰਿਤਸਰ ਵਿਖੇ ਸਥਿਤ ਹੈ ਪੁਰਾਣੀ ਰਜਿਸਟਰੀ ਜਿਸ ਦੀ ਮਾਲਕੀ ਜੇ ਡੀ ਨੰਬਰ 3 ਸ਼੍ਰੀਮਤੀ ਰਾਮਾ ਆਨੰਦ ਪਤਨੀ ਅਸ਼ੋਕ ਆਨੰਦ ਵਾਸੀ 25, ਜੋਸ਼ੀ ਕਲੋਨੀ, ਅੰਮ੍ਰਿਤਸਰ ਜੋ ਕਿ ਗੁੰਮ ਹੋ ਚੁੱਕੀ ਹੈ।

ਬੇਦਖਲੀ ਨੋਟਿਸ

ਮੈਂ ਲੀਲਾ ਰਾਮ ਪੁੱਤਰ ਰਘਵੀਰ ਚੰਦ ਵਾਸੀ ਧਨੌਲਾ ਤਹਿਸੀਲ ਵ ਜਿਲ੍ਹਾ ਬਰਨਾਲਾ ਦਾ ਰਹਿਣ ਵਾਲਾ ਹਾਂ ਮੈਂ ਹਲਫ ਨਾਲ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬੀਰੂ ਰਾਮ ਜੋ ਬੁਰੀ ਸੰਗਤ ਦਾ ਸ਼ਿਕਾਰ ਹੋ ਕੇ ਨਸ਼ੇ ਕਰਨ ਦਾ ਆਦੀ ਹੋ ਗਿਆ ਹੈ ਅਤੇ ਮੇਰੇ ਕਹਿਣੇ ਤੋਂ ਬਿਲਕੁਲ ਬਾਹਰ ਹੈ ਇਸ ਤੋਂ ਮੈਂ ਤੰਗ ਆ ਕੇ ਮੈਂ ਇਸ ਨੂੰ ਆਪਣੀ ਚਲਤ ਅਚਲਤ ਜਾਇਦਾਦ ਤੋ ਬੇਦਖਲ ਕਰਦਾ ਹਾਂ ਇਸ ਦਾ ਮੇਰੇ ਪਰਿਵਾਰ ਅਤੇ ਰਿਸ਼ਤੇਦਾਰਾਂ ਨਾਲ ਕੋਈ ਸਬੰਧ ਨਹੀਂ ਹੈ ਇਹ ਬਾਹਰ ਕਿਸੇ ਨਾਲ ਲੜਾਈ ਝਗੜਾ ਕਰਦਾ ਹੈ ਜਾ ਕਿਸੇ ਤਰ੍ਹਾਂ ਦਾ ਕੋਈ ਵੀ ਕਦਮ ਚੁੱਕਦਾ ਹੈ ਉਹ ਖੁਦ ਜਿੰਮੇਵਾਰ ਹੋਵੇਗਾ।

ਮੈਂ, ਰਵੇਲ ਕੌਰ ਪਤਨੀ ਗੁਰਦਿਆਲ ਸਿੰਘ ਵਾਸੀ ਮਕਾਨ ਨੰ: 243, ਗੁਰੂ ਨਾਨਕ ਨਗਰ ਬਟਾਲਾ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਅਵਤਾਰ ਸਿੰਘ ਉਰਫ ਮੰਗਾ ਅਤੇ ਇਸ ਦੀ ਪਤਨੀ ਮਮਤਾ, ਮੇਰਾ ਪੋਤਰਾ ਫਤਿਹ ਸਿੰਘ, ਪੋਤਰੀ ਮੀਤ, ਜੋ ਕਿ ਮੇਰੇ ਕਹਿਣੇ ਅਨੁਸਾਰ ਨਹੀਂ ਚੱਲਦੇ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵ

7 Feb Page 8.qxd 2/6/2026 11:04 PM Page 1

ਭਾਰਤ-ਅਮਰੀਕਾ ਵਪਾਰ ਸਮਝੌਤਾ ਪੰਜਾਬ ਦੇ ਕਿਸਾਨਾਂ, ਛੋਟੇ ਉਦਯੋਗਾਂ ਲਈ ਖ਼ਤਰਾ : ਸਿੱਧੂ

ਚੰਡੀਗੜ੍ਹ, (ਗੁਰਜੀਤ ਬਿੱਲਾ)- ਪੰਜਾਬ ਤੋਂ ਸੀਨੀਅਰ ਕਾਂਗਰਸ ਨੇਤਾ ਅਤੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਪ੍ਰਸਤਾਵਿਤ ਭਾਰਤ-ਅਮਰੀਕਾ ਵਪਾਰ ਸਮਝੌਤੇ ਨੂੰ ਲੈ ਕੇ ਮੋਦੀ ਸਰਕਾਰ 'ਤੇ ਤਿੱਖਾ ਸ਼ਬਦੀ ਹਮਲਾ ਕੀਤਾ। ਉਨ੍ਹਾਂ ਨੇ ਇਸਨੂੰ ਪੰਜਾਬ ਦੀ ਖੇਤੀਬਾੜੀ ਅਰਥਵਿਵਸਥਾ, ਡੇਅਰੀ ਖੇਤਰ ਅਤੇ ਛੋਟੇ ਉਦਯੋਗਾਂ ਲਈ ਗੰਭੀਰ ਖ਼ਤਰਾ ਦੱਸਿਆ। ਬਲਬੀਰ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੇ ਕਿਸਾਨ ਪਹਿਲਾਂ ਹੀ ਵਧ ਰਹੀ ਲਾਗਤ ਤੇ ਘਟ ਰਹੀ ਆਮਦਨ ਦੇ ਦਬਾਅ ਹੇਠ ਹਨ। ਅਜਿਹੇ ਵਿੱਚ ਭਾਰਤੀ ਬਾਜ਼ਾਰਾਂ ਨੂੰ ਸਬਸਿਡੀ ਪ੍ਰਾਪਤ ਅਮਰੀਕੀ ਖੇਤੀ ਉਤਪਾਦਾਂ ਲਈ ਖੋਲ੍ਹਣਾ ਫਸਲਾਂ ਦੀਆਂ ਕੀਮਤਾਂ ਨੂੰ ਹੋਰ ਘਟਾਏਗਾ ਅਤੇ ਛੋਟੇ ਤੇ ਦਰਮਿਆਨੇ ਕਿਸਾਨਾਂ ਨੂੰ ਭਾਰੀ ਨੁਕਸਾਨ ਪਹੁੰਚਾਵੇਗਾ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਇਸ ਤਰ੍ਹਾਂ ਦੀਆਂ ਨੀਤੀਆਂ ਜ਼ਮੀਨੀ ਹਕੀਕਤਾਂ ਨੂੰ ਨਜ਼ਰਅੰਦਾਜ਼ ਕਰਦਿਆਂ ਵੱਡੇ ਕਾਰਪੋਰੇਟ ਘਰਾਣਿਆਂ ਨੂੰ ਫ਼ਾਇਦਾ ਪਹੁੰਚਾਉਂਦੀਆਂ ਹਨ, ਖ਼ਾਸ ਕਰਕੇ ਪੰਜਾਬ ਵਰਗੇ ਖੇਤੀ ਪ੍ਰਧਾਨ ਰਾਜਾਂ ਵਿੱਚ।ਡੇਅਰੀ ਖੇਤਰ 'ਤੇ ਕੜਾ ਇਤਰਾਜ਼ ਜਤਾਉਂਦੇ ਹੋਏ ਸਿੱਧੂ ਨੇ ਕਿਹਾ ਕਿ ਡੇਅਰੀ ਖੇਤੀ ਪੰਜਾਬ ਦੇ ਲੱਖਾਂ ਪੇਂਡੂ ਪਰਿਵਾਰਾਂ ਨੂੰ ਰੋਜ਼ਾਨਾ ਰੁਜ਼ਗਾਰ ਅਤੇ ਨਿਯਮਤ ਆਮਦਨ ਪ੍ਰਦਾਨ ਕਰਦੀ ਹੈ। ਵਪਾਰ ਸਮਝੌਤੇ ਦੇ ਤਹਿਤ ਜੇਕਰ ਇਸ ਖੇਤਰ ਨੂੰ ਖੋਲ੍ਹਿਆ ਗਿਆ ਤਾਂ ਸਸਤਾ ਦੁੱਧ ਪਾਊਡਰ ਅਤੇ ਹੋਰ ਡੇਅਰੀ ਉਤਪਾਦ ਆਯਾਤ ਕੀਤੇ ਜਾਣਗੇ, ਜਿਸ ਨਾਲ ਖਰੀਦ ਕੀਮਤਾਂ ਡਿੱਗਣਗੀਆਂ ਅਤੇ ਕਿਸਾਨਾਂ ਨੂੰ ਸਹਾਰਾ ਦੇਣ ਵਾਲੀ ਸਹਿਕਾਰੀ ਪ੍ਰਣਾਲੀ ਕਮਜ਼ੋਰ ਹੋ ਜਾਵੇਗੀ। ਉਨ੍ਹਾਂ ਨੇ ਇਹ ਵੀ ਚੇਤਾਵਨੀ ਦਿੱਤੀ ਕਿ ਅਮਰੀਕਾ ਦੀਆਂ ਵੱਡੀਆਂ ਅਤੇ ਸਬਸਿਡੀ ਪ੍ਰਾਪਤ ਕੰਪਨੀਆਂ ਨਾਲ ਗ਼ੈਰ-ਇਨਸਾਫ਼ੀ ਮੁਕਾਬਲੇ ਕਾਰਨ ਪੰਜਾਬ ਦੇ ਛੋਟੇ ਅਤੇ ਦਰਮਿਆਨੇ ਉਦਯੋਗਾਂ ਨੂੰ ਭਾਰੀ ਨੁਕਸਾਨ ਹੋਵੇਗਾ, ਜਿਸ ਨਾਲ ਕਸਬਿਆਂ ਅਤੇ ਉਦਯੋਗਿਕ ਖੇਤਰਾਂ ਵਿੱਚ ਰੁਜ਼ਗਾਰ ਦੇ ਮੌਕੇ ਘਟਣਗੇ।

ਤਰਕਸ਼ੀਲ ਸਾਹਿਤ ਵਿਗਿਆਨਿਕ ਸੋਚ ਦੇ ਧਾਰਨੀ ਬਣਾਉਂਦੈ : ਆਗੂ

ਸ਼ਾਹਕੋਟ (ਗਿਆਨ ਸੈਦਪੁਰੀ)- ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ ਪਿਛਲੇ ਵਰ੍ਹੇ ਵਿਦਿਆਰਥੀ ਚੇਤਨਾ ਪਰਖ ਪ੍ਰੀਖਿਆ ਲਈ ਗਈ ਸੀ।ਸੁਸਾਇਟੀ ਦੀ ਇਕਾਈ ਸ਼ਾਹਕੋਟ ਵੱਲੋਂ ਇਸ ਪ੍ਰੀਖਿਆ ਵਿੱਚ 25 ਸਕੂਲਾਂ ਦੀ ਸ਼ਮੂਲੀਅਤ ਕਰਵਾਈ ਗਈ ਸੀ। ਇਸ ਵਿੱਚ ਚੰਗੀ ਕਾਰਗੁਜ਼ਾਰੀ ਵਾਲੇ ਵਿਦਿਆਰਥੀਆਂ ਨੂੰ ਕਿਤਾਬਾਂ ਦੇ ਰੂਪ ਵਿੱਚ ਗਿਫਟ ਤੇ ਸਰਟੀਫਿਕੇਟ ਪ੍ਰਦਾਨ ਕੀਤੇ ਜਾਂਦੇ ਹਨ। ਇਸ ਸਿਲਸਿਲੇ ਤਹਿਤ ਸ਼ੁੱਕਰਵਾਰ ਨੂੰ ਸ਼ਾਹਕੋਟ ਇਲਾਕੇ ਦੇ ਕੁਝ ਸਕੂਲਾਂ ਵਿੱਚ ਤਰਕਸ਼ੀਲ ਸੁਸਾਇਟੀ ਦੀ ਟੀਮ ਵੱਲੋਂ ਕਿਤਾਬਾਂ ਅਤੇ ਸਰਟੀਫਿਕੇਟ ਵੰਡੇ ਗਏ। ਇਹਨਾਂ ਸਕੂਲਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਮੂਲੇਵਾਲ ਖਹਿਰਾ, ਸਰਕਾਰੀ ਹਾਈ ਸਕੂਲ ਲਸੂੜੀ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪੂਨੀਆ ਸ਼ਾਮਲ ਹਨ। ਇਸ ਮੌਕੇ ਤਰਕਸ਼ੀਲ ਆਗੂ ਸੁਖਵਿੰਦਰ ਬਾਗਪੁਰ ਅਤੇ ਪਾਲ ਬਾਗਪੁਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਕੂਲੀ ਜਮਾਤਾਂ ਪਾਸ ਕਰਨ ਦੇ ਲਈ ਸਿਲੇਬਸ ਦੀਆਂ ਕਿਤਾਬਾਂ ਪੜ੍ਹੀਆਂ ਜਾਂਦੀਆਂ ਹਨ। ਇਹ ਕਿਤਾਬਾਂ ਪੜ੍ਹਨੀਆਂ ਜ਼ਰੂਰੀ ਹਨ ਤੇ ਇਹ ਸਾਡੇ ਗਿਆਨ ਵਿੱਚ ਵਾਧਾ ਕਰਦੀਆਂ ਹਨ। ਚੇਤਨਾ ਪਰਖ ਪ੍ਰੀਖਿਆ ਲੈਣ ਵੇਲੇ ਤਰਕਸ਼ੀਲ ਸੁਸਾਇਟੀ ਵੱਲੋਂ ਹਰ ਵਰ੍ਹੇ ਵਿਸ਼ੇਸ਼ ਕਿਤਾਬਾਂ ਤਿਆਰ ਕਰਵਾਈਆਂ ਜਾਂਦੀਆਂ ਹਨ। ਇਹ ਕਿਤਾਬਾਂ ਜਿੱਥੇ ਵਿਦਿਆਰਥੀਆਂ ਦੇ ਸਰਬ ਪੱਖੀ ਗਿਆਨ ਵਿੱਚ ਵਾਧਾ ਕਰਦੀਆਂ ਹਨ, ਉੱਥੇ ਵਹਿਮਾਂ ਭਰਮਾਂ ਤੋਂ ਦੂਰ ਕਰਕੇ ਵਿਗਿਆਨਕ ਸੋਚ ਦੇ ਧਾਰਨੀ ਵੀ ਬਣਾਉਂਦੀਆਂ ਹਨ। ਇਸ ਲਈ ਤਰਕਸ਼ੀਲ ਸਾਹਿਤ ਨਾਲ ਜੁੜਨਾ ਜ਼ਰੂਰੀ ਹੈ। ਤਰਕਸ਼ੀਲ ਆਗੂਆਂ ਨੇ 15 ਫਰਵਰੀ ਦਿਨ ਐਤਵਾਰ ਨੂੰ ਸ਼ਾਹਕੋਟ ਵਿੱਚ ਕਰਵਾਏ ਜਾ ਰਹੇ ਤਰਕਸ਼ੀਲ ਮੇਲੇ ਵਿੱਚ ਵਿਦਿਆਰਥੀਆਂ, ਉਹਨਾਂ ਦੇ ਮਾਪਿਆਂ ਤੇ ਅਧਿਆਪਕਾਂ ਨੂੰ ਸ਼ਾਮਿਲ ਹੋਣ ਦਾ ਸੱਦਾ ਦਿੱਤਾ। ਲਸੂੜੀ ਸਕੂਲ ਦੇ ਮੁਖੀ ਮੇਜਰ ਸਿੰਘ ਤੇ ਪੂਨੀਆ ਸਕੂਲ ਦੇ ਅਧਿਆਪਕ ਅਮਨਦੀਪ ਕੌਂਡਲ ਨੇ ਤਰਕਸ਼ੀਲ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਉਪਰਾਲੇ ਦੀ ਸ਼ਲਾਘਾ ਕੀਤੀ।ਅਧਿਆਪਕਾਂ ਨੇ ਅੱਗੋ ਤੋਂ ਵੀ ਸਹਿਯੋਗ ਦਿੰਦੇ ਰਹਿਣ ਦਾ ਵਿਸ਼ਵਾਸ ਦਵਾਇਆ।

ਐੱਲ ਪੀ ਯੂ ਨੇ ਆਈ ਆਈ ਸੀ ਰੀਜਨਲ ਮੀਟ 'ਚ ਇਨੋਵੇਸ਼ਨ ਜਿੱਤੀ

ਜਲੰਧਰ (ਸ਼ੈਲੀ ਐਲਬਰਟ)- ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ ਚੰਡੀਗੜ੍ਹ ਵਿੱਚ ਆਯੋਜਿਤ ਇੰਸਟੀਚਿਊਸ਼ਨਜ਼ ਇਨੋਵੇਸ਼ਨ ਕੌਂਸਲ (ਆਈ ਆਈ ਸੀ) ਰੀਜਨਲ ਮੀਟ ਵਿੱਚ ਕਈ ਪੁਰਸਕਾਰ ਜਿੱਤ ਕੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ। ਉੱਤਰੀ ਖੇਤਰ ਦੀਆਂ 60 ਤੋਂ ਵੱਧ ਯੂਨੀਵਰਸਿਟੀਆਂ ਤੇ ਉੱਚ ਸਿੱਖਿਆ ਸੰਸਥਾਵਾਂ ਦੇ 100 ਤੋਂ ਵੱਧ ਇਨੋਵੇਸ਼ਨ ਅੰਬੈਸਡਰਾਂ ਸਮੇਤ 800 ਤੋਂ ਵੱਧ ਡੈਲੀਗੇਟਾਂ ਨੇ ਇਸ ਵੱਕਾਰੀ ਖੇਤਰੀ ਮੀਟ ਵਿੱਚ ਹਿੱਸਾ ਲਿਆ, ਜਿਸ ਨਾਲ ਇਹ ਸਾਲ ਦੇ ਸਭ ਤੋਂ ਮਹੱਤਵਪੂਰਨ ਇਨੋਵੇਸ਼ਨ-ਕੇਂਦ੍ਰਿਤ ਅਕਾਦਮਿਕ ਇਕੱਠਾਂ ਵਿੱਚੋਂ ਇੱਕ ਬਣ ਗਿਆ। ਇਸ ਬਹੁਤ ਹੀ ਪ੍ਰਤੀਯੋਗੀ ਤੇ ਬੌਧਿਕ ਤੌਰ 'ਤੇ ਜੀਵੰਤ ਵਾਤਾਵਰਣ ਦੇ ਵਿਚਕਾਰ, ਐੱਲ ਪੀ ਯੂ ਆਪਣੇ ਇਨੋਵੇਸ਼ਨ ਆਉਟਪੁੱਟ ਦੀ ਡੂੰਘਾਈ ਤੇ ਵਿਭਿੰਨਤਾ ਦੋਵਾਂ ਲਈ ਵੱਖਰਾ ਸੀ।ਇਨੋਵੇਸ਼ਨ ਖੇਤਰੀ ਮੀਟ ਦਾ ਕੇਂਦਰ ਬਿੰਦੂ ਸੀ, ਜਿਸ ਵਿੱਚ ਚਾਰ ਮਾਹਰ ਤੌਰ 'ਤੇ ਕਿਊਰੇਟਿਡ ਪ੍ਰਦਰਸ਼ਨੀ ਸਟਾਲਾਂ ਵਿੱਚ 15 ਨਵੀਨਤਾਕਾਰੀ ਪ੍ਰੋਜੈਕਟ ਪ੍ਰਦਰਸ਼ਿਤ ਕੀਤੇ ਗਏ ਸਨ, ਜੋ ਚਰਚਾ ਦਾ ਕੇਂਦਰ ਬਣ ਗਏ। ਇਸ ਪ੍ਰਭਾਵਸ਼ਾਲੀ ਪ੍ਰਦਰਸ਼ਨੀ ਲਈ ਐੱਲ ਪੀ ਯੂ ਨੂੰ 'ਬੈਸਟ ਐਗਜ਼ੀਬਿਸ਼ਨ ਸਟਾਲ ਐਵਾਰਡ (ਉੱਤਰੀ ਖੇਤਰ)' ਪ੍ਰਾਪਤ ਹੋਇਆ, ਜੋ ਇਸ ਦੇ ਵਿਦਿਆਰਥੀਆਂ ਦੁਆਰਾ ਅਗਵਾਈ ਕੀਤੀਆਂ ਗਈਆਂ ਨਵੀਨਤਾਵਾਂ ਦੀ ਮੌਲਿਕਤਾ ਅਤੇ ਸਖ਼ਤੀ ਨੂੰ ਮਾਨਤਾ ਦਿੰਦਾ ਹੈ। ਇਸ ਦੀ ਸਾਖ ਨੂੰ ਹੋਰ ਵਧਾਉਂਦੇ ਹੋਏ, ਫੈਕਲਟੀ ਸਲਾਹਕਾਰ ਰੂਹਲ ਅਮੀਨ ਚੌਧਰੀ ਅਤੇ ਮਨਦੀਪ ਸਿੰਘ ਨੂੰ ਨਵੀਨਤਾ ਦੇ ਸੰਸਥਾਗਤ ਸੱਭਿਆਚਾਰ ਨੂੰ ਵਿਕਸਤ ਕਰਨ ਵਿੱਚ ਉਨ੍ਹਾਂ ਦੀ ਅਸਾਧਾਰਨ ਭੂਮਿਕਾ ਲਈ ਸਰਵੋਤਮ ਪ੍ਰਦਰਸ਼ਨ ਇਨੋਵੇਸ਼ਨ ਅੰਬੈਸਡਰ ਐਵਾਰਡ ਨਾਲ ਸਨਮਾਨਤ ਕੀਤਾ ਗਿਆ। ਪੁਰਸਕਾਰਾਂ ਦੀ ਸੂਚੀ ਵਿੱਚ ਐੱਲ ਪੀ ਯੂ ਨੇ ਬਹੁਤ ਹੀ ਮੁਕਾਬਲੇ ਵਾਲੇ ਪੋਸਟਰ ਪੇਸ਼ਕਾਰੀ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ।ਸੰਸਦ ਮੈਂਬਰ (ਰਾਜ ਸਭਾ) ਅਤੇ ਐਲਪੀਯੂ ਦੇ ਸੰਸਥਾਪਕ ਚਾਂਸਲਰ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਜ਼ੋਰ ਦੇ ਕੇ ਕਿਹਾ ਕਿ ਅੱਜ ਨਵੀਨਤਾ ਨੂੰ ਵਿਚਾਰਾਂ ਅਤੇ ਸੰਸਥਾਗਤ ਸੀਮਾਵਾਂ ਤੋਂ ਪਾਰ ਜਾਣਾ ਚਾਹੀਦਾ ਹੈ।

ਸਰਕਾਰ ਨੰਬਰਦਾਰਾਂ ਦੀਆਂ ਮੰਗਾਂ ਪੂਰੀਆਂ ਕਰੇ : ਸਮਰਾ

ਨਕੋਦਰ (ਮਨਜੀਤ ਮਾਨ)- ਨੰਬਰਦਾਰ ਯੂਨੀਅਨ ਤਹਿਸੀਲ ਨਕੋਦਰ ਵਿੱਚ ਹੋਈ ਇੱਕ ਵਿਸ਼ਾਲ ਮੀਟਿੰਗ ਵਿੱਚ ਪਹੁੰਚੇ ਗੁਰਪਾਲ ਸਿੰਘ ਸਮਰਾ ਸੂਬਾ ਪ੍ਰਧਾਨ ਨੰਬਰਦਾਰ ਯੂਨੀਅਨ ਪੰਜਾਬ ਨੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਮੌਜੂਦਾ ਸਰਕਾਰ ਨੇ 2022 ਵਿਧਾਨ ਸਭਾ ਚੋਣਾਂ ਵਿੱਚ ਨੰਬਰਦਾਰ ਨਾਲ ਜੋ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਬਣਨ ਤੇ ਦੋ ਹਕੀ ਮੰਗਾਂ ਜਿਨਾਂ ਵਿੱਚ ਮਾਣ ਭੱਤਾ ਦੁਗਣਾ ਕਰਨਾ ਅਤੇ ਨੰਬਰਦਾਰੀ ਜੱਦੀ ਪੁਸ਼ਟੀ ਕਰਨਾ ਪੂਰਾ ਕੀਤਾ ਜਾਵੇਗਾ , ਪ੍ਰੰਤੂ ਸਰਕਾਰ ਨੂੰ ਤਕਰੀਬਨ ਚਾਰ ਸਾਲ ਬੀਤ ਜਾਣ ਤੋਂ ਬਾਅਦ ਵੀ ਇੱਕ ਵੀ ਹਕੀ ਮੰਗਾਂ ਨੂੰ ਪੂਰਾ ਨਹੀਂ ਕੀਤਾ ਗਿਆ। ਸਮਰਾ ਨੇ ਅੱਗੇ ਕਿਹਾ ਕਿ ਅਸੀਂ ਬਹੁਤ ਵਾਰ ਸਰਕਾਰ ਦੇ ਵੱਖ-ਵੱਖ ਮੰਤਰੀਆਂ ਦੇ ਨਾਲ ਮੀਟਿੰਗ ਕਰਕੇ ਮੰਗ ਪੱਤਰ ਦੇ ਕੇ ਯਾਦ ਕਰਵਾ ਚੁੱਕੇ ਹਾਂ ਕਿ ਪਰ ਸਾਨੂੰ ਅੱਜ ਤੱਕ ਸਿਵਾਏ ਲਾਰਿਆਂ ਤੋਂ ਕੁਝ ਵੀ ਨਹੀਂ ਦਿੱਤਾ ਗਿਆ।ਇਸ ਮੌਕੇ ਹਰਕੰਵਲ ਸਿੰਘ ਮੁੰਧ ਜਿਲ੍ਹਾ ਪ੍ਰਧਾਨ ਜਲੰਧਰ ਦਿਹਾਤੀ ਨੇ ਦੱਸਿਆ ਕਿ ਜਲਦੀ ਹੀ ਜ਼ਿਲ੍ਹਾ ਜਲੰਧਰ ਵਿੱਚ ਇੱਕ ਵਿਸ਼ਾਲ ਮੀਟਿੰਗ ਕਰਕੇ ਅਗਲੀ ਰਣਨੀਤੀ ਤਿਆਰ ਕੀਤੀ ਜਾਵੇਗੀ । ਇਸ ਮੌਕੇ ਤੇ ਰਣਜੀਤ ਸਿੰਘ ਹੇਅਰ ਯੂ ਕੇ ਤੇ ਗੁਲਜਿੰਦਰ ਸਿੰਘ ਹੇਅਰ ਯੂ ਕੇ ਨੇ ਆਪਣੇ ਪਿਤਾ ਗੁਰਦੇਵ ਸਿੰਘ ਹੇਅਰ ਦੀ ਯਾਦ ਵਿੱਚ 11000 ਨੰਬਰਦਾਰ ਯੂਨੀਅਨ ਨੂੰ ਦਾਨ ਵਜੋਂ ਦਿੱਤੇ।ਇਸ ਮੌਕੇ ਇਹਨਾਂ ਨੂੰ ਗੁਰਪਾਲ ਸਿੰਘ ਸਮਰਾ ਸੂਬਾ ਪ੍ਰਧਾਨ, ਹਰਕੰਵਲ ਸਿੰਘ ਮੁੰਧ ਮੀਤ ਪ੍ਰਧਾਨ ਪੰਜਾਬ, ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ ਤੇ ਬਾਕੀ ਨੰਬਰਦਾਰ ਸਾਥੀਆਂ ਨੇ ਸਨਮਾਨ ਚਿੰਨ੍ਹ ਦੇ ਕੇ ਸਨਮਾਨ ਕੀਤਾ।ਇਸ ਮੌਕੇ ਤੇ ਹਰਕੰਵਲ ਸਿੰਘ ਮੁੰਧ ਪ੍ਰਧਾਨ ਜ਼ਿਲ੍ਹਾ ਜਲੰਧਰ ਦਿਹਾਤੀ, ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ, ਰਾਜ ਕੁਮਾਰ ਮਹਿੰਮੀ ਜਨਰਲ ਸਕੱਤਰ ਜਲੰਧਰ ਦਿਹਾਤੀ, ਹਰਦਿਆਲ ਸਿੰਘ ਸਰਕਪੁਰ, ਸੱਜਣ ਸਿੰਘ ਉੱਪਲ, ਸੁਖਦੇਵ ਸਿੰਘ, ਰਤਨ ਰਾਏ, ਸੁਲੱਖਣ ਸਿੰਘ ਗਾਂਧਰਾਂ, ਸੰਪੂਰਨ ਸਿੰਘ ਚਾਨੀਆ, ਜਰਨੈਲ ਸਿੰਘ ਮਹਿਤਪੁਰ, ਲਾਭ ਸਿੰਘ ਸਿੰਘਪੁਰ, ਸੁਰਿੰਦਰ ਸਿੰਘ ਕੰਗ ਸਾਬੂ, ਜੁਗਰਾਜ ਸਿੰਘ ਕੰਗ, ਸੁਖਦੇਵ ਸਿੰਘ ਰਾਘੜਾ, ਰਸ਼ਪਾਲ ਸਿੰਘ ਮੁੰਧ, ਰਣਜੀਤ ਸਿੰਘ ਹੇਅਰ, ਨਰਿੰਦਰ ਸਿੰਘ ਸੰਘੇੜਾ, ਹਰਦਿਆਲ ਸਿੰਘ ਹੁਸੈਨਪੁਰ, ਗੁਰਬਖਸ਼ ਸਿੰਘ ਜਹਾਂਗੀਰ, ਹਰਚਰਨ ਸਿੰਘ, ਜਗਦੀਸ਼ ਸਿੰਘ, ਨਾਨਕ ਸਿੰਘ ਹੁਸੈਨਪੁਰ, ਸਾਬੀ ਹੁਸੈਨਪੁਰ ,ਹਰਮੇਲ ਸਿੰਘ ਸਰਹਾਲੀ ਤੋਂ ਇਲਾਵਾ ਅਨੇਕਾਂ ਨੰਬਰਦਾਰ ਹਾਜ਼ਰ ਸਨ।

ਸ਼੍ਰੋਮਣੀ ਭਗਤ ਰਵਿਦਾਸ ਦੇ ਜਨਮ ਦਿਹਾੜੇ ਨੂੰ ਸਮਰਪਤ ਗੁਰਮਤਿ ਸਮਾਗਮ

ਬੰਗਾ (ਅਵਤਾਰ ਕਲੇਰ)- ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਸ਼੍ਰੋਮਣੀ ਭਗਤ ਰਵਿਦਾਸ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਗੁਰਮਤਿ ਸਮਾਗਮ ਬੜੀ ਸ਼ਰਧਾ ਭਾਵਨਾ ਨਾਲ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਕਰਵਾਇਆ ਗਿਆ। ਸ੍ਰੀ ਸੁਖਮਨੀ ਸਾਹਿਬ ਦੇ ਪਾਠ ਸੰਗਤੀ ਰੂਪ ਵਿਚ ਨਰਸਿੰਗ ਵਿਦਿਆਰਥੀਆਂ ਵੱਲੋਂ ਕੀਤੇ ਗਏ, ਉਪੰਰਤ ਗੁਰਦੁਆਰਾ ਸਾਹਿਬ ਵਿਖੇ ਸਜੇ ਦੀਵਾਨ ਵਿਚ ਭਾਈ ਤਜਿੰਦਰ ਸਿੰਘ ਜਲੰਧਰ ਵਾਲਿਆਂ, ਭਾਈ ਜੋਗਾ ਸਿੰਘ ਜਥਿਆਂ ਵਲੋਂ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਜੋੜਿਆ। ਕੁਲਵਿੰਦਰ ਸਿੰਘ ਢਾਹਾਂ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ ਸੰਗਤਾਂ ਨੂੰ ਸ਼੍ਰੋਮਣੀ ਭਗਤ ਰਵਿਦਾਸ ਦੇ ਜਨਮ ਦਿਹਾੜੇ ਦੀਆਂ ਵਧਾਈਆਂ ਦਿੰਦੇ ਹੋਏ ਕਿਹਾ ਕਿ ਉਹਨਾਂ ਦੀ ਬਾਣੀ ਸਮੁੱਚੀ ਮਾਨਵਤਾ ਨੂੰ ਸਰਬ-ਸਾਂਝੀਵਾਲਤਾ ਦਾ ਸੰਦੇਸ਼ ਦਿੰਦੀ ਹੈ ਅਤੇ ਜੋ ਜਾਤ-ਪਾਤ ਤੋਂ ਉੱਪਰ ਉੱਠ ਕੇ ਨਵੇਂ ਨਰੋਏ ਸਮਾਜ ਦੀ ਸਿਰਜਣਾ ਕਰਨ ਲਈ ਉਪਦੇਸ਼ ਦਿੰਦੀ ਹੈ । ਇਸ ਗੁਰਮਤਿ ਸਮਾਗਮ ਵਿਚ ਜਗਜੀਤ ਸਿੰਘ ਸੋਢੀ, ਦਰਸ਼ਨ ਸਿੰਘ ਮਾਹਿਲ, ਨਰਿੰਦਰ ਸਿੰਘ ਸ਼ੇਰਗਿੱਲ, ਮਲਕੀਅਤ ਸਿੰਘ ਬਾਹੜੋਵਾਲ, ਅਜੀਤ ਸਿੰਘ ਬਾਂਦੀ ਕੈਨੇਡਾ, ਬੀਬੀ ਮਨਜੀਤ ਕੌਰ ਬਾਂਦੀ,ਬੀਬੀ ਵਰਿੰਦਰ ਕੌਰ ਬਾਂਦੀ ਬਲਾਚੌਰ,ਦਵਿੰਦਰ ਸਿੰਘ ਢਿੱਲੋਂ ਯੂ.ਐਸ.ਏ, ਮਹਿੰਦਰ ਸਿੰਘ ਢਾਹਾਂ ਕੈਨੇਡਾ, ਗੁਰਦੀਪ ਸਿੰਘ ਢਾਹਾਂ, ਚਰਨ ਸਿੰਘ ਗਿੱਲ ਯੂ.ਐਸ.ਏ, ਸੁਰਿੰਦਰ ਸਿੰਘ ਅਟਵਾਲ ਯੂ.ਐਸ.ਏ, ਸੁਖਵੀਰ ਸਿੰਘ ਨੌਰਾ, ਪ੍ਰੋ: ਹਸਬੰਸ ਸਿੰਘ ਬੋਲੀਨਾ, ਭਾਈ ਮਨਜੀਤ ਸਿੰਘ, ਮਹਿੰਦਰਪਾਲ ਸਿੰਘ, ਮੈਡਮ ਵਨੀਤਾ ਚੋਟ, ਮੈਡਮ ਰਮਨਦੀਪ ਕੌਰ ਪ੍ਰਿੰਸੀਪਲ, ਰਾਜਦੀਪ ਥਿਦਵਾਰ ਵਾਈਸ ਪ੍ਰਿੰਸੀਪਲ, ਡਾ. ਜਸਦੀਪ ਸਿੰਘ ਸੈਣੀ, ਮੈਡਮ ਦਵਿੰਦਰ ਕੌਰ, ਟਰੱਸਟ ਦੇ ਪ੍ਰਬੰਧ ਹੇਠਾਂ ਚੱਲਦੀਆਂ ਸੰਸਥਾਵਾਂ ਦੇ ਸੇਵਾ ਕਰਮੀਆਂ, ਡਾਕਟਰ ਸਾਹਿਬਾਨ, ਨਰਸਿੰਗ ਸਟਾਫ, ਅਧਿਆਪਕਾਂ, ਵਿਦਿਆਰਥੀਆਂ ਅਤੇ ਇਲਾਕਾ ਨਿਵਾਸੀ ਸਾਧ ਸੰਗਤਾਂ ਨੇ ਵੀ ਹਾਜ਼ਰੀਆਂ ਭਰੀਆਂ।

ਡੀ ਡੀ ਏ ਨੇ ਫਲੈਟਾਂ ਦੀ ਵੰਡ ਲਈ ਰਾਜ ਸਰਕਾਰਾਂ ਤੋਂ ਅਰਜ਼ੀਆਂ ਮੰਗੀਆਂ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਦਿੱਲੀ ਵਿਕਾਸ ਅਥਾਰਿਟੀ ਨੇ ਆਪਣੀ ਡੀ ਡੀ ਏ ਟਾਵਰਿੰਗ ਹਾਇਟਸ, ਕੜਕੜਡੂਮਾ ਹਾਊਸਿੰਗ ਸਕੀਮ-2026 ਤਹਿਤ ਆਵਾਸੀ ਫਲੈਟਾਂ ਦੀ ਥੋਕ ਵੰਡ ਲਈ ਰਾਜ ਸਰਕਾਰਾਂ ਤੋਂ ਅਰਜੀ ਲਈ ਸੱਤਾ ਦਿੱਤਾ ਹੈ। ਆਰਮੈਚ-02 ਬਲਾਕ, ਕੜਕੜਡੂਮਾ ਦੇ ਵੱਖ ਵੱਖ ਟਾਵਰਾਂ ਵਿੱਚ ਸਥਿਤ ਇਨ੍ਹਾਂ ਆਵਾਸੀ ਇਕਾਇਆਂ ਦਾ ਉਪਯੋਗ ਸਟਾਫ਼ ਕਵਾਰਟਰ, ਅਧਿਕਾਰਿਕ ਆਵਾਸ

7 Feb Page 9.qxd 2/6/2026 11:02 PM Page 1

ਬੀ ਕੇ ਯੂ (ਉਗਰਾਹਾਂ) ਦੇ ਸੰਘਰਸ਼ ਨੂੰ ਦਬਾਉਣ ਲਈ ਤਾਨਾਸ਼ਾਹੀ ਹਮਲੇ ਬੰਦ ਕਰੇ ਪੰਜਾਬ ਸਰਕਾਰ : ਜਮਹੂਰੀ ਫਰੰਟ

ਬੰਗਾ (ਅਵਤਾਰ ਕਲੇਰ)- ਇੱਥੇ ਪ੍ਰੈਸ ਬਿਆਨ ਜਾਰੀ ਕਰਕੇ ਫਰੰਟ ਦੇ ਕਨਵੀਨਰਾਂ ਡਾ. ਪਰਮਿੰਦਰ ਸਿੰਘ, ਪ੍ਰੋਫੈਸਰ ਏਕੇ ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਜੇਲ੍ਹਬੰਦ ਕਿਸਾਨ ਆਗੂਆਂ ਦੀ ਰਿਹਾਈ ਲਈ 6 ਫਰਵਰੀ ਤੋਂ ਬਠਿੰਡਾ ਵਿਖੇ ਲੱਗਣ ਵਾਲੇ ਪੱਕੇ ਮੋਰਚੇ ਨੂੰ ਰੋਕਣ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂਆਂ/ਕਾਰਕੁੰਨਾਂ ਦੇ ਘਰਾਂ ਉੱਪਰ ਛਾਪੇਮਾਰੀ ਕਰਨ, ਆਗੂਆਂ ਨੂੰ ਘਰਾਂ ਵਿਚ ਨਜ਼ਰਬੰਦ ਕਰਨ, ਬਠਿੰਡੇ ਵੱਲ ਜਾ ਰਹੇ ਕਿਸਾਨ ਕਾਫ਼ਲਿਆਂ ਉੱਪਰ ਬੇਤਹਾਸ਼ਾ ਲਾਠੀਚਾਰਜ ਕਰਨ ਅਤੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਨ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਹੈ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਹੱਕੀ ਸੰਘਰਸ਼ਾਂ ਦੀਆਂ ਮੰਗਾਂ ਮੰਨਣ ਅਤੇ ਸੰਘਰਸ਼ ਦੇ ਜਮਹੂਰੀ ਹੱਕ ਨੂੰ ਮਾਨਤਾ ਦੇਣ ਦੀ ਬਜਾਏ ਜਾਨ-ਹੂਲਵੇਂ ਸੰਘਰਸ਼ਾਂ ਰਾਹੀਂ ਹਾਸਲ ਕੀਤੇ ਬੁਨਿਆਦੀ ਜਮਹੂਰੀ ਹੱਕ ਨੂੰ ਕੁਚਲਣ ਲਈ ਤਾਨਾਸ਼ਾਹ ਹਮਲਿਆਂ 'ਤੇ ਉੱਤਰੀ ਹੋਈ ਹੈ। ਇਹ ਸਰਕਾਰ ਨਵੇਂ ਨਾਂ ਹੇਠ ਪਹਿਲੀਆਂ ਸਰਕਾਰਾਂ ਦਾ ਹੀ ਬਦਲਿਆ ਰੂਪ ਹੈ ਅਤੇ ਸਮੁੱਚੀ ਹਾਕਮ ਜਮਾਤੀ ਸਿਆਸਤ ਦੀ ਟੇਕ ਝੂਠੇ ਵਾਅਦਿਆਂ ਤੇ ਲਾਰਿਆਂ ਨਾਲ ਹੰਭਾਉਣ-ਥਕਾਉਣ ਅਤੇ ਪੁਲਿਸ ਤਾਕਤ ਦੇ ਜ਼ੋਰ ਵੱਖ-ਵੱਖ ਵਰਗਾਂ ਦੇ ਸੰਘਰਸ਼ਾਂ ਨੂੰ ਕੁਚਲਣ ਉੱਪਰ ਹੈ। ਇਨ੍ਹਾਂ ਕੋਲ ਡੂੰਘੇ ਆਰਥਕ ਸੰਕਟ ਅਤੇ ਲੋਕਾਂ ਦੇ ਬੁਨਿਆਦੀ ਮਸਲਿਆਂ ਦਾ ਕੋਈ ਹੱਲ ਨਹੀਂ ਹੈ। ਕਿਸਾਨ-ਮਜ਼ਦੂਰ ਆਗੂਆਂ ਨੂੰ ਝੂਠੇ ਕੇਸਾਂ ਤਹਿਤ ਜੇਲ੍ਹੀਂ ਡੱਕਣਾ ਪੰਜਾਬ ਦੇ ਲੋਕਾਂ, ਖ਼ਾਸ ਕਰਕੇ ਮਜ਼ਦੂਰਾਂ-ਕਿਸਾਨਾਂ ਦੀ ਸਮੂਹਿਕ ਸੰਘਰਸ਼ ਰਾਹੀਂ ਹੱਕ-ਜਤਾਈ ਤੋਂ ਸਰਕਾਰ ਦੀ ਘੋਰ ਬੁਖਲਾਹਟ ਨੂੰ ਦਰਸਾਉਂਦਾ ਹੈ। ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਆਗੂਆਂ ਵਿਰੁੱਧ ਛਾਪੇਮਾਰੀ ਬੰਦ ਕਰੇ ਅਤੇ ਜੇਲ੍ਹਾਂ ਵਿਚ ਬੰਦ ਤੇ ਗ੍ਰਿਫ਼ਤਾਰ ਕੀਤੇ ਕਿਸਾਨ ਤੇ ਮਜ਼ਦੂਰ ਆਗੂਆਂ ਨੂੰ ਫੌਰੀ ਰਿਹਾਅ ਕੀਤਾ ਜਾਵੇ ਅਤੇ ਕਿਸਾਨ ਤੇ ਹੋਰ ਸੰਘਰਸ਼ਸ਼ੀਲ ਜਥੇਬੰਦੀਆਂ ਦੀਆਂ ਮੰਗਾਂ ਤੁਰੰਤ ਮੰਨੀਆਂ ਜਾਣ।

ਆਲ ਬੀ ਬੀ ਐੱਮ ਬੀ ਰੀਟਾਇਰੀਜ਼ ਯੂਨੀਅਨ ਦੀ ਮੀਟਿੰਗ

ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)- ਆਲ ਬੀ ਬੀ ਐਮ ਬੀ ਰੀਟਾਇਰੀਜ਼ ਯੂਨੀਅਨ ਨੰਗਲ ਦੀ ਮਹੀਨਾਵਾਰ ਮੀਟਿੰਗ ਬਲਰਾਮ ਸਿੰਘ ਸੋਹਲ ਦੀ ਪ੍ਰਧਾਨਗੀ ਹੇਠ ਗੰਗੂਵਾਲ ਵਿਖੇ ਹੋਈ ਜਿਸ ਵਿੱਚ ਬੀ ਬੀ ਐਮ ਬੀ ਦੇ ਰੀਟਾਇਰੀਜ ਦੀਆਂ ਦਰਪੇਸ਼ ਸਮੱਸਿਆਵਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਇਸ ਮੀਟਿੰਗ ਵਿੱਚ ਗੁਰਨਾਮ ਸਿੰਘ ਔਲਖ ਜਨਰਲ ਸਕੱਤਰ ਤੋਂ ਬਿਨਾ ਸੁਚਾ ਸਿੰਘ ਘਰੋਟੀਆਂ, ਮੋਹਣ ਲਾਲ ਸੈਣੀ, ਕਰਮ ਚੰਦ ਟੋਬਾ, ਬਾਬਾ ਹਰਵੰਤ ਸਿੰਘ, ਰਾਮ ਲਾਲ ਠਾਕੁਰ, ਸੁਸ਼ੀਲ ਕੁਮਾਰ, ਬਲਰਾਮ ਸਿੰਘ ਆਦਿ ਨੇ ਆਪਣੇ ਵਿਚਾਰ ਪੇਸ਼ ਕੀਤੇ। ਬੁਲਾਰਿਆਂ ਨੇ ਬੀ ਬੀ ਐਮ ਬੀ ਚੈਅਰਮੈਨ ਦਫਤਰ ਸਾਹਮਣੇ 21 ਜਨਵਰੀ ਨੂੰ ਧਰਨੇ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਅਤੇ ਚੈਅਰਮੈਨ ਬੀ ਬੀ ਐਮ ਬੀ ਤੋਂ ਮੰਗ ਕੀਤੀ ਕਿ 20 ਫਰਵਰੀ ਨੂੰ ਤੈਅ ਮੀਟਿੰਗ ਵਿੱਚ ਰੀਟਾਇਰੀਜ਼ ਤੇ ਕਰਮਚਾਰੀਆਂ ਦੀਆਂ ਮੰਗਾਂ ਜਿਵੇਂ ਯਕਮੁਸ਼ਤ ਇਕੋ ਕਿਸ਼ਤ ਵਿੱਚ ਏਰੀਅਰ ਦੀ ਅਦਾਇਗੀ, ਕੈਸ਼ਲੈਸ ਮੈਡੀਕਲ ਸਕੀਮ, 1-1-2016 ਤੋਂ 2.59 ਦਾ ਗੁਣਨਖੰਡ, ਬੀ ਸੀ ਬੀ ਦੀ ਸਰਵਿਸ ਪੈਨਸ਼ਨ ਲਈ ਗਿਣਨਾ, ਪਾਰਟੀ ਟਾਈਮ ਅਤੇ ਦਿਹਾੜੀਦਾਰ ਕਾਮਿਆਂ ਨੂੰ ਪੂਰਾ ਸਮਾਂ ਨੌਕਰੀ, ਆਊਟ ਸੋਰਸ ਅਤੇ ਠੇਕੇ ਤੇ ਕਰਮਚਾਰੀ ਪੱਕੇ ਕਰਨਾ, ਆਦਿ ਦਾ ਨਿਪਟਾਰਾ ਕੀਤਾ ਜਾਏ ਨਹੀਂ ਤਾਂ ਸੰਘਰਸ਼ ਤੇਜ਼ ਕੀਤਾ ਜਾਏਗਾ।ਸਰਬਸੰਮਤੀ ਨਾਲ ਫੈਸਲਾ ਕੀਤਾ ਕੀ 12 ਫਰਵਰੀ ਦੀ ਚਾਰ ਲੇਬਰ ਕੋਡਾਂ ਦੀ ਵਾਪਸੀ ਅਤੇ 29 ਕਿਰਤ ਕਾਨੂੰਨਾ ਦੀ ਬਹਾਲੀ ਨੂੰ ਲੈਕੇ ਦੇਸ਼ ਵਿਆਪੀ ਹੜਤਾਲ ਦਾ ਜਥੇਬੰਦੀ ਡੱਟ ਕੇ ਸਮਰਥਨ ਕਰੇਗੀ ਤੇ ਹੜਤਾਲ ਦੇ ਸਮਰਥਨ ਵਿੱਚ ਕੀਤੇ ਜਾ ਧਰਨੇ ਮਾਰਚਾਂ ਵਿੱਚ ਹਿੱਸਾ ਲਵੇਗੀ।

12 ਦੀ ਹੜਤਾਲ ਦੇ ਸਮਰਥਨ ਦਾ ਐਲਾਨ

ਮਜ਼ਦੂਰ ਆਗੂ ਹਰਭਜਨ ਸਿੰਘ ਮਲਸੀਆਂ ਨੂੰ ਭਾਵਭਿੰਨੀ ਅੰਤਿਮ ਵਿਦਾਇਗੀ

ਸ਼ਾਹਕੋਟ (ਗਿਆਨ ਸੈਦਪੁਰੀ) ਇਨਕਲਾਬੀ ਜਮਹੂਰੀ ਲਹਿਰ ਦੇ ਸਰਗਰਮ ਕਾਰਕੁੰਨ ਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਹਰਭਜਨ ਸਿੰਘ ਮਲਸੀਆਂ ਨੂੰ ਉਨ੍ਹਾਂ ਦੇ ਪਿੰਡ ਮਲਸੀਆਂ ਵਿਖੇ ਉਸ ਦੇ ਸੰਗੀ ਸਾਥੀਆਂ, ਰਿਸ਼ਤੇਦਾਰਾਂ ਤੇ ਪਰਿਵਾਰਕ ਮੈਂਬਰਾਂ ਵਲੋਂ ਪੱਤੀ ਆਕਲਪੁਰ ਦੇ ਸ਼ਮਸ਼ਾਨ ਘਾਟ ਵਿਖੇ ਇਨਕਲਾਬੀ ਨਾਹਰਿਆਂ ਨਾਲ ਅੰਤਿਮ ਵਿਦਾਇਗੀ ਦਿੱਤੀ ਗਈ। ਜ਼ਿਕਰਯੋਗ ਹੈ ਕਿ ਕਸਬਾ ਮਲਸੀਆਂ ਨੇੜਲੇ ਪਿੰਡ ਕੁਹਾੜ ਕਲਾਂ ਵਿਖੇ ਪੈਦਾ ਹੋਣ ਵਾਲੇ ਹਰਭਜਨ ਸਿੰਘ ਨੇ ਲੰਮਾਂ ਸਮਾਂ ਨਾ ਕਿ ਬਿਜਲੀ ਮੁਲਾਜ਼ਮਾਂ ਦੀ ਜਥੇਬੰਦੀ ਵਿਚ ਕੰਮ ਕੀਤਾ ਬਲਕਿ ਮਜ਼ਦੂਰਾਂ, ਕਿਸਾਨਾਂ, ਦੁਕਾਨਦਾਰਾਂ ਹਰ ਵਰਗ ਦੇ ਸੰਘਰਸ਼ਾਂ ਵਿੱਚ ਉਹ ਮੋਹਰੀ ਰਹੇ। ਸਾਮਰਾਜਵਾਦੀ , ਫਿਰਕੂ ਫਾਸ਼ੀਵਾਦੀ ਤਾਕਤਾਂ ਅਤੇ ਜਾਗੀਰੂ ਜਬਰ ਖ਼ਿਲਾਫ਼ ਹਿੱਕ ਡਾਹ ਕੇ ਖੜਦੇ ਰਹੇ, ਬਿਜਲੀ ਬੋਰਡ ਤੋਂ ਰਿਟਾਇਰ ਹੋਣ ਉਪਰੰਤ ਉਨ੍ਹਾਂ ਖੇਤ ਮਜ਼ਦੂਰਾਂ ਨੂੰ ਜਥੇਬੰਦ ਕਰਨ ਲਈ ਦਿਨ ਰਾਤ ਇੱਕ ਕਰ ਦਿੱਤਾ ਅਤੇ ਅਨੇਕਾਂ ਮਜ਼ਦੂਰ ਮਸਲਿਆਂ ਮੌਕੇ ਉਹ ਮਜ਼ਦੂਰਾਂ ਨਾਲ ਡਟਕੇ ਖੜ੍ਹੇ ਪਰ ਪਿਛਲੇ ਪੰਜ ਸਾਲਾਂ ਤੋਂ ਉਹ ਅਧਰੰਗ ਦੀ ਬਿਮਾਰੀ ਤੋਂ ਪੀੜਤ ਸਨ ਜਿਹੜੀ ਜਾਨਲੇਵਾ ਸਾਬਤ ਹੋਈ। ਸਸਕਾਰ ਮੌਕੇ ਹੋਰਨਾਂ ਤੋਂ ਇਲਾਵਾ ਹਰਮੇਸ਼ ਮਾਲੜੀ, ਸੁਖਜਿੰਦਰ ਲਾਲੀ, ਹਰਪਾਲ ਬਿੱਟੂ, ਸਤਨਾਮ ਉੱਗੀ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਦੇ ਮੋਹਨ ਸਿੰਘ , ਗੁਰਚਰਨ ਸਿੰਘ ਚਾਹਲ, ਪ੍ਰਿੰਸੀਪਲ ਮਨਜੀਤ ਸਿੰਘ, ਉਨ੍ਹਾਂ ਦੇ ਪੁਰਾਣੇ ਸੰਗੀ ਨਿਰਮਲ ਸਿੰਘ ਜਹਾਂਗੀਰ ਤੇ ਬਲਵੰਤ ਸਿੰਘ ਮਲਸੀਆਂ, ਦਿਹਾਤੀ ਮਜ਼ਦੂਰ ਸਭਾ ਵੱਲੋਂ ਨਿਰਮਲ ਸਿੰਘ ਸਹੋਤਾ, ਤਰਕਸ਼ੀਲ ਸੁਸਾਇਟੀ ਪੰਜਾਬ ਦੇ ਸੁਖਵਿੰਦਰ ਬਾਗਪੁਰ, ਪ੍ਰਿਤਪਾਲ ਸਿੰਘ, ਜਮਹੂਰੀ ਅਧਿਕਾਰ ਸਭਾ ਦੇ ਮਾਸਟਰ ਗੁਰਮੀਤ ਕੋਟਲੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਗਿਆਨ ਸੈਦਪੁਰੀ ਤੋਂ ਇਲਾਵਾ ਟੀ ਐੱਸ ਯੂ ਆਗੂ ਹਰਮੇਸ਼ ਲਾਲ ਤੋਂ ਇਲਾਵਾ ਸ਼੍ਰੋਮਣੀ ਰੰਘਰੇਟਾ ਦਲ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਚੀਮਾ ਅਤੇ ਬਹੁਤ ਸਾਰੇ ਸਾਥੀ ਸ਼ਾਮਲ ਸਨ।

12 ਦੀ ਹੜਤਾਲ ਲਈ ਸੰਯੁਕਤ ਕਿਸਾਨ ਮੋਰਚਾ ਤੇ ਟਰੇਡ ਯੂਨੀਅਨਾਂ ਦੀ ਮੀਟਿੰਗ

ਬੰਗਾ (ਅਵਤਾਰ ਕਲੇਰ) 12 ਫ਼ਰਵਰੀ ਦੀ ਦੇਸ਼ ਵਿਆਪੀ ਹੜਤਾਲ ਦੇ ਸਫ਼ਲਤਾ ਲਈ ਸੰਯੁਕਤ ਕਿਸਾਨ ਮੋਰਚਾ ਅਤੇ ਟਰੇਡ ਯੂਨੀਅਨਾਂ ਦੀ ਸਾਂਝੀ ਮੀਟਿੰਗ ਸਥਾਨਕ ਬਾਰਾਦਰੀ ਬਾਗ਼ ਵਿਖੇ ਹੋਈ ।ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਫ਼ਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੀਟੂ ਦੇ ਸੂਬਾ ਸਕੱਤਰ ਮਹਾਂ ਸਿੰਘ ਰੌੜੀ, ਕੁਲ ਹਿੰਦ ਕਿਸਾਨ ਸਭਾ ਦੇ ਆਗੂ ਬਲਵੀਰ ਸਿੰਘ ਜਾਡਲਾ, ਜਸਵਿੰਦਰ ਸਿੰਘ ਭੰਗਲ਼ ,ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ,ਭੁਪਿੰਦਰ ਸਿੰਘ ਵੜੈਚ, ਜ਼ਮਹੂਰੀ ਕਿਸਾਨ ਸਭਾ ਦੇ ਆਗੂ ਕੁਲਦੀਪ ਸਿੰਘ ਦੌੜਕਾ ਨੇ ਕਿਹਾ ਕਿ ਹੜਤਾਲ ਨੂੰ ਸਫ਼ਲ ਬਣਾਉਣ ਲਈ ਪੂਰੀ ਤਿਆਰੀ ਵਿਚ ਜੁਟ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਤੇ ਦੇਸ਼ੀ ਵਿਦੇਸ਼ੀ ਸਰਮਾਏਦਾਰਾਂ ਨੂੰ ਖੁਸ਼ ਕਰਨ ਲਈ ਮਜ਼ਦੂਰਾਂ ਤੋਂ ਯੂਨੀਅਨ ਬਣਾਉਣ ਤੇ ਸੰਘਰਸ਼ ਕਰਨ ਵਰਗੇ ਬੁਨੀਆਦੀ ਹੱਕ ਖੋਹਣ ਲਈ ਕੇਂਦਰ ਸਰਕਾਰ ਮਜ਼ਦੂਰ ਪੱਖੀ 29 ਲੇਬਰ ਕਾਨੂੰਨਾਂ ਨੂੰ ਖ਼ਤਮ ਕਰਕੇ 4 ਲੇਬਰ ਕੋਡ ਲੈ ਕੇ ਆਈ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੇ ਇਹਨਾਂ ਚਾਰ ਲੇਬਰ ਕੋਡਾਂ ਨੂੰ 1 ਅਪ੍ਰੈਲ ਤੋਂ ਲਾਗੂ ਕਰਨ ਦਾ ਐਲਾਨ ਕੀਤਾ ਹੈ। ਇਹ ਕੋਡ ਲਾਗੂ ਹੋਣ ਨਾਲ ਮਜ਼ਦੂਰਾਂ ਕੋਲ ਆਪਣੇ ਅਧਿਕਾਰਾਂ ਨੂੰ ਸੁਰੱਖਿਅਤ ਕਰਨ ਅਤੇ ਪ੍ਰਾਪਤ ਕਰਨ ਲਈ ਯੂਨੀਅਨ ਬਣਾਉਣ ਅਤੇ ਸੰਘਰਸ਼ ਕਰਨ ਦਾ ਜਮਹੂਰੀ ਅਧਿਕਾਰ ਖ਼ਤਮ ਹੋ ਜਾਵੇਗਾ। ਕੰਮ ਦਾ ਮਿਹਨਤਾਨਾ ਵਧਾਉਣ ਦੀ ਥਾਂ ਕੰਮ ਘੰਟੇ 8 ਤੋਂ 12 ਘੰਟੇ ਦੀ ਦਿਹਾੜੀ ਹੋਵੇਗੀ। ਉਹਨਾਂ ਕਿਹਾ ਕਿ ਮੋਦੀ ਸਰਕਾਰ ਨੇ ਵਿਕਸਿਤ ਭਾਰਤ ਜੀ ਰਾਮ ਜੀ ਲਿਆ ਕੇ ਮਗਨਰੇਗਾ ਵਰਕਰਾਂ ਦਾ ਕੰਮ ਹੀ ਉਹਨਾਂ ਕੋਲੋਂ ਖੋਹ ਲਿਆ ਹੈ। ਆਗੂਆਂ ਨੇ ਜਨਤਕ ਅਦਾਰਿਆਂ ਦੇ ਨਿੱਜੀਕਰਨ ਦਾ ਵਿਰੋਧ ਕਰਦਿਆਂ ਇਸ ਨੂੰ ਬੰਦ ਕਰਨ ਦੀ ਮੰਗ ਕੀਤੀ। ਉਹਨਾਂ ਕਿਹਾ ਕਿ ਮੋਦੀ ਸਰਕਾਰ ਬਿਜਲੀ ਬਿੱਲ 2025 ਰਾਹੀਂ ਬਿਜਲੀ ਵਿਭਾਗ ਕਾਰਪੋਰੇਟਰਾਂ ਹਵਾਲੇ ਕਰਨਾਂ ਚਾਹੁੰਦੀ ਹੈ ਜਿਸਨੂੰ ਸਹਿਣ ਨਹੀਂ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਮੋਦੀ ਸਰਕਾਰ ਵੱਲੋਂ ਅਮਰੀਕਾ ਨਾਲ ਕੀਤੀ ਗਈ ਵਪਾਰਕ ਡੀਲ ਭਾਰਤੀ ਕਿਸਾਨਾਂ ਨੂੰ ਬਰਬਾਦ ਕਰ ਦੇਵੇਗੀ ਇਸਦਾ ਤਿੱਖਾ ਵਿਰੋਧ ਹੋਣਾ ਚਾਹੀਦਾ ਹੈ।ਇਸ ਮੀਟਿੰਗ ਵਿੱਚ ਤਰਸੇਮ ਸਿੰਘ ਬੈਂਸ, ਸੁਰਿੰਦਰ ਸਿੰਘ ਮਹਿਰਮਪੁਰ,ਸੁਖਦੇਵ ਸਿੰਘ ਗਰਚਾ,ਜਰਨੈਲ ਸਿੰਘ ਰਾਣੇਵਾਲ ਅਤੇ ਰਾਮਜੀ ਦਾਸ ਸਨਾਵਾ ਆਗੂ ਵੀ ਹਾਜ਼ਰ ਸਨ।

ਕਾਲਜ ਦੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ

ਦਸੂਹਾ (ਕਰਨੈਲ ਮਾਂਗਟ)- ਕੇ.ਐਮ.ਐਸ. ਕਾਲਜ ਆਫ ਆਈ.ਟੀ. ਐਂਡ ਮੈਨੇਜਮੈਂਟ, ਚੌ. ਬੰਤਾ ਸਿੰਘ ਕਲੋਨੀ ਦਸੂਹਾ ਦੀ ਪ੍ਰਿੰਸੀਪਲ ਡਾ. ਸ਼ਬਨਮ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਦਿਨੀਂ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦੇ ਜ਼ੋਨ-2 ਦੇ ਰੀਜ਼ਨਲ ਸੈਂਟਰ ਦਾ ਸ਼ਾਨਦਾਰ ਉਦਘਾਟਨ ਯੂਨੀਵਰਸਿਟੀ ਦੇ ਮਾਣਯੋਗ ਵਾਈਸ ਚਾਂਸਲਰ ਡਾ. ਰਤਨ ਸਿੰਘ ਵੱਲੋਂ ਕੀਤਾ ਗਿਆ ਸੀ। ਉਹਨਾਂ ਦੱਸਿਆ ਕਿ ਰੀਜਨਲ ਸੈਂਟਰ ਦੀ ਸਥਾਪਨਾ ਤੋਂ ਪਹਿਲਾਂ ਕੇ ਐੱਮ ਐੱਸ ਕਾਲਜ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ, ਪਟਿਆਲਾ ਦਾ ਲਰਨਿੰਗ ਸਪੋਰਟ ਸੈਂਟਰ ਰਿਹਾ ਹੈ, ਜਿਸ ਦੇ ਤਹਿਤ ਕਾਲਜ ਦੇ ਵਿਦਿਆਰਥੀਆਂ ਨੇ ਵੱਖ-ਵੱਖ ਡਿਪਲੋਮਾ ਕੋਰਸਾਂ ਵਿੱਚ ਦਾਖ਼ਲਾ ਲੈ ਕੇ ਆਪਣੀ ਸਿੱਖਿਆ ਨੂੰ ਅੱਗੇ ਵਧਾਇਆ। ਡਿਪਲੋਮਾ ਕੋਰਸ ਪੂਰੇ ਹੋਣ ਉਪਰੰਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਰਤਨ ਸਿੰਘ, ਰਜਿਸਟਰਾਰ ਡਾ. ਬਲਜੀਤ ਸਿੰਘ ਖਹਿਰਾ ਤੇ ਰੀਜ਼ਨਲ ਡਾਇਰੈਕਟਰ ਡਾ. ਅਮਰਜੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਡਾ. ਰਤਨ ਸਿੰਘ ਨੇ ਵਿਦਿਆਰਥੀਆਂ ਨੂੰ ਜੀਵਨ ਵਿੱਚ ਮਿਹਨਤ, ਅਨੁਸ਼ਾਸਨ ਤੇ ਲਗਨ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ ਤੇ ਕਿਹਾ ਕਿ ਅਜਿਹੇ ਡਿਪਲੋਮਾ ਕੋਰਸ ਵਿਦਿਆਰਥੀਆਂ ਨੂੰ ਰੋਜ਼ਗਾਰ ਯੋਗ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਹਨਾਂ ਨੇ ਕਿਹਾ ਕਿ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਵੱਲੋਂ ਸ਼ੁਰੂ ਕੀਤੇ ਗਏ ਕੋਰਸ ਸਮਾਜ ਦੇ ਹਰ ਵਰਗ ਲਈ ਸਿੱਖਿਆ ਦੇ ਦਰਵਾਜ਼ੇ ਖੋਲ੍ਹਦੇ ਹਨ। ਇਸ ਮੌਕੇ ਵਿਦਿਆਰਥੀਆਂ ਵਿੱਚ ਖਾਸ ਉਤਸ਼ਾਹ ਅਤੇ ਖੁਸ਼ੀ ਦੀ ਲਹਿਰ ਦੇਖਣ ਨੂੰ ਮਿਲੀ। ਪ੍ਰਿੰਸੀਪਲ ਡਾ. ਸ਼ਬਨਮ ਕੌਰ ਨੇ ਯੂਨੀਵਰਸਿਟੀ ਪ੍ਰਬੰਧਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੇ.ਐਮ.ਐਸ. ਕਾਲਜ ਸਦਾ ਹੀ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਚੇਅਰਮੈਨ ਚੌਧਰੀ ਕੁਮਾਰ ਸੈਣੀ, ਡਾਇਰੈਕਟਰ ਡਾ. ਮਾਨਵ ਸੈਣੀ, ਕੋਆਰਡੀਨੇਟਰ ਡਾ. ਰਾਜੇਸ਼ ਕੁਮਾਰ, ਲਖਵਿੰਦਰ ਕੌਰ, ਜਗਰੂਪ ਕੌਰ, ਅਮਨਪ੍ਰੀਤ ਕੌਰ, ਨੀਲਮ, ਮਨਜੀਤ, ਅਮਨਪ੍ਰੀਤ ਕੌਰ, ਕਿਰਨਜੀਤ ਕੌਰ, ਸੰਦੀਪ ਕਲੇਰ, ਮੁਸਕਾਨ, ਡਾ. ਵੀਨਸ, ਕਾਜਲ, ਮਨਪ੍ਰੀਤ ਕੌਰ, ਨਵਨੀਤ ਕੌਰ, ਹਰਦੀਪ ਕੌਰ, ਭਾਰਤੀ, ਨਿਕਿਤਾ ਠਾਕੁਰ, ਰਾਮ ਚੰਦ, ਗੁਰਵੀਰ ਕੌਰ, ਜਸਵਿੰਦਰ ਕੌਰ, ਨੇਹਾ, ਰੇਨੂੰ, ਪਲਵਿੰਦਰ ਕੌਰ, ਮਨਪ੍ਰੀਤ ਕੌਰ, ਸੰਦੀਪ ਕੌਰ, ਚੰਚਲ ਅਤੇ ਵਿਦਿਆਰਥੀ ਹਾਜ਼ਰ ਸਨ।

ਵਿਦਿਆਰਥੀਆਂ ਨੂੰ ਕਾਪੀਆਂ ਤੇ ਸਟੇਸ਼ਨਰੀ ਵੰਡੀ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)- ਸਰਕਾਰੀ ਪ੍ਰਾਇਮਰੀ ਸਕੂਲ ਪਿੰਡ ਸੁੰਨੜ ਕਲਾਂ ਦੇ ਬੱਚਿਆਂ ਨੂੰ ਐੱਨ ਆਰ ਆਈ ਪਰਵਾਰ ਵੱਲੋਂ ਨਵਨੀਤ ਪ੍ਰਸਾਦ (ਨੀਤੀ) ਰਾਮ ਲੁਭਾਈਆ(ਬੁਗੂ) ਵਲੋਂ ਕਾਪੀਆਂ ਤੇ ਸਟੇਸ਼ਨਰੀ ਵੰਡੀ ਗਈ ਤੇ ਬੱਚਿਆਂ ਦੇ ਬੈਠਣ ਵਾਸਤੇ ਟਾਟ ਮੁਹੱਇਆ ਕਰਵਾਏ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਕੂਲ ਮੁਖੀ ਸੁਰਜੀਤ ਕੁਮਾਰ ਨੇ ਦੱਸਿਆ ਕਿ ਹਰੇਕ ਸਾਲ ਦੀ ਤਰ੍ਹਾਂ ਇਸ ਸਾਲ ਵੀ ਪਿੰਡ ਦੇ ਐੱਨ ਆਰ ਆਈ ਪਰਵਾਰਾ

7-FEB-PAGE-10.qxd 2/6/2026 10:51 PM Page 1

ਵਿਧਾਇਕਾ ਮਾਨੂੰਕੇ ਨੇ ਸੜਕ ਨੂੰ ਅਪਗ੍ਰੇਡ ਕਰਨ ਦਾ ਨੀਂਹ ਪੱਥਰ ਰੱਖਿਆ

ਜਗਰਾਉਂ (ਸੰਜੀਵ ਅਰੋੜਾ)-ਵਿਧਾਇਕਾ ਬੀਬੀ ਸਰਵਜੀਤ ਕੌਰ ਮਾਨੂੰਕੇ ਨੇ ਵੀਰਵਾਰ ਨੂੰ ਪਿੰਡ ਬਾਰਦੇਕੇ ਤੋਂ ਮੀਰਪੁਰ ਗਗੜਾ ਸੜਕ ਨੂੰ ਅਪਗ੍ਰੇਡ ਕਰਕੇ 18 ਫੁੱਟੀ ਬਣਾਉਣ ਦਾ ਨੀਂਹ ਪੱਥਰ ਰੱਖਿਆ। ਇੱਥੇ ਜ਼ਿਕਰਯੋਗ ਹੈ ਕਿ ਇਹ ਸੜਕ ਪਹਿਲਾਂ 10 ਫੁੱਟੀ ਸੀ । ਇਸ ਮੌਕੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਨੂੰਕੇ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਵਾਅਦੇ ਮੁਤਾਬਿਕ ਹਲਕਾ ਜਗਰਾਉਂ 'ਚ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਕੈਬਨਿਟ ਮੰਤਰੀ ਹਰਚੰਦ ਸਿੰਘ ਬਰਸਟ ਦੇ ਯਤਨਾਂ ਸਦਕਾ ਪਿੰਡਾਂ ਦੀਆਂ ਲਿੰਕ ਸੜਕਾਂ ਨੂੰ ਅਪਗ੍ਰੇਡ ਕਰਨ ਲਈ ਚਲਾਈ ਮੁਹਿਮ ਤਹਿਤ ਪਿੰਡ ਚਚਰਾੜੀ, ਵਾਇਆ ਗਗੜਾ, ਮੀਰਪੁਰ ਹਾਂਸ, ਬਾਰਦੇਕੇ, ਬੀੜ ਗਗੜਾ ਤੇ ਕੋਠੇ ਪੋਨਾ ਨੂੰ 10 ਫੁੱਟ ਤੋਂ 18 ਫੁੱਟ ਚੌੜਾ ਕਰਕੇ ਬਣਾਇਆ ਜਾਵੇਗਾ।

ਮਜੀਠੀਆ ਦੀ ਸਿਆਸੀ ਮੈਦਾਨ 'ਚ ਵਾਪਸੀ ਨਾਲ ਅਕਾਲੀ ਵਰਕਰਾਂ ਦੇ ਹੌਂਸਲੇ ਬੁਲੰਦ ਹੋਏ : ਹਮੀਦੀ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦੀ ਸਿਆਸੀ ਮੈਦਾਨ 'ਚ ਸਰਗਰਮ ਵਾਪਸੀ ਨਾਲ ਪਾਰਟੀ ਵਰਕਰਾਂ ਦੇ ਹੌਂਸਲੇ ਬੁਲੰਦ ਹੋਏ ਹਨ।ਹੁਣ ਸ਼੍ਰੋਮਣੀ ਅਕਾਲੀ ਦਲ ਪਹਿਲਾਂ ਨਾਲੋਂ ਹੋਰ ਮਜ਼ਬੂਤ ਧਿਰ ਵਜੋਂ ਉਭਰੇਗਾ।ਇਹ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਨੇ ਕੀਤਾ। ਉਨ੍ਹਾਂ ਕਿਹਾ ਕਿ ਮੌਜੂਦਾ ਸਮੇਂ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਅਤੇ ਕਾਂਗਰਸ ਪਾਰਟੀ ਦੀਆਂ ਸਰਕਾਰਾਂ ਨੂੰ ਸੱਤਾ ਸੌਂਪ ਕੇ ਪੂਰੀ ਤਰ੍ਹਾਂ ਪਰਖ ਚੁੱਕੇ ਹਨ। ਦੋਵੇਂ ਸਰਕਾਰਾਂ ਲੋਕਾਂ ਦੀਆਂ ਉਮੀਦਾਂ 'ਤੇ ਖਰੀਆਂ ਨਹੀਂ ਉਤਰੀਆਂ, ਜਦ ਕਿ ਔਖੇ ਸਮਿਆਂ ਵਿੱਚ ਸ਼੍ਰੋਮਣੀ ਅਕਾਲੀ ਦਲ ਨੇ ਹਮੇਸ਼ਾਂ ਲੋਕਾਂ ਦੇ ਨਾਲ ਖੜ੍ਹ ਕੇ ਸਰਕਾਰਾਂ ਦੇ ਜਬਰ ਤੇ ਜ਼ੁਲਮ ਦਾ ਮੂੰਹ-ਤੋੜ ਜਵਾਬ ਦਿੱਤਾ ਹੈ।ਅਕਾਲੀ ਆਗੂ ਨੇ ਕਿਹਾ ਕਿ ਹੜ੍ਹਾਂ ਦੌਰਾਨ ਵੀ ਸ਼੍ਰੋਮਣੀ ਅਕਾਲੀ ਦਲ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਅੱਗੇ ਆ ਕੇ ਪ੍ਰਭਾਵਿਤ ਲੋਕਾਂ ਤੱਕ ਰਾਹਤ ਅਤੇ ਹਰ ਤਰ੍ਹਾਂ ਦੀਆਂ ਸਹੂਲਤਾਂ ਪਹੁੰਚਾਈਆਂ, ਜਿਸ ਕਾਰਨ ਅੱਜ ਵੀ ਲੋਕਾਂ ਦਾ ਭਰੋਸਾ ਅਕਾਲੀ ਦਲ ਨਾਲ ਜੁੜਿਆ ਹੋਇਆ ਹੈ।ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਦੂਰ ਅੰਦੇਸ਼ੀ ਸੋਚ ਅਤੇ ਗਤੀਸ਼ੀਲ ਅਗਵਾਈ ਹੇਠ ਪਾਰਟੀ ਲਗਾਤਾਰ ਅੱਗੇ ਵਧ ਰਹੀ ਹੈ।ਜਥੇਦਾਰ ਹਮੀਦੀ ਨੇ ਦੋਸ਼ ਲਗਾਇਆ ਕਿ ਸੂਬਾ ਸਰਕਾਰ ਵੱਲੋਂ ਵਿਰੋਧੀਆਂ ਨੂੰ ਝੂਠੇ ਕੇਸ ਦਰਜ ਕਰਕੇ ਜੇਲ੍ਹਾਂ ਵਿੱਚ ਸੁੱਟਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਅਗਲੇ ਸਾਲ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਆਉਣ 'ਤੇ ਆਪ ਸਰਕਾਰ ਵੱਲੋਂ ਕੀਤੀਆਂ ਗਈਆਂ ਵਧੀਕੀਆਂ ਦਾ ਮੂੰਹ-ਤੋੜ ਜਵਾਬ ਦਿੱਤਾ ਜਾਵੇਗਾ।

ਡਾ. ਸੀਮਾਂਤ ਗਰਗ ਨੂੰ ਜੈ ਸ਼੍ਰੀ ਸ਼ਿਆਮ ਸੇਵਾ ਸੁਸਾਇਟੀ ਵੱਲੋਂ ਸੱਦਾ ਪੱਤਰ

ਮੋਗਾ (ਇਕਬਾਲ ਸਿੰਘ ਖਹਿਰਾ)-ਜੈ ਸ਼੍ਰੀ ਸ਼ਿਆਮ ਸੇਵਾ ਸੁਸਾਇਟੀ ਵੱਲੋਂ ਲਾਲਾ ਲਾਲਚੰਦ ਧਰਮਸ਼ਾਲਾ ਵਿਖੇ ਜੈ ਸ਼੍ਰੀ ਸ਼ਿਆਮ ਸੇਵਾ ਸੁਸਾਇਟੀ ਵੱਲੋਂ ਆਯੋਜਿਤ ਫਾਲਗੁਨ ਉਤਸਵ ਲਈ ਭਾਜਪਾ ਦੇ ਸਾਬਕਾ ਜ਼ਿਲ੍ਹਾ ਪ੍ਰਧਾਨ ਡਾ. ਸੀਮੰਤ ਗਰਗ ਨੂੰ ਸੱਦਾ ਪੱਤਰ ਦਿੱਤਾ ਗਿਆ।ਡਾ. ਸੀਮੰਤ ਗਰਗ ਨੂੰ ਸੱਦਾ ਪੱਤਰ ਭੇਟ ਕਰਦੇ ਹੋਏ, ਸੁਸਾਇਟੀ ਦੇ ਚੇਅਰਮੈਨ ਵਿਪਿਨ ਸਿੰਗਲਾ, ਪ੍ਰਧਾਨ ਯਸ਼ਪਾਲ ਨੌਹਰੀਆ ਅਤੇ ਖਜ਼ਾਨਚੀ ਨਰਿੰਦਰ ਗੁਪਤਾ ਨੇ ਦੱਸਿਆ ਕਿ ਫਾਲਗੁਨ ਦੇ ਮਹੀਨੇ ਦੌਰਾਨ ਰਾਜਸਥਾਨ ਦੇ ਖਾਟੂ ਸ਼ਿਆਮ ਵਿੱਚ ਇੱਕ ਵਿਸ਼ਾਲ ਲਖਮੀ ਮੇਲਾ ਲਗਾਇਆ ਜਾਂਦਾ ਹੈ।ਸੁਸਾਇਟੀ ਹਰ ਸਾਲ ਉਨ੍ਹਾਂ ਸ਼ਰਧਾਲੂਆਂ ਦੀ ਸਹੂਲਤ ਲਈ ਫਾਲਗੁਨ ਉਤਸਵ ਮਨਾਉਂਦੀ ਹੈ ਜੋ ਲਖਮੀ ਮੇਲੇ ਵਿੱਚ ਸ਼ਾਮਲ ਨਹੀਂ ਹੋ ਸਕਦੇ।ਉਨ੍ਹਾਂ ਅੱਗੇ ਦੱਸਿਆ ਕਿ ਸੁਸਾਇਟੀ 22 ਫਰਵਰੀ ਤੋਂ 28 ਫਰਵਰੀ ਤੱਕ ਲਾਲਾ ਲਾਲਚੰਦ ਧਰਮਸ਼ਾਲਾ ਵਿਖੇ 14ਵਾਂ ਸਾਲਾਨਾ ਵਿਸ਼ਾਲ ਫਾਲਗੁਨ ਅਰਦਾਸ ਤਿਉਹਾਰ, 'ਕਨ੍ਹਈਆ, ਸਾਡੀ ਬੇਨਤੀ ਸੁਣੋ' ਮਨਾਏਗੀ।

ਕੇਂਦਰੀ ਬਜਟ ਦੇਸ਼ ਤੇ ਪੰਜਾਬ ਦੇ ਹਿੱਤ 'ਚ : ਭਾਜਪਾ ਆਗੂ

ਰਾਮਪੁਰਾ ਫੂਲ (ਦਰਸ਼ਨ ਸਿੰਦਲ)-ਦੇਸ਼ ਦੇ ਖਜ਼ਾਨਾ ਮੰਤਰੀ ਨਿਰਮਲਾ ਸੀਤਾਰਮਨ ਵੱਲੋਂ ਪੇਸ਼ ਕੀਤੇ ਬਜਟ ਤੇ ਬੇਸ਼ੱਕ ਵਿਰੋਧੀਆਂ ਵੱਲੋਂ ਕਿੰਤੂ ਪਰੰਤੂ ਕੀਤੀ ਜਾ ਰਹੀ ਹੈ ਪਰੰਤੂ ਭਾਜਪਾ ਦੇ ਸੂਬਾ ਜਨਰਲ ਸਕੱਤਰ ਦਿਆਲ ਸੋਢੀ ਅਤੇ ਲੋਕ ਸਭਾ ਹਲਕਾ ਬਠਿੰਡਾ ਦੇ ਕਨਵੀਨਰ ਪਰਮਪਾਲ ਕੌਰ ਸਿੱਧੂ ਨੇ ਬਜਟ ਨੂੰ ਪੂਰੀ ਤਰ੍ਹਾਂ ਦੇਸ਼ ਅਤੇ ਪੰਜਾਬ ਦੇ ਹੱਕ 'ਚ ਦੱਸਿਆ ਹੈ। ਇਸ ਸਬੰਧੀ ਗੱਲ ਕਰਦਿਆਂ ਦਿਆਲ ਸੋਢੀ ਨੇ ਕਿਹਾ ਕੇ ਵਿਰੋਧੀ ਪਾਰਟੀਆਂ ਸਿਰਫ਼ ਵਿਰੋਧ ਕਰਨ ਲਈ ਬਜਟ 'ਤੇ ਕਿੰਤੂ ਪਰੰਤੂ ਕਰ ਰਹੀਆਂ ਹਨ।ਬਜਟ ਜਿੱਥੇ ਦੇਸ਼ ਦੇ ਹਰ ਵਰਗ ਲਈ ਵੱਧ ਤੋਂ ਵੱਧ ਸਹੂਲਤਾ ਦੇਣ ਵਾਲਾ ਹੈ ਉਥੇ ਹੀ ਬਜਟ ਵਿੱਚ ਪੰਜਾਬ ਦੇ ਹਰ ਵਰਗ ਅਤੇ ਸਮੱਸਿਆ ਦਾ ਵੀ ਖਿਆਲ ਰੱਖਿਆ ਗਿਆ ਹੈ। ਪੰਜਾਬ 'ਚ ਵਧ ਰਹੇ ਕੈਂਸਰ ਨਾਲ ਨਜਿੱਠਣ ਲਈ ਕੈਂਸਰ ਦੀ ਬਿਮਾਰੀ ਦੇ ਇਲਾਜ ਲਈ ਜ਼ਰੂਰੀ 17 ਦਵਾਈਆਂ ਨੂੰ ਕਸਟਮ ਡਿਊਟੀ ਮੁਕਤ ਕੀਤਾ ਗਿਆ ਹੈ । ਨਸ਼ਾ ਪੰਜਾਬ ਦੀ ਵੱਡੀ ਸਮੱਸਿਆ ਹੈ ਤੇ ਨਸ਼ੇ ਦੇ ਆਦੀ ਹੋ ਚੁੱਕੇ ਨੌਜਵਾਨਾਂ ਦੀ ਮੁੜ ਬਹਾਲੀ ਅਤੇ ਇਲਾਜ ਲਈ ਨਵੇਂ ਸੈਂਟਰ ਖੋਲ੍ਹੇ ਜਾਣਗੇ। ਇਸ ਮੌਕੇ ਜਿਲ੍ਹਾ ਜਨਰਲ ਸਕੱਤਰ ਮੇਜਰ ਸਿੰਘ ਬਰਾੜ, ਚੰਦਨ ਕਾਂਤ, ਕਿਸਾਨ ਵਿੰਗ ਪ੍ਰਧਾਨ ਬੂਟਾ ਭਾਈਰੂਪਾ, ਜੋਗਿੰਦਰ ਪਾਲ ਸਿੰਗਲਾ, ਭਾਰਤ ਭੂਸ਼ਨ ਜੇਨਯੂਥ ਵਿੰਗ, ਪ੍ਰਧਾਨ ਜਸਪ੍ਰੀਤ ਜੱਸਾ ਭੁੱਚੋ ਆਦਿ ਵੀ ਹਾਜਿਰ ਸਨ।

ਅਧਿਆਪਕਾ ਨਰਿੰਦਰਪਾਲ ਕੌਰ ਨੂੰ ਇਨਸਾਫ਼ ਮਿਲਣ ਤੱਕ ਸੰਘਰਸ਼ ਜਾਰੀ ਰਹੇਗਾ : ਡੀ ਟੀ ਐਫ

ਸਮਰਾਲਾ (ਸੁਰਜੀਤ ਸਿੰਘ)-ਡੈਮੋਕ੍ਰੇਟਿਕ ਟੀਚਰਜ਼ ਫਰੰਟ ਅਤੇ ਹੋਰ ਅਧਿਆਪਕ ਜਥੇਬੰਦੀਆਂ ਨੇ ਸਿੱਖਿਆ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਹੈ ਕਿ ਸਰਕਾਰੀ ਪ੍ਰਾਇਮਰੀ ਸਕੂਲ ਮੋਤੀ ਨਗਰ ਦੀ ਅਧਿਆਪਕਾ ਨਰਿੰਦਰ ਪਾਲ ਕੌਰ ਨੂੰ ਜਦੋਂ ਤੱਕ ਇਨਸਾਫ਼ ਨਹੀਂ ਮਿਲਦਾ ਉਦੋਂ ਤਕ ਸੰਘਰਸ਼ ਜਾਰੀ ਰਹੇਗਾ।ਉਹਨਾਂ ਦੋਸ਼ ਲਾਇਆ ਕਿ ਉਕਤ ਲੇਡੀ ਟੀਚਰ ਨੂੰ ਸਕੂਲ ਦੇ ਹੀ ਇੱਕ ਅਧਿਆਪਕ ਵੱਲੋਂ ਮਾਨਸਿਕ ਤੌਰ 'ਤੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਦੀ ਸ਼ਿਕਾਇਤ ਅਨੁਸੂਚਿਤ ਜਾਤੀਆਂ ਕਮਿਸ਼ਨ ਨੂੰ ਕੀਤੀ ਹੈ।ਸਿੱਖਿਆ ਅਧਿਕਾਰੀਆਂ ਵੱਲੋਂ ਲੇਡੀ ਟੀਚਰ ਨੂੰ ਇਨਸਾਫ਼ ਦੇਣ ਦੀ ਬਜਾਏ ਉਸ ਦਾ ਤਬਾਦਲਾ ਕਰਕੇ ਜ਼ਖ਼ਮਾਂ 'ਤੇ ਹੋਰ ਲੂਣ ਪਾਇਆ ਗਿਆ।ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਦੇ ਜ਼ਿਲ੍ਹਾ ਪ੍ਰਧਾਨ ਰਮਨਜੀਤ ਸਿੰਘ ਸੰਧੂ, ਈਟੀਟੀ ਟੀਚਰ ਯੂਨੀਅਨ ਦੇ ਜ਼ਿਲ੍ਹਾ ਆਗੂ ਪਰਮਿੰਦਰ ਸਿੰਘ ਮਲੌਦ ਅਤੇ ਮਾਸਟਰ ਕਾਡਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਐਤੀਆਣਾ ਨੇ ਮੰਗ ਕੀਤੀ ਕਿ ਹੈੱਡ ਟੀਚਰ ਦੀ ਸਕੂਲ ਵਿੱਚੋਂ ਬਦਲੀ ਕਰਕੇ ਹੀ ਨਿਰਪੱਖ ਜਾਂਚ ਕਰਵਾਈ ਜਾਵੇ।ਉਹਨਾਂ ਕਿਹਾ ਕਿ ਜੇਕਰ ਹੈੱਡ ਟੀਚਰ ਸਕੂਲ ਵਿੱਚ ਤਾਇਨਾਤ ਰਹਿੰਦਾ ਹੈ ਤਾਂ ਉਹ ਜਾਂਚ ਨੂੰ ਪ੍ਰਭਾਵਿਤ ਕਰੇਗਾ। ਉਹਨਾਂ ਸਿੱਖਿਆ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਉਕਤ ਟੀਚਰ ਨੂੰ ਇਨਸਾਫ਼ ਨੇ ਮਿਲਿਆ ਤਾਂ ਜਥੇਬੰਦੀ ਇਨਸਾਫ਼ ਮਿਲਣ ਤੱਕ ਸੰਘਰਸ਼ ਕਰੇਗੀ।ਇਸ ਸਬੰਧੀ ਸਾਰਾ ਮਾਮਲਾ ਲੋਕ ਕਚਹਿਰੀ ਵਿਚ ਰੱਖਣ ਲਈ 7 ਫਰਵਰੀ ਨੂੰ ਪ੍ਰੈਸ ਕਾਨਫਰੰਸ ਸੱਦੀ ਗਈ ਹੈ।ਇਸ ਮੌਕੇ ਰੁਪਿੰਦਰ ਪਾਲ ਸਿੰਘ ਗਿੱਲ, ਬਲਜਿੰਦਰ ਸਿੰਘ, ਸੁਖਵਿੰਦਰ ਸਿੰਘ ਲੀਲ, ਰਜਿੰਦਰ ਜੰਡਿਆਲੀ, ਜੰਗਪਾਲ ਸਿੰਘ ਰਾਏਕੋਟ, ਅਮਰਿੰਦਰ ਸਿੰਘ ਅਤੇ ਹੋਰ ਆਗੂ ਹਾਜ਼ਰ ਸਨ।

3.34 ਕਿਲੋ ਹੈਰੋਇਨ, ਹਥਿਆਰ ਤੇ ਡਰੱਗ ਮਨੀ ਸਮੇਤ 4 ਕਾਬੂ

ਜਗਰਾਉਂ (ਸੰਜੀਵ ਅਰੋੜਾ)-ਜਗਰਾਉਂ ਪੁਲਿਸ ਨੇ ਤਿੰਨ ਕਿਲੋ 34 ਗ੍ਰਾਮ ਹੈਰੋਇਨ, ਹਥਿਆਰ ਤੇ ਡਰੱਗ ਮਨੀ ਸਮੇਤ ਚਾਰ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਇਸ ਸਬੰਧੀ ਪ੍ਰੈੱਸ ਕਾਨਫਰੰਸ ਦੌਰਾਨ ਐਸ ਐਸ ਪੀ ਡਾ: ਅੰਕੁਰ ਗੁਪਤਾ ਨੇ ਦੱਸਿਆ ਕਿ ਐਸ. ਪੀ. (ਡੀ) ਰਾਜਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਤੇ ਡੀ. ਐਸ. ਪੀ. (ਡੀ) ਕੁਲਵੰਤ ਸਿੰਘ, ਸੀ ਆਈ ਏ ਇੰਚਾਰਜ ਅੰਮ੍ਰਿਤਪਾਲ ਸਿੰਘ ਦੀ ਯੋਗ ਅਗਵਾਈ ਅਧੀਨ ਅਤੇ ਡੀ. ਐਸ. ਪੀ. ਰਾਏਕੋਟ ਹਰਜਿੰਦਰ ਸਿੰਘ ਦੀ ਹਾਜਰੀ ਵਿੱਚ ਥਾਣੇਦਾਰ ਸੁਖਦੇਵ ਸਿੰਘ ਸੀ.ਆਈ.ਏ. ਵੱਲੋਂ ਸ਼ਲਾਘਾਯੋਗ ਕੰਮ ਕਰਦੇ ਹੋਏ ਚਾਰ ਵਿਅਕਤੀਆਂ ਨੂੰ ਕਾਬੂ ਕੀਤਾ ਹੈ। ਪੁਲਿਸ ਵੱਲੋਂ ਇੱਕ ਸਵਿਫਟ ਕਾਰ ਰੰਗ ਚਿੱਟਾ ਸਮੇਤ 3 ਕਿੱਲੋ 34 ਗ੍ਰਾਮ ਹੈਰੋਇਨ 30 ਹਜਾਰ ਰੁਪਏ ਡਰੱਗ ਮਨੀ, ਇੱਕ 32 ਬੋਰ ਦਾ ਪਿਸਟਲ ਸਮੇਤ ਮੈਗਜ਼ੀਨ ਅਤੇ ਦੋ ਜਿੰਦਾ ਕਾਰਤੂਸ 32 ਬੋਰ ਬਰਾਮਦ ਕੀਤੇ ਗਏ ਹਨ। ਗ੍ਰਿਫਤਾਰ ਵਿਅਕਤੀਆਂ ਵਿੱਚ ਜਸਵਿੰਦਰ ਸਿੰਘ, ਰਾਹੁਲ, ਪ੍ਰਿੰਸ ਅਤੇ ਹਰਪ੍ਰੀਤ ਸਿੰਘ ਸ਼ਾਮਿਲ ਹਨ। ਪੁੱਛਗਿੱਛ ਦੌਰਾਨ ਉਨ੍ਹਾਂ ਮੰਨਿਆ ਹੈ ਕਿ ਉਹ ਪਹਿਲਾਂ ਵੀ ਭਾਰੀ ਮਾਤਰਾ ਵਿੱਚ ਹੈਰੋਇਨ ਪਾਕਿਸਤਾਨ ਤੋਂ ਮੰਗਵਾ ਕੇ ਜਗਰਾਉਂ, ਰਾਏਕੋਟ ਅਤੇ ਮੁੱਲਾਂਪੁਰ ਏਰੀਏ ਵਿੱਚ ਸਪਲਾਈ ਕਰ ਚੁੱਕੇ ਹਨ।

ਵਿਦਿਆਰਥੀਆਂ ਲਈ ਲੀਡਰਸ਼ਿਪ ਅਤੇ ਮੈਨੇਜਮੈਂਟ ਸਕਿਲਜ਼ ਵਿਸ਼ੇ 'ਤੇ ਵਰਕਸ਼ਾਪ ਦਾ ਆਯੋਜਨ

ਸਮਾਣਾ (ਇਕਬਾਲ ਸਿੰਘ ਬੱਲ)-ਪਬਲਿਕ ਕਾਲਜ, ਸਮਾਣਾ ਵਿਖੇ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਅਗਵਾਈ ਹੇਠ ਕਾਲਜ ਦੇ ਆਈ. ਕਿਊ.ਏ. ਸੈਲ ਵੱਲੋਂ ਐਨ.ਐਸ.ਐਸ., ਕਾਮਰਸ, ਮੈਨੇਜਮੈਂਟ ਅਤੇ ਅੰਗਰੇਜ਼ੀ ਵਿਭਾਗ ਦੇ ਸਹਿਯੋਗ ਨਾਲ ਵਿਦਿਆਰਥੀਆਂ ਲਈ ਲੀਡਰਸ਼ਿਪ ਅਤੇ ਮੈਨੇਜਮੈਂਟ ਸਕਿਲਜ਼ ਵਿਸ਼ੇ 'ਤੇ ਦੋ ਰੋਜ਼ਾ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਿਤ ਕੀਤਾ ਅਤੇ ਉਹਨਾਂ ਨੂੰ ਅੱਜ ਦੇ ਯੁੱਗ ਵਿੱਚ ਲੀਡਰਸ਼ਿਪ ਅਤੇ ਮੈਨੇਜਮੈਂਟ ਸਕਿੱਲਜ਼ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ।

ਵਾਈਸ ਪ੍ਰਿੰਸੀਪਲ ਅਤੇ ਆਈ.ਕਿਊ.ਏ. ਸੈਲ ਦੇ ਕੋ-ਆਰਡੀਨੇਟਰ ਡਾ. ਹਰਕੀਰਤਨ ਕੌਰ ਨੇ ਇਸ ਵਰਕਸ਼ਾਪ ਬਾਰੇ ਦੱਸਦਿਆ ਕਿਹਾ ਕਿ ਇਹ ਵਰਕਸ਼ਾਪ ਵਿਦਿਆਰਥੀਆਂ ਵਿੱਚ ਸਕਿੱਲਜ਼ ਪ੍ਰਤੀ ਰੁਚੀ ਨੂੰ ਵਧਾਏਗੀ।ਵਰਕਸ਼ਾਪ ਦੀ ਸ਼ੁਰੂਆਤ ਆਈਸ ਬ੍ਰੇਕਿੰਗ ਸੈਸ਼ਨ ਨਾਲ ਕੀਤੀ ਗਈ ਜਿਸ ਵਿੱਚ ਪ੍ਰੋਗਰਾਮ ਸੰਚਾਲਕ ਪ੍ਰੋ. ਗੀਤਿਕਾ ਅਗਨੀਹੋਤਰੀ ਨੇ ਵਰਕਸ਼ਾਪ ਦੇ ਮੰਤਵ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ।ਯੂ-ਟਿਊਬਰ ਪ੍ਰੋ. ਜਤਿੰਦਰ ਸਿੰਘ ਨੇ ਇੰਟਰਐਕਟਿਵ ਸੈਸ਼ਨ ਦੁਆਰਾ ਵਿਦਿਆਰਥੀਆਂ ਨੂੰ ਲੀਡਰਸ਼ਿਪ ਕੁਆਲਿਟੀਜ਼ ਅਤੇ ਮੈਨੇਜਮੈਂਟ ਸਕਿੱਲਜ਼ ਬਾਰੇ ਦੱਸਿਆ।ਦੂਜੇ ਸੈਸ਼ਨ ਦੌਰਾਨ ਪ੍ਰੋ. ਦੀਪਸ਼ਿਖਾ ਗੁਪਤਾ ਨੇ ਰੀਅਲ ਲਾਈਫ ਉਦਾਹਰਣਾ ਨਾਲ ਵਿਦਿਆਰਥੀਆਂ ਨੂੰ ਇਹਨਾਂ ਦੋਵੇਂ ਸਕਿੱਲਜ਼ ਬਾਰੇ ਸਮਝਾਇਆ।ਦੂਜੇ ਦਿਨ ਪ੍ਰੋ. ਹਰਪ੍ਰੀਤ ਕੌਰ, ਮੁਖੀ ਰਾਜਨੀਤੀ ਵਿਭਾਗ ਨੇ ਵਿਦਿਆਰਥੀਆਂ ਨੂੰ ਲੀਡਰਸ਼ਿਪ ਅਤੇ ਚੰਗੇ ਲੀਡਰ ਬਣਨ ਬਾਰੇ ਲੈਕਚਰ ਦਿੱਤਾ।ਵਰਕਸ਼ਾਪ ਦੇ ਆਖਰੀ ਸੈਸ਼ਨ ਵਿੱਚ ਪ੍ਰੋ. ਗੁਰਵਿੰਦਰ ਕੌਰ ਅਤੇ ਪ੍ਰੋ. ਦੀਪਸ਼ਿਖਾ ਗੁਪਤਾ ਨੇ ਮੈਨੇਜਮੈਂਟ ਗੇਮਜ ਨਾਲ ਵਰਕਸ਼ਾਪ ਵਿੱਚ ਸਿੱਖੇ ਸਕਿੱਲਜ਼ ਨੂੰ ਅਪਣਾਉਣ ਦੇ ਨੁਕਤੇ ਵੀ ਸਮਝਾਏ।ਲਗਭਗ 100 ਵਿਦਿਆਰਥੀਆਂ ਨੇ ਬੜੇ ਉਤਸਾਹ ਨਾਲ ਵਧ-ਚੜ੍ਹ ਕੇ ਇਸ ਵਰਕਸ਼ਾਪ ਵਿੱਚ ਹਿੱਸਾ ਲਿਆ ਅਤੇ ਪ੍ਰੇਰਿਤ ਹੋਏ।

ਰੈਵਨਿਊ ਡੈਫਿਸਿਟ ਗ੍ਰਾਂਟ ਬੰਦ ਹੋਣ ਨਾਲ ਪੰਜਾਬ ਨੂੰ ਹਰ ਸਾਲ 4,800 ਕਰੋੜ ਦਾ ਨੁਕਸਾਨ : ਮੋਹਿਤ ਮਹਿੰਦਰਾ

ਪਟਿਆਲਾ (ਰਾਜਿੰਦਰ ਸਿੰਘ ਬਿੰਦ)-ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਮੋਹਿਤ ਮੋਹਿੰਦਰਾ ਨੇ ਵੀਰਵਾਰ ਨੂੰ ਯੂਨੀਅਨ ਬਜਟ 2026 ਵਿੱਚ ਪੰਜਾਬ ਨੂੰ ਪੂਰੀ ਤਰ੍ਹਾਂ ਅਣਡਿੱਠਾ ਕਰਨ ਦੀ ਸਖ਼ਤ ਨਿੰਦਾ ਕਰਦਿਆਂ ਕਿਹਾ ਕਿ ਇਹ ਉਸ ਰਾਜ ਪ੍ਰਤੀ ਕੇਂਦਰ ਸਰਕਾਰ ਦੀ ਸ਼ਰਮਨਾਕ ਬੇਰੁਖ਼ੀ ਹੈ ਜੋ ਦੇਸ਼ ਨੂੰ ਅਨਾਜ ਖਵਾਉਂਦਾ ਹੈ ਅਤੇ ਸਰਹੱਦਾਂ ਦੀ ਰੱਖਿਆ ਕਰਦਾ ਹੈ।ਮੋਹਿੰਦਰਾ ਨੇ ਕਿਹਾ ਕਿ ਇਹ ਬਹੁਤ ਹੀ ਦੁੱਖਦਾਇਕ ਹੈ ਕਿ ਭਾਰਤ ਦਾ 'ਫੂਡ ਬਾਊਲ' ਕਿਹਾ ਜਾਣ ਵਾਲਾ ਪੰਜਾਬ ਨਾ ਤਾਂ ਬਜਟ ਵਿੱਚ ਕਿਤੇ ਜ਼ਿਕਰ ਯੋਗ ਹੈ, ਨਾ ਕੋਈ

7-FEB-2026-Page-11-Majha.qxd 2/6/2026 10:58 PM Page 1

ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਬਿਜਲੀ ਦਫਤਰ ਕੰਪਲੈਕਸ ਵਿਖੇ ਸਰਕਲ ਪੱਧਰੀ ਇਕੱਤਰਤਾ

ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਫਤਿਹਗੜ੍ਹ ਚੂੜੀਆਂ ਦੇ ਬਿਜਲੀ ਦਫਤਰ ਕੰਪਲੈਕਸ ਵਿਖੇ ਸਰਕਲ ਪੱਧਰੀ ਇਕੱਤਰਤਾ ਕੀਤੀ ਗਈ।ਪੀਐੱਸ ਪੀ ਸੀ ਐੱਲ ਪੈਨਸ਼ਨਰ ਐਸੋਸੀਏਸ਼ਨ ਰਜਿਸਟਰ ਸਬ ਅਰਬਨ ਸਰਕਲ ਅੰਮ੍ਰਿਤਸਰ ਦੀ ਹੰਗਾਮੀ ਮੀਟਿੰਗ ਸਰਕਲ ਪ੍ਰਧਾਨ ਕਰਮ ਸਿੰਘ ਰਾਜਾ ਸਾਂਸੀ ਦੀ ਪ੍ਰਧਾਨਗੀ ਹੇਠ ਬਿਜਲੀ ਕੰਪਲੈਕਸ ਫਤਿਹਗੜ੍ਹ ਚੂੜੀਆਂ ਵਿਖੇ ਕੀਤੀ ਗਈ ਜਿਸ 'ਚ ਪੈਨਸ਼ਨਰਾਂ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਭੱਖਦੇ ਮਸਲੇ, ਮੁੱਦਿਆਂ 'ਤੇ ਵਿਚਾਰ ਚਰਚਾ ਕਰਨ ਤੋਂ ਪਹਿਲਾਂ ਵਿਛੜੀਆਂ ਰੂਹਾਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ।ਉਪਰੰਤ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਦੇਸ਼ ਦੀ ਟ੍ਰੇਡ ਯੂਨੀਅਨ ਵੱਲੋਂ 12 ਫਰਵਰੀ ਨੂੰ ਦੇਸ਼ ਵਿਆਪੀ ਹੜਤਾਲ ਕੀਤੀ ਜਾ ਰਹੀ ਹੈ, ਪੈਨਸ਼ਨਰਜ਼ ਐਸੋਸੀਏਸ਼ਨ (ਰਜਿਸਟਰ 56) ਵੱਲੋਂ ਹੜਤਾਲ ਦੀ ਭਰਵੀਂ ਹਮਾਇਤ ਕੀਤੀ ਜਾਵੇਗੀ ।ਇਸ ਮੌਕੇ ਵੱਖ-ਵੱਖ ਬੁਲਾਰੇ ਆਗੂਆਂ ਵੱਲੋਂ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਦੋਹਾਂ ਸਰਕਾਰਾਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਆਗੂਆਂ ਨੇ ਦੱਸਿਆ ਕਿ ਬੀਤੀ ਦਿਨ ਕੇਂਦਰ ਸਰਕਾਰ ਵੱਲੋਂ ਜੋ ਬਜਟ ਪੇਸ਼ ਕੀਤਾ ਗਿਆ, ਉਹ ਨਿਰਾਸ਼ਾ ਜਨਕ ਰਿਹਾ। ਮੁਲਾਜ਼ਮਾਂ, ਮਜ਼ਦੂਰਾਂ, ਪੈਨਸ਼ਨਰਾਂ, ਕਿਸਾਨਾਂ, ਵਿਦਿਆਰਥੀਆਂ, ਛੋਟੇ ਦੁਕਾਨਦਾਰਾਂ, ਛੋਟੇ ਵਪਾਰੀਆਂ ਅਤੇ ਆਮ ਲੋਕਾਂ ਲਈ ਬਜਟ 'ਚ ਕੁਝ ਵੀ ਨਹੀਂ ਰੱਖਿਆ ਗਿਆ ।16

ਫਰਵਰੀ ਨੂੰ ਸਟੇਟ ਪੱਧਰੀ ਦੇ ਸੱਦੇ 'ਤੇ ਸਬ ਅਰਬਨ ਸਰਕਲ ਅੰਮ੍ਰਿਤਸਰ ਵੱਲੋਂ ਭੱਖਦੇ ਮੰਗਾਂ ਮਸਲਿਆਂ ਨੂੰ ਲੈ ਕੇ ਇਹ ਕਨਵੈਨਸ਼ਨ ਕੀਤੀ ਜਾਵੇਗੀ। ਸਰਕਲ ਸਕੱਤਰ ਸਵਿੰਦਰ ਪਾਲ ਮੋਲੋਵਾਲੀ ਦੇ ਪਰਿਵਾਰਿਕ ਮੈਂਬਰਾਂ ਨਾਲ 31 ਅਕਤੂਬਰ 2025 ਨੂੰ ਫਤਿਹਗੜ੍ਹ ਚੂੜੀਆਂ ਮਜੀਠਾ ਰੋਡ ਵਿਖੇ ਉਸਦੇ ਛੋਟੇ ਬੇਟੇ ਨੂੰ ਜਿੰਮ ਤੇ ਸ਼ਰਾਰਤੀ ਅਨਸਰਾਂ ਵੱਲੋਂ ਗੋਲੀ ਚਲਾ ਕੇ ਜ਼ਖਮੀ ਕਰ ਦਿੱਤਾ ਗਿਆ ਸੀ। ਇਸ ਸਾਰੇ ਮਾਮਲੇ ਦੀ ਵੀ ਜਥੇਬੰਦੀ ਨੇ ਨਿਖੇਧੀ ਕੀਤੀ।ਆਗੂਆਂ ਨੇ ਕਿਹਾ ਕਿ ਇਸ ਮਸਲੇ ਸਬੰਧੀ ਸਮੇਂ ਸਮੇਂ ਪੁਲਸ ਪ੍ਰਸ਼ਾਸਨ, ਸਿਵਿਲ ਪ੍ਰਸ਼ਾਸਨ ਨੂੰ ਮਿਲ ਕੇ ਇਨਸਾਫ ਲਈ ਗੁਹਾਰ ਲਗਾਈ ਗਈ ਪਰ ਅਣਦੇਖੀ ਕੀਤੀ ਗਈ।ਜਥੇਬੰਦੀ ਨੂੰ ਮਜਬੂਰ ਹੋ ਕੇ ਪ੍ਰੈਟੈਸਟ ਕਰਨਾ ਪਿਆ।ਜਥੇਬੰਦੀ ਦੇ ਆਗੂਆਂ ਕਿਹਾ ਕਿ ਤਿੱਖਾ ਸੰਘਰਸ਼ ਕੀਤਾ ਜਾਵੇਗਾ ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਪੁਲਸ ਫਤਿਹਗੜ੍ਹ ਚੂੜੀਆਂ ਤੇ ਸਿਵਲ ਪ੍ਰਸ਼ਾਸਨ ਦੀ ਹੋਵੇਗੀ ।ਉਨ੍ਹਾਂ ਅੱਗੇ ਕਿਹਾ ਕਿ ਪੁਰਾਣੀ ਪੈਨਸ਼ਨ ਬਹਾਲ ਨਹੀਂ ਕੀਤੀ ਜਾ ਰਹੀ, ਕੱਚੇ ਮੁਲਾਜ਼ਮ ਪੱਕੇ ਨਹੀਂ ਕੀਤੇ ਜਾ ਰਹੇ।ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਕਿਰਤੀ, ਮਿਹਨਤਕਸ਼ ਲੋਕਾਂ ਦੇ ਹੱਕਾਂ 'ਤੇ ਹਮਲੇ ਜਾਰੀ ਹਨ ।ਇਨ੍ਹਾਂ ਸਾਰੇ ਲੋਕ ਵਿਰੋਧੀ ਮਸਲਿਆਂ ਦਾ ਟਾਕਰਾ ਕਰਨ ਲਈ ਸਾਰੇ ਵਰਗਾਂ ਨੂੰ ਇੱਕਜੁੱਟ ਹੋਣ ਦਾ ਸੱਦਾ ਦਿੱਤਾ ਗਿਆ ।ਆਗੂਆਂ ਨੇ ਕਿਹਾ ਕਿ ਇਹ ਸੰਘਰਸ਼ ਉਨੀ ਦੇਰ ਤੱਕ ਜਾਰੀ ਰਹੇਗਾ ਜਦੋਂ ਤੱਕ ਮੰਗਾਂ, ਮਸਲਿਆਂ ਦਾ ਹੱਲ ਨਹੀਂ ਹੋ ਜਾਂਦਾ ।ਇਸ ਮੌਕੇ ਸੁਵਿੰਦਰ ਪਾਲ ਸਿੰਘ ਮੋਲੋਵਾਲ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਜ਼ਿਲ੍ਹਾ ਸੈਕਟਰੀ ਕੁਲਵਿੰਦਰ ਸਿੰਘ ਅਠਵਾਲ, ਹਰਦੇਵ ਸਿੰਘ ਘਨਈਆ, ਪ੍ਰਧਾਨ ਗੁਰਮੀਤ ਸਿੰਘ ਮੱਤੇ ਨੰਗਲ, ਰਾਮ ਲਭਾਇਆ, ਜੋਗਿੰਦਰ ਸਿੰਘ ਸੋਹੀ, ਕੁਲਵੰਤ ਸਿੰਘ, ਨੱਥਾ ਸਿੰਘ, ਨਰੇਸ਼ ਕੁਮਾਰ, ਮਹਿੰਦਰ ਸਿੰਘ ਖਹਿਰਾ, ਨਿਰਮਲ ਸਿੰਘ ਸੰਗਤਪੁਰਾ, ਬਲਵਿੰਦਰ ਸਿੰਘ ਨਾਗ ਕਲਾਂ, ਅਨੂਪ, ਸਿੰਘ, ਮੇਜਰ ਸਿੰਘ ਤੇ ਗੁਰਚਰਨ ਸਿੰਘ ਵੱਲੋਂ ਸੰਬੋਧਨ ਕੀਤਾ ਗਿਆ।

ਭੱਠੀਆਂ ਦੇ ਸ਼ਮਸ਼ਾਨਘਾਟ ਤੋਂ ਪੁਲਸ ਨੂੰ ਲਾਸ਼ ਮਿਲੀ

ਕਾਦੀਆ (ਯਾਦਵਿੰਦਰ ਸਿੰਘ ਮਲਹੋਤਰਾ)-ਥਾਣਾ ਕਾਹਨੂੰਵਾਨ ਦੀ ਪੁਲਸ ਨੂੰ ਪਿੰਡ ਭੱਠੀਆਂ ਦੇ ਸ਼ਮਸ਼ਾਨਘਾਟ ਤੋਂ ਸਵੇਰੇ ਇੱਕ ਵਿਅਕਤੀ ਦੀ ਲਾਸ਼ ਮਿਲੀ ਹੈ। ਥਾਣਾ ਕਾਹਨੂੰਵਾਨ ਦੇ ਮੁਖੀ ਸਬ ਇੰਸਪੈਕਟਰ ਗੁਰਨਾਮ ਸਿੰਘ ਨੇ ਦੱਸਿਆ ਕਿ ਪਿੰਡ ਭੱਠੀਆਂ ਦੇ ਲੋਕਾਂ ਨੂੰ ਇੱਕ ਲਾਸ਼ ਮਿਲੀ ਸੀ। ਇਸ ਬਾਰੇ ਪਿੰਡ ਦੇ ਲੋਕਾਂ ਨੇ ਪਿੰਡ ਦੇ ਸਰਪੰਚ ਲਖਵਿੰਦਰਜੀਤ ਸਿੰਘ ਨੂੰ ਜਾਣਕਾਰੀ ਦਿੱਤੀ ਜਿਸ ਤੋਂ ਬਾਅਦ ਸਰਪੰਚ ਵੱਲੋਂ ਥਾਣੇ ਟੈਲੀਫੋਨ ਕਰਕੇ ਜਾਣਕਾਰੀ ਦਿੱਤੀ ਗਈ। ਪੁਲਸ ਨੇ ਮੌਕੇ 'ਤੇ ਪੁੱਜ ਕੇ ਲਾਸ਼ ਨੂੰ ਆਪਣੇ ਕਬਜ਼ੇ ਵਿੱਚ ਲੈ ਕੇ ਇਸ ਦੀ ਪਹਿਚਾਣ ਕਰਨ ਦੀ ਕੋਸ਼ਿਸ਼ ਕੀਤੀ ਜਿਸ ਦੀ ਪਹਿਚਾਣ ਕਾਹਨੂੰਵਾਨ ਵਾਸੀ ਤਰਸੇਮ ਮਸੀਹ ਉਰਫ ਗੋਲੀ ਪੁੱਤਰ ਅਜ਼ੀਜ਼ ਮਸੀਹ ਵਜੋਂ ਹੋਈ ਹੈ। ਕਾਹਨੂੰਵਾਨ ਵਾਸੀਆਂ ਨੇ ਦੱਸਿਆ ਕਿ ਇਹ ਵਿਅਕਤੀ ਅਣਵਿਆਹਿਆ ਸੀ। ਸ਼ਰਾਬ ਪੀਣ ਦਾ ਆਦੀ ਸੀ, ਅਕਸਰ ਹੀ ਇਲਾਕੇ ਅੰਦਰ ਘੁੰਮਦਾ ਰਹਿੰਦਾ ਸੀ। ਇਸ ਦੀ ਮੌਤ ਠੰਡ ਲੱਗਣ ਕਾਰਨ ਹੋਈ ਜਾਪਦੀ ਹੈ।

ਭੱਠਾ ਮਜ਼ਦੂਰ ਯੂਨੀਅਨ (ਏਕਟੂ) ਵੱਲੋਂ ਜ਼ਿਲ੍ਹਾ ਪੱਧਰੀ ਅਜਲਾਸ

* ਮਜ਼ਦੂਰਾਂ ਨੂੰ 12 ਫਰਵਰੀ ਦੀ ਹੜਤਾਲ 'ਚ ਸ਼ਾਮਿਲ ਹੋਣ ਦਾ ਦਿੱਤਾ ਸੱਦਾ

ਬਟਾਲਾ (ਤਰਲੋਕ ਬੱਗਾ)-ਫੈਜ਼ਪੁਰਾ ਰੋਡ ਲਿਬਰੇਸ਼ਨ ਦਫਤਰ ਵਿਖੇ ਭੱਠਾ ਮਜ਼ਦੂਰ ਯੂਨੀਅਨ (ਏਕਟੂ) ਦਾ ਜ਼ਿਲ੍ਹਾ ਅਜਲਾਸ ਹੀਰਾ ਧਰਮ ਕੋਟ, ਸੋਬੀ ਲੇਹਲ, ਸਾਹਬੀ ਗੁਰਦਾਸਨੰਗਲ ਦੀ ਪ੍ਰਧਾਨਗੀ ਹੇਠ ਕੀਤਾ ਗਿਆ।ਇਸ ਸਮੇਂ ਬੋਲਦਿਆਂ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰੇਮ ਮਸੀਹ ਸੋਨਾ, ਫੂਲ ਚੰਦ, ਗੁਲਜ਼ਾਰ ਸਿੰਘ ਭੁੰਬਲੀ ਅਤੇ ਸੀਪੀਆਈ ਐੱਮਐੱਲ ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰਾ ਨੇ ਅਜਲਾਸ ਵਿੱਚ ਸ਼ਾਮਿਲ ਹੋਏ ਡੈਲੀਗੇਟਾਂ ਨੂੰ 12 ਫਰਵਰੀ ਦੀ ਭਾਰਤ ਪੱਧਰ ਦੀ ਹੋ ਰਹੀ ਹੜਤਾਲ ਨੂੰ ਸਫਲ ਬਣਾਉਣ ਲਈ ਵੱਡੇ ਪੱਧਰ ਤੇ ਤਿਆਰੀ ਕਰਨ ਦਾ ਸੱਦਾ ਦਿਤਾ, ਜਿਸ ਹੜਤਾਲ ਵਿੱਚ ਮੋਦੀ ਸਰਕਾਰ ਵੱਲੋਂ 44 ਕਿਰਤ ਕਾਨੂੰਨਾਂ ਨੂੰ ਚਾਰ ਕੋਡਾਂ ਵਿੱਚ ਬਦਲਣ ਦਾ ਵਿਰੋਧ ਕੀਤਾ ਜਾਵੇਗਾ। ਇਹ ਵੀ ਵਿਰੋਧ ਕੀਤਾ ਜਾਵੇਗਾ ਕਿ 150 ਸਾਲ ਪਹਿਲਾਂ ਦੁਨੀਆ ਭਰ ਦੇ ਮਜ਼ਦੂਰਾਂ ਨੇ ਜੋ ਅੱਠ ਘੰਟੇ ਦੀ ਦਿਹਾੜੀ ਨਿਸ਼ਚਿਤ ਕਰਾਈ ਸੀ ਉਸ ਨੂੰ ਮੋਦੀ ਸਰਕਾਰ ਨੇ 12 ਘੰਟੇ ਦੀ ਦਿਹਾੜੀ ਵਿੱਚ ਬਦਲ ਦਿੱਤਾ ਹੈ। ਮੋਦੀ ਸਰਕਾਰ ਵੱਲੋਂ ਮਨਰੇਗਾ ਦੀ ਥਾਂ 'ਜੀ ਰਾਮ ਜੀ' ਨਾਂਅ ਦੇ ਕਾਨੂੰਨ ਨੂੰ ਲਿਆਉਣਾ ਅਸਲ ਵਿੱਚ ਮਨਰੇਗਾ ਨੂੰ ਬੰਦ ਕਰਨ ਦੀ ਨੀਅਤ ਹੈ ਕਿਉਂਕਿ ਕੋਈ ਵੀ ਰਾਜ

ਸਰਕਾਰ ਜੀ ਰਾਮ ਜੀ ਦੇ ਮੁਤਾਬਿਕ ਆਪਣਾ 40 ਫੀਸਦੀ ਹਿੱਸਾ ਮਨਰੇਗਾ ਵਿੱਚ ਨਹੀਂ ਦੇ ਸਕੇਗੀ, ਜੇਕਰ ਪੰਜਾਬ ਸਰਕਾਰ ਦੀ ਗੱਲ ਕੀਤੀ ਜਾਵੇ ਤਾਂ ਉਹ ਪਹਿਲਾਂ ਹੀ 4 ਲੱਖ ਕਰੋੜ ਰੁਪਏ ਦੀ ਕਰਜ਼ਾਈ ਹੈ ਅਤੇ ਉਹ ਕਿਸੇ ਵੀ ਹਾਲਤ ਵਿੱਚ ਮਜ਼ਦੂਰਾਂ ਦੇ ਮਨਰੇਗਾ ਜੁਗਾੜ ਨੂੰ ਜਾਰੀ ਨਹੀਂ ਰੱਖ ਸਕੇਗੀ।ਅੱਜ ਦੇ ਅਜਲਾਸ ਵਿੱਚ ਮੋਦੀ ਸਰਕਾਰ ਵੱਲੋਂ ਯੂਰਪੀ ਯੂਨੀਅਨ ਅਤੇ ਖਾਸ ਕਰ ਅਮਰੀਕਾ ਨਾਲ ਕੀਤੇ ਵਪਾਰਿਕ ਸਮਝੌਤਿਆਂ ਨੂੰ ਗੁਲਾਮੀ ਵਾਲੇ ਸਮਝੌਤੇ ਦੱਸਦਿਆਂ ਹੈਰਾਨੀ ਪ੍ਰਗਟ ਕੀਤੀ ਗਈ ਕਿ ਭਾਰਤ ਦੀਆਂ ਵਸਤਾਂ ਉਪਰ ਅਮਰੀਕਾ 18% ਕਰ ਲਗਾਏਗਾ ਜਦੋਂ ਕਿ ਅਮਰੀਕਾ ਦੀਆਂ ਭਾਰਤ ਵਿੱਚ ਆਉਣ ਵਾਲੀਆਂ ਵਸਤੂਆਂ ਉਪਰ 0% ਕਰ ਹੋਵੇਗਾ ਜਿਸ ਦਾ ਨਤੀਜਾ ਹੈ ਕਿ ਪੰਜਾਬ ਅਤੇ ਦੇਸ਼ ਦਾ ਕਿਸਾਨ ਮਜ਼ਦੂਰ ਆਪਣੇ ਕਿੱਤੇ ਤੋਂ ਉਜਾੜ ਦਿੱਤਾ ਜਾਵੇਗਾ ਅਤੇ ਭਾਰਤ ਅਮਰੀਕੀ ਤੇ ਯੂਰਪੀ ਦੇਸ਼ਾਂ ਦੀਆਂ ਵਸਤਾਂ ਦੀ ਮੰਡੀ ਬਣ ਜਾਵੇਗਾ।ਅਜਲਾਸ ਵਿੱਚ ਅਮਰੀਕਾ ਭਾਰਤ ਵਪਾਰ ਸਮਝੌਤਾ ਰਦ ਕਰਨ ਦੀ ਮੰਗ ਕੀਤੀ ਗਈ।ਇਸ ਸਮੇ ਜੋਗਿੰਦਰ ਪਾਲ ਲੇਹਲ, ਹਰਜਿੰਦਰ ਪਿੰਟਾ, ਸੁਖਦੇਵ ਬਿਟਾ, ਬਸ਼ੀਰ ਗਿੱਲ, ਰਾਜੂ ਬਟਾਲਾ, ਬਚਨ ਬੋਪਾਰਾਏ ਅਤੇ ਬੰਟੀ ਰੋੜਾ ਪਿੰਡੀ ਸ਼ਾਮਲ ਸਨ।ਇਸ ਸਮੇਂ 13 ਮੈਂਬਰੀ ਜ਼ਿਲਾ ਕਮੇਟੀ ਦੀ ਚੋਣ ਵੀ ਕੀਤੀ ਗਈ ਜਿਸ ਦਾ ਪ੍ਰਧਾਨ ਪ੍ਰੇਮ ਮਸੀਹ ਸੋਨਾ, ਸਕੱਤਰ ਫੂਲ ਚੰਦ ਅਤੇ ਪ੍ਰਚਾਰ ਸਕੱਤਰ ਸੁਖਦੇਵ ਬਿੱਟਾ ਨੂੰ ਚੁਣਿਆ ਗਿਆ।

ਟ੍ਰੇਡ ਯੂਨੀਅਨਾਂ ਦੀ ਹੜਤਾਲ ਸਬੰਧੀ ਰੈਲੀ ਤੇ ਮਾਰਚ ਨੂੰ ਸਮਰਥਨ

ਪਠਾਨਕੋਟ (ਦਵਿੰਦਰ ਸਿੰਘ)-ਸੰਯੁਕਤ ਕਿਸਾਨ ਮੋਰਚੇ ਵੱਲੋਂ ਟ੍ਰੇਡ ਯੂਨੀਅਨਾਂ ਦੀ ਹੜਤਾਲ ਦੇ ਸਮਰਥਨ ਦਾ ਐਲਾਨ ਕਰਦਿਆਂ ਆਗੂਆਂ ਨੇ ਕਿਹਾ ਕਿ ਟ੍ਰੇਡ ਯੂਨੀਅਨਾਂ ਦੀਆ ਮੰਗਾਂ ਬਿਲਕੁਲ ਜਾਇਜ਼ ਅਤੇ ਹੱਕੀ ਹਨ।ਇਹ ਮੰਗਾਂ ਆਮ ਲੋਕਾਂ ਮਜ਼ਦੂਰਾਂ ਤੇ ਕਿਸਾਨਾਂ ਦੀਆਂ ਮੰਗਾਂ ਹਨ।ਟ੍ਰੇਡ ਯੂਨੀਅਨਾਂ ਦੀ ਹੋ ਰਹੀ ਰੈਲੀ ਅਤੇ ਮਾਰਚ ਵਿੱਚ ਵਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ।ਇਹ ਐਲਾਨ ਉਨ੍ਹਾਂ ਨੇ ਸੰਯੁਕਤ ਕਿਸਾਨ ਮੋਰਚਾ ਪਠਾਨਕੋਟ ਦੀ ਪ੍ਰਬੰਧਕੀ ਕੰਪਲੈਕਸ ਸਾਹਮਣੇ ਗਰਾਊਂਡ ਵਿੱਚ ਹੋਈ ਮੀਟਿੰਗ ਵਿੱਚ ਕੀਤਾ ਜਿਸ ਵਿਚ ਜਮਹੂਰੀ ਕਿਸਾਨ ਸਭਾ ਵੱਲੋਂ ਬਲਵੰਤ ਸਿੰਘ, ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕੇਵਲ ਕਾਲੀਆ, ਪਰਸ਼ੋਤਮ ਕੁਮਾਰ, ਕਿਰਤੀ ਕਿਸਾਨ ਯੂਨੀਅਨ ਵੱਲੋਂ ਗੁਰਮੀਤ ਸਿੰਘ, ਰਾਮ ਲਾਲ, ਕੁੱਲ ਹਿੰਦ ਕਿਸਾਨ ਸਭਾ ਅਜੇ ਭਵਨ ਵੱਲੋਂ ਇਕਬਾਲ ਸਿੰਘ, ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਵੱਲੋਂ ਆਈ ਐੱਸ ਗੁਲਾਟੀ ਹਾਜ਼ਰ ਸਨ।ਟ੍ਰੇਡ ਯੂਨੀਅਨਾਂ ਵੱਲੋਂ ਕਾ ਸ਼ਿਵ ਕੁਮਾਰ, ਕਾ. ਬਿਕਰਮਜੀਤ, ਸੁਰਿੰਦਰ ਸਹਿਗਲ, ਮੁਖਤਿਆਰ ਸਿੰਘ, ਵਿਜੇ ਕੁਮਾਰ ਹਾਜ਼ਰ ਹੋਏ।ਬੁਲਾਰਿਆਂ ਨੇ ਕਿਹਾ ਕਿ ਟ੍ਰੇਡ ਯੂਨੀਅਨਾਂ ਦੀ ਮੰਗ ਕਿ ਚਾਰ ਕੋਡ ਬਣਾਉਣ ਦੇ ਕਾਨੂੰਨ ਨੂੰ ਕੇਂਦਰ ਸਰਕਾਰ ਰੱਦ ਕਰੇ ਕਿਉਂਕਿ ਇਹ ਕੋਡ ਯੂਨੀਅਨ ਬਣਾਉਣ ਵਿਚ ਰੁਕਾਵਟ ਹਨ।ਆਪਣੀਆ ਮੰਗਾਂ ਦੇ ਹੱਕ ਵਿੱਚ ਹੜਤਾਲ ਕਰਨ ਨੂੰ ਰੋਕਦੇ ਹਨ।ਇਸ ਅਨੁਸਾਰ ਕੰਮ ਦੇ ਘੰਟੇ 8 ਤੋਂ 12 ਘੰਟੇ ਕਰ ਦਿੱਤੇ ਗਏ ਹਨ।ਇਸ ਨਾਲ ਕੰਮ ਦੀਆਂ

ਹਾਲਤਾਂ ਤਰਸਯੋਗ ਬਣਾ ਦਿੱਤੀਆਂ ਗਈਆਂ ਹਨ।ਉਨ੍ਹਾਂ ਮੰਗ ਕੀਤੀ ਕਿ ਪਬਲਿਕ ਸੈਕਟਰ ਦਾ ਨਿੱਜੀਕਰਨ ਬੰਦ ਕੀਤਾ ਜਾਵੇ।ਘੱਟੋ ਘੱਟ ਉਜਰਤ 26000 ਯਕੀਨੀ ਬਣਾਈ ਜਾਵੇ।ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ।ਠੇਕੇ 'ਤੇ ਰੱਖੇ ਮੁਲਾਜ਼ਮਾਂ ਨੂੰ ਪੱਕਿਆਂ ਕੀਤਾ ਜਾਵੇ।ਬਿਜਲੀ ਸੋਧ ਬਿੱਲ 2005 ਰੱਦ ਕੀਤਾ ਜਾਵੇ।ਇਹ ਬਿੱਲ ਬਿਜਲੀ ਵੰਡ ਦਾ ਕੰਮ ਕਾਰਪੋਰੇਟ ਘਰਾਣਿਆਂ ਦੇ ਹੱਥ ਵਿੱਚ ਜਾਵੇਗਾ, ਜਿਸ ਨਾਲ ਲੋਕਾਂ ਦੀਆਂ ਸਹੂਲਤਾਂ ਅਤੇ ਸਬਸਿਡੀਆਂ ਖਤਮ ਹੋ ਜਾਣਗੀਆਂ।ਬੀਜ ਬਿੱਲ 2025 ਕਿਸਾਨਾਂ ਤੋਂ ਬੀਜ ਦੀ ਮਾਲਕੀ ਖੋਹ ਲਵੇਗਾ।ਇਹ ਬਿੱਲ ਕਿਸਾਨ ਵਿਰੋਧੀ ਹੈ। ਉਨ੍ਹਾਂ ਮੰਗ ਕੀਤੀ ਕਿ ਬੀਜ ਬਿੱਲ ਰੱਦ ਕੀਤਾ ਜਾਵੇ।ਮਨਰੇਗਾ ਦਾ ਨਾਂ ਬਦਲ ਕੇ ਨਵਾਂ ਲਿਆਦਾ ਕਾਨੂੰਨ ਮਜ਼ਦੂਰਾਂ ਦੇ ਕੰਮ ਦੀ ਗਰੰਟੀ ਖੋਹ ਲਵੇਗਾ ਅਤੇ ਸਾਰੇ ਦੇਸ਼ ਵਿਚ ਲਾਗੂ ਹੋਣ ਦੀ ਥਾਂ ਤੇ ਸਿਰਫ ਐਲਾਨ ਕੀਤੇ ਇਲਾਕੇ ਵਿਚ ਹੀ ਮਿਲੇਗਾ।ਉਨ੍ਹਾਂ ਨੇ ਮੰਗ ਕੀਤੀ ਕਿ ਇਹ ਮਜ਼ਦੂਰ ਤੇ ਕਿਸਾਨ ਅਤੇ ਲੋਕ ਵਿਰੋਧੀ ਬਿੱਲ ਤਰੁੰਤ ਰੱਦ ਕੀਤੇ ਜਾਣ।

ਯਾਦਗਾਰੀ ਹੋ ਨਿੱਬੜਿਆ 'ਪਰਵਾਜ਼' ਦਾ ਲੋਕ ਅਰਪਣ ਸਮਾਗਮ

ਤਰਨ ਤਾਰਨ (ਪ੍ਰਿਤਪਾਲ ਸਿੰਘ)- ਬੀਤੇ ਦਿਨੀਂ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਕੈਰੋਂ ਦੇ ਮਿਹਨਤੀ, ਵਿਦਵਾਨ ਅਤੇ ਸਿੱਖਿਅ ਸ਼ਾਸਤਰੀ ਹਸਤੀ ਪ੍ਰਿੰਸੀਪਲ ਮੰਗਤ ਸਿੰਘ ਵੱਲੋਂ ਸਰਹੱਦੀ ਜ਼ਿਲ੍ਹੇ ਤਰਨ ਤਾਰਨ ਦੇ ਅਧਿਆਪਕਾਂ ਦੀਆਂ ਨਵੀਨਤਮ, ਮੌਲਿਕ ਅਤੇ ਨਿਰਮਾਣਕਾਰੀ ਕੁਸ਼ਲਤਾਵਾਂ ਨੂੰ ਉਭਾਰਨ ਅਤੇ ਨਿਖਾਰਨ ਦੇ ਮਨੋਰਥ ਨਾਲ ਜ਼ਿਲ੍ਹਾ ਤਰਨ ਤਾਰਨ ਦੇ ਅਧਿਆਪਕਾਂ ਦੀਆਂ ਚੋਣਵੀਆਂ ਰਚਨਾਵਾਂ ਨੂੰ ਸੰਕਲਿਤ ਕਰਕੇ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਕੈਰੋਂ ਦੇ ਪਹਿਲ ਸਾਹਿਤਿਕ ਅਤੇ ਵਿੱਦਿਅਕ ਰਸਾਲੇ 'ਪਰਵਾਜ਼' ਦੇ ਪਹਿਲਾ ਅੰਕ ਪ੍ਰਕਾਸ਼ਿਤ ਕੀਤਾ। ਇਸ ਰਸਾਲੇ ਦੀ ਘੁੰਡ ਚੁਕਾਈ ਦੇ ਸਮਾਗਮ ਦਾ ਸ਼ੁਭ ਕਾਰਜ ਉਨ੍ਹਾਂ ਨੇ ਰਸਾਲੇ ਵਿੱਚ ਸ਼ਾਮਲ ਸਾਹਿਤਕਾਰ ਅਧਿਆਪਕਾਂ ਹੱਥੋਂ ਹੀ ਕਰਵਾ ਕੇ ਇੱਕ ਨਿਵੇਕਲਾ ਕਾਰਜ ਕੀਤਾ। ਇਸ ਲੋਕ ਅਰਪਣ ਸਮਾਗਮ ਮੌਕੇ ਅਧਿਆਪਕਾਂ ਦੀ ਭਰਵੀਂ ਸ਼ਿਰਕਤ ਅਤੇ ਉਤਸ਼ਾਹ ਡਾਇਟ ਪ੍ਰਿੰਸੀਪਲ ਦੇ ਮਨੋਰਥ ਨੂੰ ਸਾਕਾਰ ਕਰਦੀ ਨਜ਼ਰ ਆਈ। ਇਸ ਮੌਕੇ ਆਪਣੇ ਕੁੰਜੀਵਤ ਭਾਸ਼ਣ ਵਿੱਚ ਬੋਲਦਿਆਂ ਮੰਗਤ ਸਿੰਘ ਨੇ ਕਿਹਾ ਕਿ ਉਹ ਆਪਣੇ ਸਕੂਲ ਪ੍ਰਿੰਸੀਪਲ ਦੇ ਕਾਰਜਕਾਲ ਤੋਂ ਹੀ ਸੰਸਥਾਵਾਂ ਦੇ ਰਸਾਲਿਆਂ ਦੀ ਪ੍ਰਕਾਸ਼ਨਾ ਲਈ ਯਤਨਸ਼ੀਲ ਰਹੇ ਹਨ, ਜਿਸ ਸਦਕਾ ਉਨ੍ਹਾਂ ਦੇ ਕਰਮਚਾਰੀਆਂ ਨੂੰ ਆਪਣੀ ਮੌਲਿਕਤਾ ਪ੍ਰਗਟਾਉਣ ਅਤੇ ਸੰਵਾਰਨ ਦਾ ਮੌਕਾ ਮਿਲਦਾ ਰਿਹਾ ਹੈ। ਇਸੇ ਮਨਸ਼ੇ ਤਹਿਤ ਉਨ੍ਹਾਂ ਹੁਣ ਪੂਰੇ ਤਰਨ ਤਾਰਨ ਜ਼ਿਲ੍ਹੇ ਦੇ ਅਧਿਆਪਕਾਂ ਦੀ

7 Feb Page 12.qxd 2/6/2026 11:00 PM Page 1

ਕਿਸਾਨਾਂ 'ਤੇ ਲਾਠੀਚਾਰਜ ਤੇ ਆਗੂਆਂ ਨੂੰ ਗ੍ਰਿਫ਼ਤਾਰ ਕਰਨ ਦੀ ਨਿੰਦਾ

ਸ਼ਾਹਕੋਟ (ਗਿਆਨ ਸੈਦਪੁਰੀ)- ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਨੇ ਜੇਲ੍ਹ ਬੰਦ ਕੀਤੇ ਆਗੂਆਂ ਦੀ ਰਿਹਾਈ ਲਈ ਬੀ ਕੇ ਯੂ ਏਕਤਾ ਉਗਰਾਹਾਂ ਦੇ ਬਠਿੰਡਾ ਪ੍ਰਦਰਸ਼ਨ ਨੂੰ ਤਾਰਪੀਡੋ ਕਰਨ ਲਈ ਪੰਜਾਬ ਪੁਲਸ ਵੱਲੋਂ ਗੈਰ ਕਾਨੂੰਨਨ ਢੰਗ ਨਾਲ ਉਗਰਾਹਾਂ ਜਥੇਬੰਦੀ ਦੇ ਆਗੂਆਂ, ਕਾਰਕੁਨਾਂ ਦੇ ਘਰਾਂ ਵਿੱਚ ਛਾਪੇਮਾਰੀ ਕਰਕੇ 4 ਦਰਜਨ ਤੋਂ ਵੱਧ ਨੂੰ ਗ੍ਰਿਫਤਾਰ ਕਰਨ ਤੇ ਅਨੇਕਾਂ ਨੂੰ ਘਰਾਂ ਵਿੱਚ ਨਜ਼ਰਬੰਦ ਕਰਨ ਤੇ ਬਰਨਾਲਾ, ਸੰਗਰੂਰ ਆਦਿ ਵਿਖੇ ਲਾਠੀਚਾਰਜ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ, ਸੂਬਾ ਪ੍ਰੈਸ ਸਕੱਤਰ ਕਸ਼ਮੀਰ ਸਿੰਘ ਘੁੱਗਸ਼ੋਰ ਤੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਬਿੱਕਰ ਸਿੰਘ ਹਥੋਆ ਤੇ ਧਰਮਵੀਰ ਹਰੀਗੜ੍ਹ ਨੇ ਜਾਰੀ ਪ੍ਰੈਸ ਬਿਆਨ ਰਾਹੀਂ ਦੱਸਿਆ ਕਿ ਬਠਿੰਡਾ ਦੇ ਜਿਉਦ ਪਿੰਡ ਵਿੱਚ ਜਮੀਨ ਬਚਾਉਣ ਲਈ ਕਿਰਤੀ ਲੋਕ ਸੰਘਰਸ਼ ਕਰ ਰਹੇ ਹਨ। ਜਿਸ ਨੂੰ ਦਬਾਉਣ ਲਈ ਪੰਜਾਬ ਪੁਲਿਸ ਵਲੋਂ ਦੋ ਆਗੂਆਂ ਨੂੰ ਪਿਛਲੇ ਲੰਬੇ ਸਮੇਂ ਤੋਂ ਜੇਲ੍ਹ ਡੱਕਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਬਠਿੰਡਾ ਜੇਲ੍ਹ ਵਿੱਚ ਬੰਦ ਕੀਤੇ ਕਿਸਾਨ ਆਗੂ ਸ਼ਗਨਦੀਪ ਸਿੰਘ ਸ਼ਗਨੀ ਅਤੇ ਬਲਦੇਵ ਸਿੰਘ ਚੌਕੇ ਦੀ ਰਿਹਾਈ ਲਈ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਬਠਿੰਡਾ ਵਿਖੇ ਪੰਜਾਬ ਪੱਧਰੀ ਪੱਕਾ ਮੋਰਚਾ 6 ਫਰਵਰੀ ਤੋਂ ਸ਼ੁਰੂ ਕੀਤਾ ਜਾ ਰਿਹਾ ਸੀ।ਇਸ ਮੋਰਚੇ ਨੂੰ ਤਾਰਪੀਡੋ ਕਰਨ ਲਈ ਪੁਲਸ ਵਲੋਂ ਪੰਜਾਬ ਭਰ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂਆਂ ਦੇ ਘਰ ਵਿਚ ਛਾਪੇਮਾਰੀ ਕਰਕੇ ਚਾਰ ਦਰਜਨ ਤੋਂ ਵੱਧ ਨੂੰ ਗ੍ਰਿਫ਼ਤਾਰ ਕੀਤਾ ਗਿਆ ਅਤੇ ਕੀਤੀ ਗਈ ਅਤੇ ਕਈ ਕਿਸਾਨ ਆਗੂਆਂ ਨੂੰ ਘਰਾਂ ਵਿੱਚ ਨਜ਼ਰਬੰਦ ਕੀਤਾ ਗਿਆ ਹੈ। ਬਰਨਾਲਾ ਤੇ ਸੰਗਰੂਰ ਆਦਿ ਵਿਖੇ ਅੱਗੇ ਵੱਧ ਰਹੇ ਮਰਦ ਔਰਤ ਕਿਸਾਨਾਂ ਉੱਪਰ ਲਾਠੀਚਾਰਜ ਕੀਤਾ ਗਿਆ। ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਤੇ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਵੱਲੋਂ ਕਿਸਾਨ ਆਗੂਆਂ ਤੇ ਛਾਪੇਮਾਰੀ ਬੰਦ ਕਰਨ,ਹਿਰਾਸਤ ਵਿੱਚ ਲਏ ਆਗੂਆਂ, ਕਾਰਕੁਨਾਂ ਨੂੰ ਤੁਰੰਤ ਰਿਹਾਅ ਕਰਨ, ਨਜ਼ਰਬੰਦੀ ਖ਼ਤਮ ਕਰਨ ਅਤੇ ਬਠਿੰਡਾ ਜੇਲ ਵਿੱਚ ਬੰਦ ਆਗੂਆਂ ਨੂੰ ਫੌਰੀ ਰਿਹਾ ਕਰਨ ਮੰਗ ਕੀਤੀ ਗਈ।

ਸ੍ਰੀ ਹਨੁਮਤ ਇੰਸਟੀਚਿਊਟ ਆਫ ਮੈਨੇਜਮੈਂਟ ਦਾ ਕਨਵੋਕੇਸ਼ਨ ਸਮਾਰੋਹ

ਗੁਰਾਇਆ (ਬਿੰਦਰ ਸੁਮਨ)- ਪ੍ਰਸਿੱਧ ਅਕਾਦਮਿਕ ਪ੍ਰੋਫੈਸਰ (ਡਾ.) ਸੁਸ਼ੀਲ ਮਿੱਤਲ, ਆਈ ਕੇ ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਕਪੂਰਥਲਾ ਦੇ ਵਾਈਸ ਚਾਂਸਲਰ ਤੇ ਚੇਅਰਮੈਨ ਸ੍ਰੀ ਹਨੁੰਮਤ-ਆਈ ਐੱਮ ਟੀ ਗਰੀਸ਼ ਗੁਪਤਾ ਨੇ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਮੂਲੀਅਤ ਕੀਤੀ। ਡਾ. ਪਲਵਿੰਦਰ ਕੁਮਾਰ ਨੇ ਮੀਡੀਆ ਨੂੰ ਦੱਸਿਆ ਕਿ ਸ੍ਰੀ ਹਨੁੰਮਤ ਇੰਸਟੀਟਿਊਟ ਆਫ ਮੈਨੇਜਮੈਂਟ ਐਂਡ ਟੈਕਨੋਲੋਜੀ, ਗੋਰਾਇਆ ਨੇ ਆਪਣਾ ਪਹਿਲਾ ਕਨਵੋਕੇਸ਼ਨ ਸਮਾਰੋਹ ਆਯੋਜਿਤ ਕੀਤਾ ਜਿਸ ਵਿੱਚ 274 ਗ੍ਰੈਜੂਏਟ ਹੋਏ। ਇਹ ਸਮਾਰੋਹ 6 ਫਰਵਰੀ ਨੂੰ ਸੈਮੀਨਾਰ ਹਾਲ ਵਿੱਚ ਆਯੋਜਿਤ ਕੀਤਾ ਗਿਆ ਸੀ। ਅੰਡਰਗ੍ਰੈਜੁਏਟ, ਬੀ ਬੀ ਏ, ਬੀ ਸੀ ਏ, ਬੀ ਸੀ ਓ ਐੱਮ, ਬੀ ਐੱਮ ਐੱਲ ਐੱਸ, ਬੀ ਐੱਚ ਐੱਮ, ਬੀ ਟੀ ਐੱਮ ਤੇ ਬੀ ਐੱਸ ਸੀ ਸੀ ਦੇ ਵਿਦਿਆਰਥੀ ਤੇ ਫੈਸ਼ਨ ਡਿਜ਼ਾਈਨਿੰਗ ਪ੍ਰੋਗਰਾਮਾਂ ਨੂੰ ਵਿਚਾਰ-ਪ੍ਰੇਰਕ ਭਾਸ਼ਣਾਂ ਤੇ ਵਿਲੱਖਣ ਮਾਨਤਾ ਦੁਆਰਾ ਚਿੰਨ੍ਹਿਤ ਇੱਕ ਸਮਾਰੋਹ ਵਿੱਚ ਡਿਗਰੀਆਂ ਪ੍ਰਦਾਨ ਕੀਤੀਆਂ ਗਈਆਂ। ਡਾ. ਮਿੱਤਲ ਨੇ ਕਿਹਾ ਕਿ ਤਕਨੀਕੀ ਅਤੇ ਪ੍ਰਬੰਧਨ ਸਿੱਖਿਆ ਅੱਜ ਦੇ ਮੁਕਾਬਲੇ ਦੇ ਯੁੱਗ ਵਿੱਚ ਨੌਜਵਾਨਾਂ ਨੂੰ ਆਤਮਨਿਰਭਰ,

ਨਵੀਨਤਾਕਾਰੀ ਅਤੇ ਨੌਕਰੀ-ਮੁਖੀ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਕਾਲਜ ਪ੍ਰਬੰਧਕ ਕਮੇਟੀ ਦੇ ਚੇਅਰਮੈਨ ਗ੍ਰੀਸ਼ ਗੁਪਤਾ ਨੇ ਗ੍ਰੈਜੂਏਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਕਨਵੋਕੇਸ਼ਨ ਵਿਦਿਆਰਥੀਆਂ ਦੇ ਅਕਾਦਮਿਕ ਜੀਵਨ ਵਿੱਚ ਇੱਕ ਯਾਦਗਾਰੀ ਅਤੇ ਮਾਣ ਵਾਲੀ ਮੀਲ ਪੱਥਰ ਹੈ, ਜੋ ਉਨ੍ਹਾਂ ਦੀਆਂ ਮਿੱਠੀਆਂ ਯਾਦਾਂ ਵਿੱਚ ਜੀਵਨ ਭਰ ਕਾਇਮ ਰਹੇਗੀ। ਇਸ ਮੌਕੇ ਬੋਰਡ ਆਫ਼ ਮੈਨੇਜਮੈਂਟ ਦੇ ਚੇਅਰਮੈਨ ਗਰੀਸ਼ ਗੁਪਤਾ, ਪ੍ਰਧਾਨ ਨਰੇਸ਼ ਗੁਪਤਾ ਅਤੇ ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਸਿੰਘ ਕੰਗ ਬੋਰਡ ਆਫ਼ ਮੈਨੇਜਮੈਂਟ ਨੇ ਹਿੱਸਾ ਲਿਆ।ਐੱਸ ਐੱਚ ਆਈ ਐੱਮ ਟੀ ਦੇ ਪ੍ਰਧਾਨ ਨਰੇਸ਼ ਗੁਪਤਾ ਨੇ ਸਵਾਗਤੀ ਭਾਸ਼ਣ ਦਿੱਤਾ ਜਿਸ ਨੇ ਸੁਰ ਤੈਅ ਕੀਤਾ ਤੇ ਇੱਕ ਨਿੱਘਾ ਮਾਹੌਲ ਬਣਾਇਆ। ਸ੍ਰੀ ਹਨੁੰਮਤ-ਆਈ ਐੱਮ ਟੀ ਦੇ ਕਨਵੋਕੇਸ਼ਨ ਸਮਾਰੋਹ ਵਿੱਚ ਵਿਭਾਗ ਦੇ ਮੁਖੀ ਤੇ ਸਹਾਇਕ ਪ੍ਰੋਫੈਸਰ ਦੀਪਕ ਠਾਕੁਰ (ਹੈੱਡ ਹੋਟਲ ਮੈਨੇਜਮੈਂਟ), ਟੀਮ ਹਰਸ਼ ਧਰ, ਤਰੁਣ ਸ਼ਰਮਾ, ਪੁਲਕਿਤ ਗੌਤਮ, ਜਯੋਤੀ ਸ਼ਰਮਾ (ਹੈੱਡ, ਵਣਜ ਵਿਭਾਗ), ਵਰਸ਼ਾ, ਸਿਮਰਨਜੀਤ, ਪ੍ਰਿਆ ਅਤੇ ਪ੍ਰਿਆ ਧੀਰ, ਕਾਸ਼ੀਸ਼ ਮਿਗਲਾਨੀ (ਹੈੱਡ ਆਫ਼ ਡਿਪਾਰਟਮੈਂਟ ਮੈਨੇਜਮੈਂਟ), ਟੀਮ ਅਨੁਦੀਪ ਕੌਰ, ਅੰਜਲੀ, ਸੋਮੀਆ, ਰੋਹਨ, ਡਾ. ਪੁਸ਼ਪਾ ਸ਼ਰਮਾ (ਹੈੱਡ ਬੀ. ਸੀ. ਏ.), ਟੀਮ ਅਕਸ਼ਿਤ ਅਹਿਰ, ਜਗਦੀਪ, ਹੈੱਪੀ ਤੇ ਹਰਸ਼ਾ ਕਸ਼ਯਪ, ਟੀਮ ਡਾ. ਨਰਿੰਦਰਜੀਤ ਕੌਰ ਤੇ ਅਰਸ਼ੀਆ ਸ਼ਾਮਲ ਸਨ।

ਕਮਿਊਨਿਸਟ ਆਗੂ ਬੀਬੀ ਨਿਰਮਲ ਕੌਸ਼ਲ ਨਮਿੱਤ ਸ਼ਰਧਾਂਜਲੀ ਸਮਾਗਮ ਅੱਜ

ਜਲੰਧਰ (ਰਾਜੇਸ਼ ਥਾਪਾ)- ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਦੇ ਸੀਨੀਅਰ ਆਗੂ ਕਾਮਰੇਡ ਕੇ ਐਲ ਕੌਸ਼ਲ ਦੇ ਜੀਵਨ ਸਾਥੀ ਅਤੇ 'ਪੰਜਾਬ ਇਸਤਰੀ ਸਭਾ' ਦੀ ਸੂਬਾ ਕੌਸਲ ਮੈਂਬਰ ਬੀਬੀ ਨਿਰਮਲ ਕੌਸ਼ਲ ਦੇ ਅਕਾਲ ਚਲਾਣੇ 'ਤੇ ਵੱਖ-ਵੱਖ ਰਾਜਨੀਤਿਕ ਤੇ ਸਮਾਜਿਕ ਜਥੇਬੰਦੀਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ। ਬੀਬੀ ਨਿਰਮਲ ਕੌਰ ਦਾ ਜਨਮ 24 ਜਨਵਰੀ 1951 ਨੂੰ ਮਾਤਾ ਪੂਰਨ ਦੇਵੀ ਤੇ ਪਿਤਾ ਗਿਆਨ ਸਿੰਘ ਸੋਢੀ ਦੇ ਗ੍ਰਹਿ ਵਿਖੇ ਬਟਾਲਾ ਸ਼ਹਿਰ ਵਿਖੇ ਹੋਇਆ। ਉਨ੍ਹਾਂ ਨੇ ਆਪਣੀ ਮੁਢਲੀ ਸਿੱਖਿਆ ਪਿੰਡ ਦੇ ਸਕੂਲ ਤੋਂ ਪ੍ਰਾਪਤ ਕੀਤੀ। 9 ਮਾਰਚ 1972 ਨੂੰ ਉਨ੍ਹਾਂ ਦਾ ਵਿਆਹ ਕਾਮਰੇਡ ਕੇ ਐਲ ਕੌਸ਼ਲ ਨਾਲ ਹੋਇਆ, ਜੋ ਉਸ ਸਮੇਂ ਬਿਜਲੀ ਵਿਭਾਗ ਵਿੱਚ ਨੌਕਰੀ ਕਰਦੇ ਸਨ। ਬੀਬੀ ਨਿਰਮਲ ਕੌਸ਼ਲ ਨੇ ਘਰੇਲੂ ਜ਼ਿੰਮੇਵਾਰੀਆਂ ਨਿਭਾਉਣ ਦੇ ਨਾਲ-ਨਾਲ ਸਮਾਜਿਕ ਸਰਗਰਮੀਆਂ ਵਿੱਚ ਹਮੇਸ਼ਾ ਵੱਧ-ਚੜ੍ਹ ਕੇ ਹਿੱਸਾ ਲਿਆ। ਸਾਲ 1985-86 ਵਿੱਚ ਜਦੋਂ ਉਨ੍ਹਾਂ ਦੇ ਪਤੀ ਨੌਕਰੀ ਛੱਡ ਕੇ ਸੀ ਪੀ ਆਈ ਦੇ ਕੁੱਲਵਕਤੀ ਮੈਂਬਰ ਬਣੇ, ਤਾਂ ਬੀਬੀ ਜੀ ਨੇ ਪਰਵਾਰ ਨੂੰ ਆਰਥਿਕ ਅਤੇ ਮਾਨਸਿਕ ਤੌਰ 'ਤੇ ਮਜ਼ਬੂਤ ਸਹਾਰਾ ਦਿੱਤਾ। 1990 ਵਿੱਚ ਉਹ ਖੁਦ 'ਪੰਜਾਬ ਇਸਤਰੀ ਸਭਾ' ਨਾਲ ਜੁੜੇ ਤੇ ਲੰਮਾ ਸਮਾਂ ਪਿੰਡਾਂ ਤੇ ਸ਼ਹਿਰਾਂ ਵਿੱਚ ਔਰਤਾਂ ਨੂੰ ਉਨ੍ਹਾਂ ਦੇ ਹੱਕਾਂ

ਪ੍ਰਤੀ ਜਾਗਰੂਕ ਕਰਨ ਲਈ ਇਕਾਈਆਂ ਸਥਾਪਿਤ ਕੀਤੀਆਂ। ਉਨ੍ਹਾਂ ਨੇ ਮਹਿਲਾਵਾਂ ਦੇ ਆਰਥਿਕ ਅਤੇ ਸਮਾਜਿਕ ਮਸਲਿਆਂ, ਦਾਜ-ਦਹੇਜ ਦੀ ਲਾਹਣਤ ਅਤੇ ਘਰੇਲੂ ਹਿੰਸਾ ਵਿਰੁੱਧ ਜ਼ੋਰਦਾਰ ਆਵਾਜ਼ ਬੁਲੰਦ ਕੀਤੀ। ਉਹ ਪੰਜਾਬ ਇਸਤਰੀ ਸਭਾ ਦੀ ਸੂਬਾ ਕੌਸਲ ਦੇ ਮੈਂਬਰ ਰਹਿਣ ਤੋਂ ਇਲਾਵਾ ਸੀ ਪੀ ਆਈ ਦੀ ਜ਼ਿਲ੍ਹਾ ਕੌਂਸਲ ਦੇ ਵੀ ਮੈਂਬਰ ਰਹੇ। ਉਨ੍ਹਾਂ ਨੇ ਕਾਮਰੇਡ ਵਿਮਲਾ ਡਾਂਗ, ਸ਼ੀਲਾ ਦੀਦੀ, ਮਹਿੰਦਰ ਸਾਂਬਰ, ਸੁਸ਼ੀਲਾ ਚੈਨ, ਕੁਲਵੰਤ ਕੌਰ, ਸੰਤੋਸ਼ ਬਰਾੜ ਵਰਗੀਆਂ ਵਿੱਗਜ ਸ਼ਖ਼ਸੀਅਤਾਂ ਨਾਲ ਮਿਲ ਕੇ ਕੰਮ ਕੀਤਾ।ਬੀਬੀ ਨਿਰਮਲ ਕੌਸ਼ਲ ਆਪਣੇ ਪਿੱਛੇ ਦੀਪਕ ਕੁਮਾਰ ਪੁੱਤਰ, ਨੂੰਹ ਕੋਮਲ ਤੇ ਪਤੀ ਕੇ ਐਲ ਕੌਸ਼ਲ ਛੱਡ ਗਏ ਹਨ। ਉਨ੍ਹਾਂ ਦੀ ਅੰਤਿਮ ਅਰਦਾਸ ਅਤੇ ਰਸਮ ਕਿਰਿਆ/ਸ਼ਰਧਾਂਜਲੀ ਸਮਾਗਮ 7 ਫਰਵਰੀ ਨੂੰ ਦੁਪਹਿਰ 1 ਵਜੇ ਤੋਂ 2 ਵਜੇ ਤੱਕ ਸ਼ਨੀ ਮੰਦਿਰ ਬੈਕ ਸਾਈਡ ਸ਼ਾਲਾਮਾਰ ਬਾਗ਼ ਕਪੂਰਥਲਾ ਵਿਖੇ ਹੋਵੇਗਾ।

ਗੁਰਮਤਿ ਸਮਾਗਮ ਕਰਵਾਏ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)- ਪਿੰਡ ਠੱਕਰਵਾਲ ਵਿਖੇ ਗੁਰਦੁਆਰਾ ਸ੍ਰੀ ਸਿੰਘ ਸਭਾ ਸਾਹਿਬ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੇ ਸਹਿਯੋਗ ਨਾਲ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਸਿੰਘ ਸਭਾ ਸਾਹਿਬ ਜੀ ਦੇ 25ਵੇਂ ਸਥਪਨਾ ਦਿਵਸ ਮੌਕੇ ਮਹਾਨ ਗੁਰਮਤਿ ਸਮਾਗਮ ਕਰਵਾਏ ਗਏ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਪ੍ਰਧਾਨ ਜਥੇਦਾਰ ਰਘਵੀਰ ਸਿੰਘ ਠੱਕਰਵਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਥਾਪਨਾ ਦਿਵਸ ਮੌਕੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਵਿੱਚ ਸੰਤ ਬਾਬਾ ਸਰਵਣ ਸਿੰਘ ਜੱਬੜ, ਭਾਈ ਸਰਬਜੀਤ ਸਿੰਘ ਪਾਰਸ ਮੁੱਖ ਗ੍ਰੰਥੀ ਠੱਕਰਵਾਲ ਆਦਿ ਨੇ ਗੁਰਬਾਣੀ ਗੁਰਇਤਿਹਾਸ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਪ੍ਰਬੰਧਕਾਂ ਵੱਲੋਂ ਆਏ ਹੋਏ ਸੰਤ ਮਹਾਂਪੁਰਸ਼, ਰਾਗੀ ਜੱਥੇ, ਪ੍ਰਮੁੱਖ ਸ਼ਖ਼ਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਮਾਗਮ ਦੌਰਾਨ ਕਮੇਟੀ ਪ੍ਰਧਾਨ ਜਥੇਦਾਰ ਰਘਵੀਰ ਸਿੰਘ ਠੱਕਰਵਾਲ, ਭਾਈ ਸਰਬਜੀਤ ਸਿੰਘ ਪਾਰਸ ਮੁੱਖ ਗ੍ਰੰਥੀ,ਮਾਸਟਰ ਸਰਬਜੀਤ ਸਿੰਘ ਮੰਝ, ਕੈਪਟਨ ਗਿਆਨ ਸਿੰਘ ਠੱਕਰਵਾਲ, ਡਾਕਟਰ ਪਰਮਜੀਤ ਸਿੰਘ, ਹਰਵਿੰਦਰ ਸਿੰਘ, ਲੰਬੜਦਾਰ ਜਸਵਿੰਦਰ ਸਿੰਘ ਸਰਪੰਚ ਠੱਕਰਵਾਲ,ਚਰਨ ਸਿੰਘ ਮੰਝ, ਖੜਕ ਸਿੰਘ ਮੰਝ,ਗਿਆਨ ਸਿੰਘ ਲਾਲਾ, ਬੱਬੀ ਹਲਵਾਈ ਥੱਪਲਾ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਮਾਗਮ ਦੌਰਾਨ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

ਬਸਪਾ ਪੰਜਾਬ ਪ੍ਰਧਾਨ ਕਰੀਮਪੁਰੀ ਨੇ ਕੀਤੀਆਂ ਅਹਿਮ ਨਿਯੁਕਤੀਆਂ

ਅੱਡਾ ਸਰਾਂ (ਜਸਵੀਰ ਕਾਜਲ)- ਬਹੁਜਨ ਸਮਾਜ ਪਾਰਟੀ ਦੀ ਇਕ ਵਿਸ਼ੇਸ਼ ਮੀਟਿੰਗ ਟਾਂਡਾ ਵਿਚ ਹਲਕਾ ਇੰਚਾਰਜ ਜਸਵਿੰਦਰ ਸਿੰਘ ਦੁੱਗਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ

ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ ਬਸਪਾ ਦੇ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਵਰਕਰਾਂ ਨੂੰ ਲਾਮਬੱਧ ਕੀਤਾ। ਇਸ ਮੌਕੇ ਪੰਜਾਬ ਦੇ ਇੰਚਾਰਜ ਚੌਧਰੀ ਗੁਰਨਾਮ ਸਿੰਘ ਤੇ ਜ਼ਿਲ੍ਹਾ ਪ੍ਰਧਾਨ ਦਲਜੀਤ ਰਾਏ ਵੀ ਮੌਜੂਦ ਰਹੇ। ਪੰਜਾਬ ਪ੍ਰਧਾਨ ਕਰੀਮਪੁਰੀ ਵੱਲੋਂ ਪਾਰਟੀ ਦੇ ਸੰਗਠਨ ਨੂੰ ਮਜਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿਸ ਵਿਚ ਸੁਰਜੀਤ ਲਾਲ ਪਾਲ ਨੂੰ ਹਲਕਾ ਇੰਚਾਰਜ ਵਿਧਾਨ ਸਭਾ ਹਲਕਾ ਉੜਮੁੜ, ਸੰਤੋਖ ਸਿੰਘ ਨਰਿਆਲ ਨੂੰ ਜ਼ਿਲ੍ਹਾ ਸੈਕਟਰੀ, ਜਗਤਾਰ ਸਿੰਘ ਦਾਰਾ ਨੂੰ ਸ਼ਹਿਰੀ ਪ੍ਰਧਾਨ, ਚਮਨ ਲਾਲ ਸੀਕਰੀ ਨੂੰ ਵਾਈਸ ਪ੍ਰਧਾਨ, ਸੁਖਵਿੰਦਰ ਕੌਰ ਜੌੜਾ ਨੂੰ ਮਹਿਲਾ ਵਿੰਗ ਪ੍ਰਧਾਨ ਟਾਂਡਾ ਉੜਮੜ, ਦੀਸ਼ਾਂਤ ਸੈਣੀ ਨੂੰ ਓ ਬੀ ਸੀ ਵਿੰਗ ਦਾ ਪ੍ਰਧਾਨ, ਕੁਲਵੰਤ ਸਿੰਘ ਸੀਕਰੀ ਨੂੰ ਸੈਕਟਰੀ ਨਿਯੁਕਤ ਕੀਤਾ। ਉਨ੍ਹਾਂ ਵਰਕਰਾਂ ਨੂੰ ਬਸਪਾ ਦੀ ਸੋਚ ਦਾ ਵੱਧ ਤੋਂ ਵੱਧ ਪ੍ਰਸਾਰ ਕਰਨ ਦੀ ਪ੍ਰੇਰਨਾ ਦਿੱਤੀ। ਇਸ ਸਮੇਂ ਹਲਕਾ ਪ੍ਰਧਾਨ ਡਾ. ਜਸਪਾਲ ਸਿੰਘ, ਵਾਈਸ ਪ੍ਰਧਾਨ ਸਰੂਪ ਲਾਲ, ਗੁਰਲਾਲ ਸਿੰਘ, ਸਰਬਜੀਤ ਪਹਿਲਵਾਨ, ਜ਼ਿਲ੍ਹਾ ਸੈਕਟਰੀ ਮਨਜੀਤ ਸਿੰਘ ਸਹੋਤਾ, ਲਖਵੀਰ ਸਿੰਘ ਕੰਧਾਲਾ ਜੱਟਾਂ, ਸ਼ਿੰਗਾਰਾ ਸਿੰਘ ਹੇਜਮਾ, ਬਲਰਾਜ ਸਿੰਘ ਸੈਣੀ, ਅਭਿਸ਼ੇਕ, ਹਰਮੇਸ਼ ਲਾਲ ਮੇਸ਼ੀ, ਨਰਾਇਣ ਸਿੰਘ ਖੁਣਖੁਣ, ਲਖਬੀਰ ਸਿੰਘ ਆਦਿ ਮੌਜੂਦ ਸਨ।

ਅੰਗਹੀਣਾਂ ਨੂੰ ਬਨਾਵਟੀ ਅੰਗ ਲਗਾਉਣ ਦਾ ਰਜਿਸਟਰੇਸ਼ਨ ਕੈਂਪ 22 ਨੂੰ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਸਮਾਜ ਸੇਵੀ ਸੰਸਥਾ ਰੋਟਰੀ ਕਲੱਬ ਆਫ਼ ਫਗਵਾੜਾ ਜੈਮਜ਼ ਵੱਲੋਂ ਕਲੱਬ ਪ੍ਰਧਾਨ ਰੋਟੇਰੀਅਨ ਸੀ.ਏ. ਰਾਕੇਸ਼ ਚਾਵਲਾ ਦੀ ਅਗਵਾਈ ਅਤੇ ਪ੍ਰੋਜੈਕਟ ਡਾਇਰੈਕਟਰ ਪਵਨ ਕੁਮਾਰ ਕਾਲੜਾ ਤੇ ਨਿਖਿਲ ਗੁਪਤਾ ਦੀ ਦੇਖਰੇਖ ਹੇਠ ਮੈਡੀਕਲ ਚੈੱਕਅਪ ਅਤੇ ਅੰਗਹੀਣਾਂ ਨੂੰ ਬਨਾਵਟੀ ਅੰਗ ਲਗਾਉਣ ਲਈ ਰਜਿਸਟਰੇਸ਼ਨ ਕੈਂਪ 22 ਫਰਵਰੀ ਦਿਨ ਐਤਵਾਰ ਨੂੰ ਸ੍ਰੀ ਗੀਤਾ ਭਵਨ ਮੰਦਿਰ ਮਾਡਲ ਟਾਊਨ ਫਗਵਾੜਾ ਵਿਖੇ ਲਗਾਇਆ ਜਾ ਰਿਹਾ ਹੈ। ਵਧੇਰੇ ਜਾਣਕਾਰੀ ਦਿੰਦਿਆਂ ਕਲੱਬ ਸਕੱਤਰ ਰਾਕੇਸ਼ ਸੂਦ ਨੇ ਦੱਸਿਆ ਕਿ ਮੈਸ਼ ਪ੍ਰੋਲਾਈਫ ਹਸਪਤਾਲ ਦੇ ਸਹਿਯੋਗ ਨਾਲ ਲਗਾਇਆ ਜਾ ਰਿਹਾ ਇਹ ਕੈਂਪ ਸਵੇਰੇ 9.30 ਵਜੇ ਤੋਂ ਦੁਪਹਿਰ 2 ਵਜੇ ਤੱਕ ਜਾਰੀ ਰਹੇਗਾ।